ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7l

awazeqaumtvpunjab@gmail.com

ਬੁੱਧਵਾਰ, 10 ਜੂਨ 2026 (ਨਾਨਕਸ਼ਾਹੀ ਸੰਮਤ : ੫੫੮, ੨੭ ਜੇਠ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਪਟਿਆਲਾ ’ਚ ਧਰਨੇ-ਰੈਲੀਆਂ ਕਰਨ ’ਤੇ ਲੱਗੀ ਪਾਬੰਦੀ, ਪ੍ਰਸ਼ਾਸਨ ਨੇ ਧਾਰਾ 163 ਕੀਤੀ ਲਾਗੂ

**ਪਟਿਆਲਾ, 9 ਜੂਨ (ਆਵਾਜ਼ਿ ਕੌਮ ਬਿਊਰੋ)**-ਧਰਨੇ-ਰੈਲੀਆਂ ਵਿਚੋਂ ਨਿਕਲ ਕੇ ਪੰਜਾਬ ਦੀ ਸੱਤਾ ਵਿੱਚ ਆਈ ਆਮ ਆਦਮੀ ਪਾਰਟੀ ਦੀ ਅਗਵਾਈ ਹੇਠਲੀ ਮੁੱਖ ਮੰਤਰੀ ਭਗਵੰਤ ਮਾਨ ਦੀ ਪੰਜਾਬ ਸਰਕਾਰ ’ਚ ਪਟਿਆਲਾ ’ਚ ਧਾਰਾ 163 ਲਾਗੂ ਕਰ ਦਿੱਤੀ ਹੈ। ਪਟਿਆਲਾ ਜ਼ਿਲ੍ਹੇ ਦੀ ਹੱਦ ਅੰਦਰ ਹੁਣ ਧਰਨੇ-ਰੈਲੀਆਂ ’ਤੇ ਪਾਬੰਦੀ ਲਗਾ ਦਿੱਤੀ ਗਈ ਅਤੇ 5 ਜਾਂ ਇਸਤੋਂ ਵੱਧ ਵਿਅਕਤੀਆਂ ਦੇ ਇਕੱਠੇ ਹੋਣ ’ਤੇ ਮਨਾਹੀ ਹੈ। ਇਹ ਹੁਕਮ ਪਟਿਆਲਾ ਦੀ ਏਡੀਸੀ ਅਨੁਪ੍ਰਿਤਾ ਜੌਹਲ ਨੇ ਜਾਰੀ ਕੀਤੇ ਹਨ। ਜਾਰੀ ਹੁਕਮ ਅਨੁਸਾਰ, ਜ਼ਿਲ੍ਹੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਬਣਾਈ ਰੱਖਣ ਅਤੇ ਲੋਕਾਂ ਦੀ ਸੁਰੱਖਿਆ ਨੂੰ ਧਿਆਨ ਵਿੱਚ ਰੱਖਦੇ ਹੋਏ ਹਥਿਆਰਾਂ ਦੇ ਜਨਤਕ ਪ੍ਰਦਰਸ਼ਨ, ਸੋਸ਼ਲ ਮੀਡੀਆ ’ਤੇ ਹਥਿਆਰਾਂ ਨਾਲ ਤਸਵੀਰਾਂ/ਵੀਡੀਓਆਂ ਪੋਸਟ ਕਰਨ ਅਤੇ ਭੜਕਾਊ ਸਮੱਗਰੀ ਫੈਲਾਉਣ ’ਤੇ ਪਾਬੰਦੀ ਲਗਾਈ ਗਈ ਹੈ। ਇਹ ਹੁਕਮ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਤਹਿਤ ਜਾਰੀ ਕੀਤਾ ਗਿਆ ਹੈ। ਹੁਕਮਾਂ ਵਿੱਚ ਅੱਗੇ ਕਿਹਾ ਗਿਆ ਹੈ ਕਿ ਕੋਈ ਵੀ ਵਿਅਕਤੀ ਵਿਆਹ ਸਮਾਗਮਾਂ, ਜਲੂਸਾਂ ਜਾਂ ਹੋਰ ਜਨਤਕ ਥਾਵਾਂ ’ਤੇ ਹਥਿਆਰਾਂ ਦਾ ਪ੍ਰਦਰਸ਼ਨ ਨਹੀਂ ਕਰ ਸਕੇਗਾ। ਇਹ ਪਾਬੰਦੀਆਂ 1 ਜੂਨ 2026 ਤੋਂ 31 ਜੁਲਾਈ 2026 ਤੱਕ ਲਾਗੂ ਰਹਿਣਗੀਆਂ। ਪ੍ਰਸ਼ਾਸਨ ਨੇ ਕਿਹਾ ਹੈ ਕਿ ਹੁਕਮਾਂ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

## ਪੰਜਾਬ ’ਚ ਈ.ਡੀ. ਦੀ ਮੁੜ ਦਸਤਕ

# ਜਲੰਧਰ ਤੇ ਲੁਧਿਆਣਾ ’ਚ ਛਾਪੇਮਾਰੀ



**ਲੁਧਿਆਣਾ/ਜਲੰਧਰ, 9 ਜੂਨ (ਆਵਾਜ਼ਿ ਕੌਮ ਬਿਊਰੋ)**-ਇਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਨੇ ਮੰਗਲਵਾਰ ਸਵੇਰੇ ਵੱਡੀ ਕਾਰਵਾਈ ਕਰਦੇ ਹੋਏ ਜਲੰਧਰ ਦੇ ਨਿਊ ਜਵਾਹਰ ਨਗਰ ਸਥਿਤ ਚਾਰਟਰਡ ਅਕਾਊਂਟੈਂਟ (ਸੀਏ) ਅਮਿਤ ਬਜਾਜ ਦੇ ਘਰ ਛਾਪਾ ਮਾਰਿਆ। ਟੀਮ ਨੇ ਮੌਕੇ ’ਤੇ ਪਹੁੰਚ ਕੇ ਮਹੱਤਵਪੂਰਨ ਦਸਤਾਵੇਜ਼ਾਂ ਅਤੇ ਵਿੱਤੀ ਰਿਕਾਰਡ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਸੀ.ਏ. ਨੂੰ ਪੰਜਾਬ ਦੇ ਸੱਤਾਧਾਰੀ ਆਗੂਆਂ ਦੇ ਬਹੁਤ ਕਰੀਬੀ ਮੰਨਿਆ ਜਾਂਦਾ ਹੈ। ਸੂਤਰਾਂ ਅਨੁਸਾਰ, ਪੰਜਾਬ ਭਰ ਦੇ ਹੋਰ ਸ਼ਹਿਰਾਂ ਵਿੱਚ ਕਈ ਥਾਵਾਂ ’ਤੇ ਇੱਕੋ ਸਮੇਂ ਛਾਪੇਮਾਰੀ ਕੀਤੀ ਗਈ ਹੈ। ਹਾਲਾਂਕਿ ਈਡੀ ਨੇ ਅਜੇ ਤੱਕ ਕਿਸੇ ਵੀ ਵਿਅਕਤੀ ਜਾਂ ਸੰਸਥਾ ਦੇ ਨਾਮ ਜਨਤਕ ਤੌਰ ’ਤੇ ਨਹੀਂ ਦੱਸੇ ਹਨ, ਪਰ ਇਸ ਅਚਾਨਕ ਕਾਰਵਾਈ ਨੇ ਵਪਾਰਕ ਭਾਈਚਾਰੇ ਵਿੱਚ ਵਿਆਪਕ ਚਰਚਾ ਅਤੇ ਚਿੰਤਾ ਪੈਦਾ ਕਰ ਦਿੱਤੀ ਹੈ। ਇਹ ਵੀ ਸਾਹਮਣੇ ਆਇਆ ਹੈ ਕਿ ਜਾਂਚ ਏਜੰਸੀਆਂ ਨੇ ਜਲੰਧਰ ਵਿੱਚ ਦੋ ਸਿਆਸਤਦਾਨਾਂ ਦੇ ਘਰਾਂ ਦਾ ਵੀ ਦੌਰਾ ਕੀਤਾ ਹੈ। ਇਸ ਦੌਰਾਨ, ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਤੇ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਸੋਸ਼ਲ ਮੀਡੀਆ ’ਤੇ ਕੇਂਦਰ ਸਰਕਾਰ ਦੀ ਆਲੋਚਨਾ ਕਰਦਿਆਂ ਕਿਹਾ ਕਿ ਪੰਜਾਬ ਦੇ ਵਪਾਰੀਆਂ ਨੂੰ ਘਬਰਾਉਣ ਦੀ ਲੋੜ ਨਹੀਂ ਹੈ। ਉਨ੍ਹਾਂ ਨੇ ਉਨ੍ਹਾਂ ਨੂੰ ਭਰੋਸਾ ਦਿੱਤਾ ਕਿ ਪੰਜਾਬ ਸਰਕਾਰ ਅਤੇ ਪੂਰਾ ਸੂਬਾ ਉਨ੍ਹਾਂ ਦੇ ਨਾਲ ਖੜ੍ਹਾ ਹੈ। ਪੰਜਾਬ ਵਿੱਚ ਕੇਂਦਰੀ ਏਜੰਸੀਆਂ ਵੱਲੋਂ ਲਗਾਤਾਰ ਕੀਤੀ ਜਾ ਰਹੀ ਕਾਰਵਾਈ ਨੇ ਪਿਛਲੇ ਕੁਝ ਸਮੇਂ ਤੋਂ ਰਾਜਨੀਤਿਕ ਅਤੇ ਵਪਾਰਕ ਮਾਹੌਲ ਨੂੰ ਗਰਮਾ ਦਿੱਤਾ ਹੈ। ਹੁਣ ਸਾਰਿਆਂ ਦੀਆਂ ਨਜ਼ਰਾਂ ਇਸ ਗੱਲ ’ਤੇ ਹਨ ਕਿ ਜਲੰਧਰ ਅਤੇ ਹੋਰ ਥਾਵਾਂ ’ਤੇ ਤਾਜ਼ਾ ਛਾਪਿਆਂ ਤੋਂ ਜਾਂਚ ਏਜੰਸੀਆਂ ਕਿਹੜੇ ਮਹੱਤਵਪੂਰਨ ਸੁਰਾਗ ਲੱਭਦੀਆਂ ਹਨ।

## ਮੁੜ ਸਵਾਲਾਂ ਦੇ ਘੇਰੇ ’ਚ ਖਾਕੀ ! ਪੁਲਿਸ ’ਤੇ ਬਜ਼ੁਰਗ ਨੂੰ ਕੁੱਟ-ਕੁੱਟ ਕੇ ਮੌਤ ਦੇ ਘਾਟ ਉਤਾਰਨ ਦੇ ਇਲਜ਼ਾਮ



**ਅੰਮ੍ਰਿਤਸਰ, 9 ਜੂਨ (ਆਵਾਜ਼ਿ ਕੌਮ ਬਿਊਰੋ)**-ਹਮੇਸ਼ਾ ਆਪਣੇ ਕਾਰਨਾਮਿਆਂ ਕਰਕੇ ਚਰਚਾ ’ਚ ਰਹਿਣ ਵਾਲੀ ਪੰਜਾਬ ਪੁਲਿਸ ਇੱਕ ਵਾਰ ਮੁੜ ਸੁਰਖੀਆਂ ਵਿੱਚ ਹੈ। ਪੰਜਾਬ ਪੁਲਿਸ ’ਤੇ ਮਜੀਠਾ ਵਿੱਚ ਇੱਕ ਬਜ਼ੁਰਗ ਦੀ ਭਾਰੀ ਕੁੱਟਮਾਰ ਕਰਨ ਦੇ ਇਲਜ਼ਾਮ ਲੱਗੇ ਹਨ, ਜਿਸ ਕਾਰਨ ਬਜ਼ੁਰਗ ਦੀ ਮੌਤ ਹੋ ਗਈ ਹੈ। ਪੀੜਤ ਪਰਿਵਾਰ ਨੇ ਪੁਲਿਸ ’ਤੇ ਬਜ਼ੁਰਗ ਨੂੰ ਡਾਂਗਾਂ ਨਾਲ ਕੁੱਟਣ ਦੇ ਇਲਜ਼ਾਮ ਲਾਉਂਦਿਆਂ ਇਨਸਾਫ਼ ਦੀ ਮੰਗ ਕੀਤੀ ਹੈ। ਪਰਿਵਾਰ ਨੇ ਕਿਹਾ ਕਿ ਪੁਲਿਸ ਵੱਲੋਂ ਬਜ਼ੁਰਗ ਦੀ ਖਿੱਚ-ਧੂਹ ਕੀਤੀ ਗਈ ਅਤੇ ਕੁੱਟਮਾਰ ਕੀਤੀ ਗਈ, ਜਿਸ ਕਾਰਨ ਨਿਰਮਲ ਸਿੰਘ ਦੀ ਮੌਤ ਹੋ ਗਈ। ਰੋਸ ਵਜੋਂ ਪੀੜਤ ਪਰਿਵਾਰ ਨੇ ਪਿੰਡ ਵਾਸੀਆਂ ਨਾਲ ਰੋਸ ਪ੍ਰਦਰਸ਼ਨ ਕਰਦੇ ਹੋਏ ਧਰਨਾ ਲਾ ਕੇ ਇਨਸਾਫ਼ ਦੀ ਮੰਗ ਕੀਤੀ ਹੈ। ਪਰਿਵਾਰ ਵੱਲੋਂ ਟਾਹਲੀ ਸਾਹਿਬ ਬੱਸ ਅੱਡੇ ’ਤੇ ਮ੍ਰਿਤਕ ਦੇਹ ਰੱਖ ਪੁਲਿਸ ਖਿਲਾਫ ਪ੍ਰਦਰਸ਼ਨ ਕੀਤਾ ਗਿਆ। ਦੂਜੇ ਪਾਸੇ, ਪੁਲਿਸ ਪ੍ਰਸ਼ਾਸਨ ਵੱਲੋਂ ਨਿਰਮਲ ਸਿੰਘ ਦੀ ਮੌਤ ਦਾ ਕਾਰਨ ਦਿਲ ਦਾ ਦੌਰਾ ਦੱਸਿਆ ਜਾ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਪੋਸਟਮਾਸਟਮ ਦੀ ਰਿਪੋਰਟ ਆਉਣ ਤੋ ਬਾਅਦ ਪਤਾ ਲੱਗ ਜਾਵੇਗਾ ਕਿ ਮੌਤ ਕਿਸ ਕਾਰਨ ਹੋਈ ਹੈ।

### ਹੁਣ ਨਿਰਮਲ ਸਿੰਘ ਦੇ ਅਪਾਹਿਜ ਮੁੰਡੇ ਦੀ ਵੀ ਕੁੱਟਮਾਰ ਕੀਤੀ

ਇਸੇ ਦੌਰਾਨ ਪੁਲਿਸ ਵੱਲੋਂ ਧਰਨੇ ’ਤੇ ਬੈਠੇ ਨਿਰਮਲ ਸਿੰਘ ਦੇ ਅਪਾਹਿਜ ਮੁੰਡੇ ਸ਼ਮਸ਼ੇਰ ਸਿੰਘ ਦੀ ਵੀ ਕੁੱਟਮਾਰ ਕੀਤੇ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਦੱਸਿਆ ਜਾ ਰਿਹਾ ਹੈ ਕਿ ਪੁਲਿਸ ਧਰਨੇ ’ਤੇ ਬੈਠੇ ਸ਼ਮਸ਼ੇਰ ਸਿੰਘ ਨੂੰ ਪੁੱਛਗਿੱਛ ਲਈ ਥਾਣੇ ਲੈ ਕੇ ਗਈ ਸੀ।

## ਮਜੀਠੀਆ ਵੱਲੋਂ ਪਟੀਸ਼ਨ ਦਾਇਰ ਕਰਦਿਆ ਅਗਾਊਂ ਜ਼ਮਾਨਤ ਦੀ ਮੰਗ, ਅਦਾਲਤ ਵੱਲੋਂ ਰਿਕਾਰਡ ਜਮ੍ਹਾਂ ਕਰਵਾਉਣ ਦੇ ਹੁਕਮ

**ਅੰਮ੍ਰਿਤਸਰ, 9 ਜੂਨ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਦੇ ਸੀਨੀਅਰ ਆਗੂ ਬਿਕਰਮ ਸਿੰਘ ਮਜੀਠੀਆ ਨੂੰ ਲੈ ਕੇ ਅਹਿਮ ਖ਼ਬਰ ਸਾਹਮਣੇ ਆਈ ਹੈ। ਦਰਅਸਲ ਬਿਕਰਮ ਮਜੀਠੀਆ ਵਲੋਂ ਅੰਮ੍ਰਿਤਸਰ ਅਦਾਲਤ ਦਾ ਰੁਖ ਕੀਤਾ ਗਿਆ ਹੈ ਮਜੀਠੀਆ ਨੇ ਪਟੀਸ਼ਨ ਦਾਇਰ ਕਰਦਿਆ





ਅਗਾਊਂ ਜ਼ਮਾਨਤ ਦੀ ਮੰਗ ਕੀਤੀ ਹੈ। ਇਸ ਨੂੰ ਲੈ ਕੇ ਅਦਾਲਤ ਨੇ ਪੰਜਾਬ ਪੁਲਸ ਨੂੰ ਕੱਲ੍ਹ ਤੱਕ (10 ਜੂਨ) ਤੱਕ ਰਿਕਾਰਡ ਜਮ੍ਹਾਂ ਕਰਵਾਉਣ ਦੇ ਹੁਕਮ ਜਾਰੀ ਕੀਤੇ ਹਨ। ਮਜੀਠੀਆ ’ਤੇ ਮਜੀਠਾ ਥਾਣਾ ’ਚ ਹੋਏ ਹੰਗਾਮੇ ਨੂੰ ਲੈ ਕੇ ਵੱਖ ਵੱਖ ਧਾਰਾਵਾਂ ਦੇ ਤਹਿਤ ਪਰਚਾ ਦਰਜ ਕੀਤਾ ਗਿਆ ਸੀ, ਜਿਸ ਕਾਰਨ ਮਜੀਠੀਆ ’ਤੇ ਗ੍ਰਿਫ਼ਤਾਰੀ ਦੀ ਤਲਵਾਰ ਲਟਕ ਰਹੀ ਹੈ।

ਇਸ ਤੋਂ ਪਹਿਲਾਂ ਮਜੀਠੀਆ ਖਿਲਾਫ ਦਰਜ ਐੱਫ.ਆਈ.ਆਰ. ਦੀ ਕਾਪੀ ਵੀ ਸਾਹਮਣੇ ਆਈ ਸੀ। ਇਸ ਵਿਚ ਮਜੀਠੀਆ ਤੋਂ ਇਲਾਵਾ ਉਨ੍ਹਾਂ ਦੇ ਕਈ ਨਜ਼ਦੀਕੀਆਂ ਅਤੇ ਸਮਰਥਕਾਂ ਜਿਨ੍ਹਾਂ ਵਿਚ ਬਿਕਰਮ ਸਿੰਘ ਬਾਠ, ਸਾਹਿਬ ਹਮਜ਼ਾ, ਰਾਜਾ ਲਾਡੇਹ ਅਤੇ ਜੋਧ ਸਿੰਘ ਸਮਰਾ ਸਣੇ ਕਈ ਹੋਰ ਅਣਪਛਾਤੇ ਵਿਅਕਤੀਆਂ ਨੂੰ ਕੇਸ ਵਿਚ ਨਾਮਜ਼ਦ ਕੀਤਾ ਗਿਆ ਸੀ। ਇਹ ਮਾਮਲਾ ’ਭਾਰਤੀ ਨਿਆ ਸੰਹਿਤਾ’ ਦੀਆਂ ਕਈ ਧਾਰਾਵਾਂ ਦੇ ਤਹਿਤ ਦਰਜ ਕੀਤਾ ਗਿਆ ਸੀ। ਜਿਨ੍ਹਾਂ ਵਿਚ ਸਰਕਾਰੀ ਕਰਮਚਾਰੀ ’ਤੇ ਡਿਊਟੀ ਦੌਰਾਨ ਹਮਲਾ ਕਰਨਾ, ਸਰਕਾਰੀ ਕਰਮਚਾਰੀ ਦੇ ਕੰਮ ਵਿਚ ਰੁਕਾਵਟ ਪਾਉਣਾ, ਖਿੱਚ-ਧੂਹ ਕਰਨਾ, ਕਿਸੇ ਵਿਅਕਤੀ ਨੂੰ ਕਾਨੂੰਨੀ ਹਿਰਾਸਤ ਵਿਚੋਂ ਛੁਡਵਾਉਣਾ, ਸਬੂਤਾਂ ਨੂੰ ਨਸ਼ਟ ਕਰਨਾ ਜਾਂ ਛੁਪਾਉਣਾ, ਅਪਰਾਧਿਕ ਧਮਕੀ ਦੇਣਾ, ਗੈਰ-ਕਾਨੂੰਨੀ ਇਕੱਠ (ਜਮਾਵੜਾ) ਕਰਨਾ ਅਤੇ ਦੰਗਾ ਕਰਨਾ ਸ਼ਾਮਲ ਹੈ। ਇਸ ਤੋਂ ਇਲਾਵਾ ਅਸਲਾ ਐਕਟ ਦੀਆਂ ਧਾਰਾਵਾਂ ਵੀ ਲਗਾਈਆਂ ਗਈਆਂ ਹਨ। ਇਥੇ ਇਹ ਵੀ ਦੱਸਣਯੋਗ ਹੈ ਕਿ ਇਸ ਮਾਮਲੇ ਵਿਚ ਬਿਕਰਮ ਸਿੰਘ ਮਜੀਠੀਆ ਖ਼ਿਲਾਫ਼ ਪੰਜਾਬ ਪੁਲਸ ਨੇ ਲੁੱਕ ਆਊਟ ਸਰਕੂਲਰ ਵੀ ਜਾਰੀ ਕੀਤਾ ਹੋਇਆ ਹੈ। ਕੇਸ ਦਰਜ ਹੋਣ ਤੋਂ ਬਾਅਦ ਜਾਰੀ ਕੀਤੇ ਇਸ ਸਰਕੂਲਰ ਨਾਲ ਹੁਣ ਉਹ ਦੇਸ਼ ਛੱਡ ਕੇ ਵਿਦੇਸ਼ ਨਹੀਂ ਜਾ ਸਕਣਗੇ। ਫਿਲਹਾਲ ਪੁਲਸ ਵੱਲੋਂ ਮਜੀਠੀਆ ਦੀ ਗ੍ਰਿਫ਼ਤਾਰੀ ਲਈ ਲਗਾਤਾਰ ਛਾਪੇਮਾਰੀ ਕੀਤੀ ਜਾ ਰਹੀ ਹੈ। ਇਸ ਤੋਂ ਇਲਾਵਾ ਹਲਕਾ ਮਜੀਠੀਆ ਵਿਚ ਬਿਕਰਮ ਮਜੀਠੀਆ ਦੀ ਗੁੰਮਸ਼ੁਦਗੀ ਵਾਲੇ ਪੋਸਟਰ ਵੀ ਲਗਾਈ ਗਏ ਹਨ।

## ਲੁਧਿਆਣਾ ਤੋਂ ਬਾਅਦ ਹੁਣ ਅੰਮ੍ਰਿਤਸਰ ’ਚ ਲਾਪਤਾ ਹੋਈਆਂ ਨਾਬਾਲਿਗ ਕੁੜੀਆਂ

**ਅੰਮ੍ਰਿਤਸਰ, 9 ਜੂਨ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਵਿੱਚ ਨਾਬਾਲਿਗ ਕੁੜੀਆਂ ਦੇ ਲਾਪਤਾ ਹੋਣ ਦਾ ਇੱਕ ਚਿੰਤਾਜਨਕ ਮਾਮਲਾ ਸਾਹਮਣੇ ਆਇਆ ਹੈ। ਲੁਧਿਆਣਾ ਵਿੱਚ ਹਾਲ ਹੀ ਦੌਰਾਨ 18 ਕੁੜੀਆਂ ਦੇ ਗਾਇਬ ਹੋਣ ਦੀਆਂ ਘਟਨਾਵਾਂ ਤੋਂ ਬਾਅਦ ਹੁਣ ਗੁਰੂ ਨਗਰੀ ਅੰਮ੍ਰਿਤਸਰ ਤੋਂ ਵੀ ਦੋ ਨਾਬਾਲਿਗ ਕੁੜੀਆਂ ਦੇ ਅਚਾਨਕ ਲਾਪਤਾ ਹੋਣ ਨਾਲ ਇਲਾਕੇ ਵਿੱਚ ਚਿੰਤਾ ਅਤੇ ਡਰ ਦਾ ਮਾਹੌਲ ਬਣ ਗਿਆ ਹੈ। ਦੋਵੇਂ ਕੁੜੀਆਂ ਦੀ ਉਮਰ 14 ਅਤੇ 17 ਸਾਲ ਦੱਸੀ ਜਾ ਰਹੀ ਹੈ ਅਤੇ ਉਹ ਫਤਿਹਗੜ੍ਹ ਚੂੜੀਆਂ ਰੋਡ ਸਥਿਤ ਬਾਬਾ ਦੀਪ ਸਿੰਘ ਕਾਲੋਨੀ ਦੀਆਂ ਰਹਿਣ ਵਾਲੀਆਂ ਹਨ। ਪਰਿਵਾਰਕ



ਮੈਂਬਰਾਂ ਵੱਲੋਂ ਦਿੱਤੀ ਜਾਣਕਾਰੀ ਅਨੁਸਾਰ ਦੋਵੇਂ ਕੁੜੀਆਂ ਰੋਜ਼ਾਨਾ ਦੀ ਤਰ੍ਹਾਂ ਆਪਣੇ ਕੰਪਿਊਟਰ ਕੋਚਿੰਗ ਸੈਂਟਰ ਲਈ ਘਰੋਂ ਨਿਕਲੀਆਂ ਸਨ। ਪਰ ਜਦੋਂ ਕੋਚਿੰਗ ਦੀਆਂ ਕਲਾਸਾਂ ਸਮਾਪਤ ਹੋਣ ਤੋਂ ਬਾਅਦ ਵੀ ਉਹ ਘਰ ਵਾਪਸ ਨਾ ਪੁੱਜੀਆਂ ਤਾਂ ਪਰਿਵਾਰਕ ਮੈਂਬਰਾਂ ਨੇ ਉਨ੍ਹਾਂ ਦੀ ਭਾਲ ਸ਼ੁਰੂ ਕੀਤੀ। ਰਿਸ਼ਤੇਦਾਰਾਂ, ਦੋਸਤਾਂ ਅਤੇ ਜਾਣ-ਪਛਾਣ ਵਾਲਿਆਂ ਕੋਲ ਪੁੱਛਗਿੱਛ ਕਰਨ ਦੇ ਬਾਵਜੂਦ ਜਦੋਂ ਕੋਈ ਜਾਣਕਾਰੀ ਨਹੀਂ ਮਿਲੀ ਤਾਂ ਮਾਮਲੇ ਦੀ ਸੂਚਨਾ ਪੁਲਿਸ ਨੂੰ ਦਿੱਤੀ ਗਈ। ਪੀੜਤ ਪਰਿਵਾਰਾਂ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਘਟਨਾ ਨੂੰ ਇੱਕ ਦਿਨ ਤੋਂ ਵੱਧ ਸਮਾਂ ਬੀਤ ਚੁੱਕਾ ਹੈ, ਪਰ ਅਜੇ ਤੱਕ ਕੁੜੀਆਂ ਦਾ ਕੋਈ ਪਤਾ ਨਹੀਂ ਲੱਗ ਸਕਿਆ। ਉਨ੍ਹਾਂ ਕਿਹਾ ਕਿ ਪਰਿਵਾਰ ਦੇ ਸਾਰੇ ਮੈਂਬਰ ਬਹੁਤ ਚਿੰਤਤ ਹਨ ਅਤੇ ਲਗਾਤਾਰ ਉਨ੍ਹਾਂ ਦੀ ਸੁਰੱਖਿਅਤ ਵਾਪਸੀ ਲਈ ਅਰਦਾਸ ਕਰ ਰਹੇ ਹਨ। ਪਰਿਵਾਰਾਂ ਨੇ ਅੰਮ੍ਰਿਤਸਰ ਪੁਲਿਸ ਅਤੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਅਪੀਲ ਕੀਤੀ ਹੈ ਕਿ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਕੁੜੀਆਂ ਦੀ ਭਾਲ ਲਈ ਤੇਜ਼ੀ ਨਾਲ ਕਾਰਵਾਈ ਕੀਤੀ ਜਾਵੇ। ਇਸ ਘਟਨਾ ਨੇ ਇਲਾਕੇ ਦੇ ਲੋਕਾਂ ਵਿੱਚ ਵੀ ਚਿੰਤਾ ਵਧਾ ਦਿੱਤੀ ਹੈ। ਸਥਾਨਕ ਵਸਨੀਕਾਂ ਦਾ ਕਹਿਣਾ ਹੈ ਕਿ ਪਿਛਲੇ ਕੁਝ ਸਮੇਂ ਦੌਰਾਨ ਨਾਬਾਲਿਗ ਬੱਚਿਆਂ ਦੇ ਲਾਪਤਾ ਹੋਣ ਦੀਆਂ ਘਟਨਾਵਾਂ ਵਧ ਰਹੀਆਂ ਹਨ, ਜਿਸ ਕਾਰਨ ਮਾਪਿਆਂ ਵਿੱਚ ਅਸੁਰੱਖਿਆ ਦੀ ਭਾਵਨਾ ਪੈਦਾ ਹੋ ਰਹੀ ਹੈ। ਲੋਕਾਂ ਨੇ ਪੁਲਿਸ ਤੋਂ ਅਜਿਹੇ ਮਾਮਲਿਆਂ ਵਿੱਚ ਹੋਰ ਸਖ਼ਤ ਅਤੇ ਤੁਰੰਤ ਕਾਰਵਾਈ ਦੀ ਮੰਗ ਕੀਤੀ ਹੈ। ਉਧਰ, ਸਦਰ ਥਾਣਾ ਅੰਮ੍ਰਿਤਸਰ ਦੇ ਮੁਖੀ ਕਿਰਨਦੀਪ ਸਿੰਘ ਨੇ ਦੱਸਿਆ ਕਿ ਪਰਿਵਾਰਕ ਮੈਂਬਰਾਂ ਦੇ ਬਿਆਨਾਂ ਦੇ ਆਧਾਰ ’ਤੇ ਮਾਮਲਾ ਦਰਜ ਕਰ ਲਿਆ ਗਿਆ ਹੈ। ਪੁਲਿਸ ਵੱਲੋਂ ਇਲਾਕੇ ਅਤੇ ਸੰਭਾਵਿਤ ਰਸਤਿਆਂ ’ਤੇ ਲੱਗੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਦੀ ਜਾਂਚ ਕੀਤੀ ਜਾ ਰਹੀ ਹੈ। ਇਸ ਦੇ ਨਾਲ ਹੀ ਵੱਖ-ਵੱਖ ਪੁਲਿਸ ਟੀਮਾਂ ਨੂੰ ਕੁੜੀਆਂ ਦੀ ਭਾਲ ਲਈ ਤਾਇਨਾਤ ਕੀਤਾ ਗਿਆ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਪੁਲਿਸ ਹਰ ਸੰਭਵ ਕੋਸ਼ਿਸ਼ ਕਰ ਰਹੀ ਹੈ ਅਤੇ ਜਲਦ ਹੀ ਕੁੜੀਆਂ ਦਾ ਪਤਾ ਲਗਾ ਲਿਆ ਜਾਵੇਗਾ।

## ਨਿਹੰਗਾਂ ਨੇ ਫੜ੍ਹਿਆ ਗੁਰੂਘਰਾਂ ਨੂੰ ਉਡਾਉਣ ਦੀ ਧਮਕੀ ਦੇਣ ਵਾਲਾ ਨੌਜਵਾਨ, ਮੰਗਵਾਈ ਮੁਆਫ਼ੀ


**ਨਵੀਂ ਦਿੱਲੀ, 9 ਜੂਨ (ਆਵਾਜ਼ਿ ਕੌਮ ਬਿਊਰੋ)**-ਗੁਰੂਘਰਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਅਤੇ ਅਪਮਾਨਜਨਕ ਭਾਸ਼ਾ ਬੋਲਣ ਵਾਲੇ ਨੌਜਵਾਨ ਨੂੰ ਨਿਹੰਗਾਂ ਨੇ ਦਿੱਲੀ ’ਚ ਫੜ ਲਿਆ ਹੈ। ਇਸ ਤੋਂ ਉਨ੍ਹਾਂ ਨੇ ਦਿੱਲੀ ਦੇ ਨਰੇਲਾ ਸਥਿਤ ਗੁਰਦੁਆਰੇ ’ਚ ਲਿਜਾ ਕੇ ਉਸ ਤੋਂ ਮੁਆਫ਼ੀ ਮੰਗਵਾਈ। ਨੌਜਵਾਨ ਨੇ ਕਿਹਾ ਕਿ ਉਸ ਦੇ ਮਨ ’ਚ ਕਿਸੇ ਵੀ ਧਰਮ ਦੇ ਪ੍ਰਤੀ ਕੋਈ ਨਫ਼ਰਤ



ਨਹੀਂ ਹੈ ਅਤੇ ਉਸ ਤੋਂ ਗਲਤੀ ਹੋਈ ਹੈ। ਨੌਜਵਾਨ ਦਾ ਉਸ ਨਾਲ ਪੜ੍ਹਨ ਵਾਲੇ ਸਿੱਖ ਵਿਦਿਆਰਥੀ ਨਾਲ ਵਿਵਾਦ ਸੀ। ਕਰੀਬ 6 ਦਿਨ ਪਹਿਲਾਂ ਇੰਸਟਾਗ੍ਰਾਮ ’ਤੇ ਨੌਜਵਾਨ ਨੇ ਵੀਡੀਓ ਪਾਇਆ ਸੀ। ਇਹ ਵੀਡੀਓ ਨਿਹੰਗਾਂ ਕੋਲ ਪਹੁੰਚਿਆ। 2 ਦਿਨ ਪਹਿਲਾਂ ਦਿੱਲੀ ਦੇ ਰਹਿਣ ਵਾਲੇ ਨਿਹੰਗ ਜਸਵਿੰਦਰ ਸਿੰਘ ਨੇ ਇਸ ਵੀਡੀਓ ਨੂੰ ਇੰਸਟਾਗ੍ਰਾਮ ’ਤੇ ਪਾਇਆ ਅਤੇ ਲਿਖਿਆ ਕਿ ਇਸ ਦਾ ਪਤਾ ਦੱਸਣ ਵਾਲੇ ਨਾਂ ਗੁਪਤ ਰੱਖਿਆ ਜਾਵੇਗਾ। ਐਤਵਾਰ ਨੂੰ ਨਿਹੰਗ ਨੌਜਵਾਨ ਤੱਕ ਪਹੁੰਚ ਗਏ। ਨੌਜਵਾਨ ਨੇ ਮੁਆਫ਼ੀ ਮੰਗੀ ਅਤੇ ਕਿਹਾ ਕਿ ਉਸ ਨੇ ਜੋ ਵੀ ਕਿਹਾ ਉਹ ਗਲਤ ਸੀ ਅਤੇ ਉਸ ਨੂੰ ਇਸ ਦਾ ਪਛਤਾਵਾ ਹੈ। ਉਸ ਦੇ ਮਨ ਜਾਂ ਦਿਲ ’ਚ ਕਿਸੇ ਵੀ ਧਰਮ ਪ੍ਰਤੀ ਕੋਈ ਨਫ਼ਰਤ ਨਹੀਂ ਹੈ। ਉਸ ਨੇ ਦੱਸਿਆ ਕਿ ਉਹ ਇਸ ਸਮੇਂ ਗੁਰਦੁਆਰੇ ’ਚ ਖੜ੍ਹਾ ਹੈ ਅਤੇ ਜੇਕਰ ਉਸ ਦੇ ਮੂੰਹ ’ਚੋਂ ਅਣਜਾਣੇ ’ਚ ਕੋਈ ਅਪਮਾਨਜਨਕ ਸ਼ਬਦ ਨਿਕਲ ਗਏ ਹੋਣ ਤਾਂ ਉਸ ਨੇ ਉਨ੍ਹਾਂ ਲਈ ਦਿਲੋਂ ਮੁਆਫੀ ਮੰਗੀ ਹੈ। ਉਹ ਭਵਿੱਖ ’ਚ ਅਜਿਹੀ ਗਲਤੀ ਕਦੇ ਨਹੀਂ ਦੁਹਰਾਏਗਾ। ਨਿਹੰਗ ਸਿੰਘ ਜਸਵਿੰਦਰ ਸਿੰਘ ਨੇ ਦੱਸਿਆ ਕਿ ਨੌਜਵਾਨ ਤੋਂ ਦਿੱਲੀ ਦੇ ਨਰੇਲਾ ਸਥਿਤ ਗੁਰਦੁਆਰੇ ’ਚ ਮੁਆਫੀ ਮੰਗਵਾਈ ਗਈ ਹੈ। ਉਨ੍ਹਾਂ ਅੱਗੇ ਕਿਹਾ ਕਿ ਨੌਜਵਾਨ ਨੋਇਡਾ ਦੇ ਇਕ ਕਾਲਜ ’ਚ ਪੜ੍ਹਦਾ ਹੈ ਅਤੇ ਉੱਥੇ ਦਾ ਰਹਿਣ ਵਾਲਾ ਹੈ। ਜਸਵਿੰਦਰ ਸਿੰਘ ਨੇ ਦੱਸਿਆ ਕਿ ਇਹ ਵਿਵਾਦ ਕਾਲਜ ’ਚ ਪੜ੍ਹਨ ਵਾਲੇ ਇਕ ਸਿੱਖ ਵਿਦਿਆਰਥੀ ਨਾਲ ਜੁੜਿਆ ਹੈ। ਉਨ੍ਹਾਂ ਦੱਸਿਆ ਕਿ ਦੋਵਾਂ ਵਿਚਕਾਰ ਵਿਵਾਦ ਦੀ ਸ਼ੁਰੂਆਤ ਪਹਿਲੇ ਸਮੈਸਟਰ ਦੌਰਾਨ ਹੋਈ ਸੀ। ਇਹ ਨੌਜਵਾਨ ਆਪਣੀ ਕਲਾਸ ’ਚ ਪੜ੍ਹਨ ਵਾਲੇ ਸਿੱਖ ਵਿਦਿਆਰਥੀ ਨੂੰ “ਲੱਸੀ-ਲੱਸੀ” ਕਹਿ ਕੇ ਚਿੜ੍ਹਾਉਂਦਾ ਸੀ। ਇਹ ਮੁੱਦਾ ਪਹਿਲੇ ਸਮੈਸਟਰ ਤੋਂ ਹੀ ਚੱਲ ਰਿਹਾ ਸੀ। ਉਨ੍ਹਾਂ ਕਿਹਾ ਕਿ ਸਮੇਂ ਦੇ ਨਾਲ ਇਹ ਵਿਵਾਦ ਲਗਾਤਾਰ ਵਧਦਾ ਗਿਆ। ਫਿਰ ਨੌਜਵਾਨ ਨੇ ਸੋਸ਼ਲ ਮੀਡੀਆ ’ਤੇ ਸਿੱਖ ਵਿਦਿਆਰਥੀ ਵਿਰੁੱਧ ਅਪਮਾਨਜਨਕ ਅਤੇ ਅਸ਼ਲੀਲ ਟਿੱਪਣੀਆਂ ਕਰਨੀਆਂ ਸ਼ੁਰੂ ਕਰ ਦਿੱਤੀਆਂ। ਇਸ ਦੌਰਾਨ ਗੁਰਦੁਆਰੇ ਨੂੰ ਬੰਬ ਨਾਲ ਉਡਾਉਣ ਦੀਆਂ ਧਮਕੀਆਂ ਵੀ ਦਿੱਤੀਆਂ ਗਈਆਂ।

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale
www.damdamitaksal.net

ਦਮਦਮੀ ਟਕਸਾਲ

ਨਾਮ ਜਪੋ
ਕਿਰਤ ਕਰੋ
ਵੰਡ ਛੱਕੋ

Naam Japo
Kirat Karo
Vand Shako

ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥
ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA
WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net

ਆਵਾਜ਼ਿ ਕੌਮ
Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

**1 ਨਵੰਬਰ 2026, ਦਿਨ ਐਤਵਾਰ ਨੂੰ**
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।



**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।


ਬੇਨਤੀ ਕਰਤਾ
**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ
84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ AWAZE QAUM
International Newspaper & WEB TV

### ਕੇਜਰੀਵਾਲ ਅਤੇ ਭਗਵੰਤ ਮਾਨ ਵੱਲੋਂ ਵਪਾਰੀ ਵਰਗ ਨੂੰ

# ਧਾਰਮਿਕ ਆਧਾਰ 'ਤੇ ਵੰਡਣ ਦੀ ਕੋਸ਼ਿਸ਼ ਨਿੰਦਣਯੋਗ : ਪ੍ਰੋ. ਸਰਚਾਂਦ ਸਿੰਘ ਖਿਆਲਾ





**ਅੰਮ੍ਰਿਤਸਰ, 9 ਜੂਨ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਇਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਦੀ ਕਾਰਵਾਈ ਨੂੰ ਲੈ ਕੇ ਕੀਤੀਆਂ ਟਿੱਪਣੀਆਂ ਦੀ ਸਖ਼ਤ ਆਲੋਚਨਾ ਕਰਦਿਆਂ ਕਿਹਾ ਕਿ ਦੋਵਾਂ ਆਗੂਆਂ ਦੇ ਬਿਆਨ ਉਨ੍ਹਾਂ ਦੀ ਵੰਡਪਾਊ ਅਤੇ ਫਿਰਕੂ ਰਾਜਨੀਤੀ ਨੂੰ ਬੇਨਕਾਬ ਕਰਦੇ ਹਨ। ਉਨ੍ਹਾਂ ਕਿਹਾ ਕਿ ਵਪਾਰੀ ਵਰਗ ਨੂੰ ਪਹਿਲੀ ਵਾਰ "ਹਿੰਦੂ ਵਪਾਰੀ" ਅਤੇ "ਸਿੱਖ ਵਪਾਰੀ" ਵਰਗੀਆਂ ਸ਼੍ਰੇਣੀਆਂ ਵਿੱਚ ਵੰਡਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਜੋ ਪੰਜਾਬ ਦੀ ਸਾਂਝੀਵਾਲਤਾ, ਭਾਈਚਾਰਕ ਏਕਤਾ ਅਤੇ ਵਪਾਰਕ ਭਾਈਚਾਰੇ ਦੀ ਇੱਕਜੁੱਟ ਪਹਿਚਾਣ 'ਤੇ ਸਿੱਧਾ ਹਮਲਾ ਹੈ।

ਪ੍ਰੋ. ਖਿਆਲਾ ਨੇ ਕਿਹਾ ਕਿ ਪੰਜਾਬ ਵਿੱਚ ਵਪਾਰੀ ਦੀ ਪਹਿਚਾਣ ਉਸ ਦੇ ਧਰਮ ਨਾਲ ਨਹੀਂ, ਸਗੋਂ ਉਸ ਦੇ ਉਦਯੋਗ, ਕਾਰੋਬਾਰ, ਮਿਹਨਤ ਅਤੇ ਆਰਥਿਕ ਯੋਗਦਾਨ

ਆਵਾਜ਼ਿ ਕੌਮ AWAZE QAUM International Newspaper & WEB TV

ਨਾਲ ਹੁੰਦੀ ਹੈ। ਅਰਵਿੰਦ ਕੇਜਰੀਵਾਲ ਵੱਲੋਂ "ਪੰਜਾਬ ਦੇ ਹਿੰਦੂ ਵਪਾਰੀਆਂ" ਦਾ ਜ਼ਿਕਰ ਕਰਨਾ ਇਸ ਗੱਲ ਦਾ ਪ੍ਰਮਾਣ ਹੈ ਕਿ ਆਮ ਆਦਮੀ ਪਾਰਟੀ ਸਿਆਸੀ ਲਾਭ ਲਈ ਸਮਾਜ ਨੂੰ ਧਾਰਮਿਕ ਲਕੀਰਾਂ 'ਤੇ ਵੰਡਣ ਤੋਂ ਵੀ ਗੁਰੇਜ਼ ਨਹੀਂ ਕਰ ਰਹੀ। ਉਨ੍ਹਾਂ ਕਿਹਾ ਕਿ ਪੰਜਾਬ ਦੀ ਧਰਤੀ ਨੇ ਹਮੇਸ਼ਾ ਧਰਮ, ਜਾਤ ਅਤੇ ਖੇਤਰੀ ਭੇਦਭਾਵ ਤੋਂ ਉੱਪਰ ਉੱਠ ਕੇ ਭਾਈਚਾਰਕ ਸਾਂਝ ਦਾ ਸੰਦੇਸ਼ ਦਿੱਤਾ ਹੈ ਅਤੇ ਅਜਿਹੀ ਭਾਸ਼ਾ ਇਸ ਵਿਰਾਸਤ ਦੇ ਖ਼ਿਲਾਫ਼ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਵੀ "ਹਿੰਦੂ ਵਪਾਰੀ" ਸ਼ਬਦਾਵਲੀ ਦੀ ਵਰਤੋਂ ਕਰਨਾ ਕੇਜਰੀਵਾਲ ਦੀ ਉਸੇ ਫਿਰਕੂ ਸੋਚ ਦਾ ਵਿਸਥਾਰ ਹੈ, ਜਿਸ ਰਾਹੀਂ ਪੰਜਾਬ ਦੇ ਵਪਾਰੀਆਂ ਨੂੰ ਧਾਰਮਿਕ ਆਧਾਰ 'ਤੇ ਵੰਡਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਜੇਕਰ ਸਰਕਾਰ ਸੱਚਮੁੱਚ ਵਪਾਰੀਆਂ ਦੀ ਹਮਾਇਤੀ ਹੈ ਤਾਂ ਉਸ ਨੂੰ ਵਪਾਰੀਆਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਕੰਮ ਕਰਨਾ ਚਾਹੀਦਾ ਹੈ, ਨਾ ਕਿ ਉਨ੍ਹਾਂ ਦੀ ਧਾਰਮਿਕ ਪਹਿਚਾਣ ਨੂੰ ਸਿਆਸੀ ਬਿਆਨਾਂ ਦਾ ਹਿੱਸਾ ਬਣਾਉਣਾ ਚਾਹੀਦਾ ਹੈ।



> **ਈਡੀ ਨੂੰ ਆਪਣਾ ਕੰਮ ਸੁਤੰਤਰ ਤੌਰ 'ਤੇ ਕਰਨ ਦਿੱਤਾ ਜਾਵੇ, ਕੋਈ ਵੀ ਵਿਅਕਤੀ ਕਾਨੂੰਨ ਤੋਂ ਉੱਪਰ ਨਹੀਂ**

ਪ੍ਰੋ. ਖਿਆਲਾ ਨੇ ਕਿਹਾ ਕਿ ਈਡੀ ਇੱਕ ਸੰਵਿਧਾਨਿਕ ਅਤੇ ਕਾਨੂੰਨੀ ਏਜੰਸੀ ਹੈ, ਜਿਸ ਨੂੰ ਆਪਣੇ ਅਧਿਕਾਰ ਖੇਤਰ ਅੰਦਰ ਸੁਤੰਤਰ ਅਤੇ ਨਿਰਪੱਖ ਢੰਗ ਨਾਲ ਕੰਮ ਕਰਨ ਦਿੱਤਾ ਜਾਣਾ ਚਾਹੀਦਾ ਹੈ। ਜੇਕਰ ਕੋਈ ਵਿਅਕਤੀ ਬੇਕਸੂਰ ਹੈ ਤਾਂ ਉਸ ਨੂੰ ਘਬਰਾਉਣ ਦੀ ਕੋਈ ਲੋੜ ਨਹੀਂ, ਪਰ ਜੇਕਰ ਕਿਸੇ ਨੇ ਕਾਨੂੰਨ ਦੀ ਉਲੰਘਣਾ ਕੀਤੀ ਹੈ ਤਾਂ ਉਸ ਨੂੰ ਕਾਨੂੰਨੀ ਕਾਰਵਾਈ ਦਾ ਸਾਹਮਣਾ ਕਰਨਾ ਹੀ ਪਵੇਗਾ। ਭਾਰਤ ਦੇ ਸੰਵਿਧਾਨ ਅਧੀਨ ਕੋਈ ਵੀ ਵਿਅਕਤੀ, ਚਾਹੇ ਉਹ ਕਿੰਨਾ ਵੀ ਪ੍ਰਭਾਵਸ਼ਾਲੀ ਕਿਉਂ ਨਾ ਹੋਵੇ, ਕਾਨੂੰਨ ਤੋਂ ਉੱਪਰ ਨਹੀਂ ਹੈ।

ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਹਰ ਜਾਂਚ ਏਜੰਸੀ ਦੀ ਕਾਰਵਾਈ ਨੂੰ ਰਾਜਨੀਤਿਕ ਰੰਗ ਦੇਣਾ ਇਸ ਗੱਲ ਦਾ ਸੰਕੇਤ ਹੈ ਕਿ ਉਹ ਭ੍ਰਿਸ਼ਟਾਚਾਰ ਵਿਰੁੱਧ ਲੜਾਈ ਨੂੰ ਕਮਜ਼ੋਰ ਕਰਨਾ ਚਾਹੁੰਦੀ ਹੈ। ਜਿਨ੍ਹਾਂ ਲੋਕਾਂ ਦੇ ਹੱਥ ਸਾਫ਼ ਹਨ, ਉਹ ਜਾਂਚ ਤੋਂ ਨਹੀਂ ਡਰਦੇ, ਪਰ ਜਿਨ੍ਹਾਂ 'ਤੇ ਗੰਭੀਰ ਸਵਾਲ ਖੜ੍ਹੇ ਹੁੰਦੇ ਹਨ, ਉਹ ਅਕਸਰ ਏਜੰਸੀਆਂ ਨੂੰ ਹੀ ਕਟਖੜੇ ਵਿੱਚ ਖੜ੍ਹਾ ਕਰਨ ਦੀ ਕੋਸ਼ਿਸ਼ ਕਰਦੇ ਹਨ।

ਪ੍ਰੋ. ਖਿਆਲਾ ਨੇ ਕਿਹਾ ਕਿ ਇਮਾਨਦਾਰ ਸਰਕਾਰ ਹੋਣ ਦੇ ਦਾਅਵੇ ਕਰਨ ਵਾਲੀ ਆਮ ਆਦਮੀ ਪਾਰਟੀ ਨੂੰ ਇਹ ਵੀ ਸਪੱਸ਼ਟ ਕਰਨਾ ਚਾਹੀਦਾ ਹੈ ਕਿ ਜਿਸ ਭਗਵੰਤ ਮਾਨ ਨੇ ਆਪਣੇ ਹੀ ਮੰਤਰੀ ਵਿਜੇ ਸਿੰਗਲਾ ਨੂੰ ਕਥਿਤ ਸਬੂਤਾਂ ਦੇ ਆਧਾਰ 'ਤੇ ਗ੍ਰਿਫ਼ਤਾਰ ਕਰਵਾਇਆ ਸੀ, ਉਸੇ ਮਾਮਲੇ ਨੂੰ ਬਾਅਦ ਵਿੱਚ ਸਬੂਤਾਂ ਦੀ ਘਾਟ ਦਾ ਹਵਾਲਾ ਦਿੰਦਿਆਂ ਬੰਦ ਕਿਉਂ ਕਰ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਇਹ ਘਟਨਾਕ੍ਰਮ ਆਮ ਆਦਮੀ ਪਾਰਟੀ ਦੇ ਭ੍ਰਿਸ਼ਟਾਚਾਰ ਵਿਰੋਧੀ ਦਾਅਵਿਆਂ ਦੀ ਭਰੋਸੇਯੋਗਤਾ 'ਤੇ ਗੰਭੀਰ ਸਵਾਲ ਖੜ੍ਹੇ ਕਰਦਾ ਹੈ।

ਭਗਵੰਤ ਮਾਨ ਦੇ "ਰੰਗਲਾ ਪੰਜਾਬ" ਵਾਲੇ ਦਾਅਵੇ 'ਤੇ ਪ੍ਰਤੀਕਿਰਿਆ ਦਿੰਦਿਆਂ ਪ੍ਰੋ. ਖਿਆਲਾ ਨੇ ਕਿਹਾ ਕਿ ਅੱਜ ਪੰਜਾਬ ਦੀ ਹਕੀਕਤ ਕਿਸੇ ਤੋਂ ਲੁਕੀ ਨਹੀਂ ਹੈ। ਉਦਯੋਗਿਕ ਵਿਕਾਸ ਠੱਪ ਪਿਆ ਹੈ, ਨਵੇਂ ਨਿਵੇਸ਼ਕ ਪੰਜਾਬ ਵੱਲ ਆਉਣ ਤੋਂ ਕਤਰਾ ਰਹੇ ਹਨ, ਨੌਜਵਾਨ ਬੇਰੁਜ਼ਗਾਰੀ ਕਾਰਨ ਵਿਦੇਸ਼ਾਂ ਵੱਲ ਰੁਖ ਕਰ ਰਹੇ ਹਨ ਅਤੇ ਸਰਕਾਰੀ ਵਿਭਾਗਾਂ ਵਿੱਚ ਇੱਕ ਲੱਖ ਤੋਂ ਵੱਧ ਅਸਾਮੀਆਂ ਖਾਲੀ ਪਈਆਂ ਹਨ, ਜੋ ਭਰੀਆਂ ਨਹੀਂ ਜਾ ਰਹੀਆਂ। ਉਨ੍ਹਾਂ ਕਿਹਾ ਕਿ ਜਿਸ ਸੂਬੇ ਵਿੱਚ ਵਿਕਾਸ ਦੀ ਰਫ਼ਤਾਰ ਰੁਕੀ ਹੋਵੇ, ਉਦਯੋਗ ਨਿਰਾਸ਼ ਹੋਣ ਅਤੇ ਨੌਜਵਾਨ ਭਵਿੱਖ ਨੂੰ ਲੈ ਕੇ ਚਿੰਤਤ ਹੋਣ, ਉਸ ਨੂੰ "ਰੰਗਲਾ ਪੰਜਾਬ" ਦੱਸਣਾ ਹਕੀਕਤਾਂ ਤੋਂ ਮੂੰਹ ਮੋੜਨ ਦੇ ਬਰਾਬਰ ਹੈ। ਅਸਲ ਵਿੱਚ ਪੰਜਾਬ ਨੂੰ ਖੁਸ਼ਹਾਲ ਬਣਾਉਣ ਦੇ ਵਾਅਦੇ ਕਰਨ ਵਾਲੀ ਸਰਕਾਰ ਦੇ ਕਾਰਜਕਾਲ ਦੌਰਾਨ ਸੂਬਾ ਆਰਥਿਕ ਅਤੇ ਪ੍ਰਸ਼ਾਸਨਿਕ ਚੁਣੌਤੀਆਂ ਨਾਲ ਜੂਝ ਰਿਹਾ ਹੈ। ਉਨ੍ਹਾਂ ਸਵਾਲ ਕੀਤਾ ਕਿ ਜੇਕਰ ਪੰਜਾਬ ਸਰਕਾਰ ਵਪਾਰੀਆਂ ਦੀ ਇੰਨੀ ਹੀ ਹਮਦਰਦ ਹੈ ਤਾਂ ਫਿਰ ਵਪਾਰੀਆਂ ਅਤੇ ਉਦਯੋਗਪਤੀਆਂ ਵੱਲੋਂ ਲਗਾਤਾਰ ਟੈਕਸ ਪ੍ਰਣਾਲੀ, ਜੀਐਸਟੀ ਨਾਲ ਸੰਬੰਧਿਤ ਦਬਾਅ, ਪ੍ਰਸ਼ਾਸਨਿਕ ਰੁਕਾਵਟਾਂ ਅਤੇ ਸਰਕਾਰੀ ਨੀਤੀਆਂ ਖ਼ਿਲਾਫ਼ ਆਵਾਜ਼ ਕਿਉਂ ਉਠਾਈ ਜਾਂਦੀ ਰਹੀ ਹੈ? ਜੇਕਰ ਸਰਕਾਰ ਵਪਾਰੀਆਂ ਦੇ ਨਾਲ ਖੜ੍ਹੀ ਹੈ ਤਾਂ ਇਹ ਵੀ ਦੱਸੇ ਕਿ ਜੀਐਸਟੀ ਦੀ ਰਕਮ ਅਗਾਊਂ ਜਮ੍ਹਾਂ ਕਰਵਾਉਣ ਲਈ ਵਪਾਰੀਆਂ 'ਤੇ ਦਬਾਅ ਪਾਉਣ ਦੀਆਂ ਸ਼ਿਕਾਇਤਾਂ ਕਿਉਂ ਸਾਹਮਣੇ ਆਉਂਦੀਆਂ ਰਹੀਆਂ ਹਨ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਵਪਾਰੀਆਂ ਦੀਆਂ ਅਸਲ ਮੁਸ਼ਕਲਾਂ ਦਾ ਹੱਲ ਕਰਨਾ ਚਾਹੀਦਾ ਹੈ, ਨਾ ਕਿ ਉਨ੍ਹਾਂ ਨੂੰ ਧਾਰਮਿਕ ਪਹਿਚਾਣਾਂ ਵਿੱਚ ਵੰਡ ਕੇ ਸਿਆਸੀ ਕਰਨ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ।

ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਭਾਜਪਾ ਪੰਜਾਬ ਦੀ ਸਮਾਜਿਕ ਏਕਤਾ, ਵਪਾਰਕ ਭਾਈਚਾਰੇ ਦੀ ਸਾਂਝੀ ਪਹਿਚਾਣ ਅਤੇ ਕਾਨੂੰਨ ਦੇ ਰਾਜ ਵਿੱਚ ਪੂਰਾ ਵਿਸ਼ਵਾਸ ਰੱਖਦੀ ਹੈ। ਪੰਜਾਬ ਦੇ ਲੋਕ ਧਾਰਮਿਕ ਵੰਡ ਦੀ ਰਾਜਨੀਤੀ ਨੂੰ ਕਦੇ ਸਵੀਕਾਰ ਨਹੀਂ ਕਰਨਗੇ ਅਤੇ ਅਜਿਹੀਆਂ ਕੋਸ਼ਿਸ਼ਾਂ ਦਾ ਡਟ ਕੇ ਵਿਰੋਧ ਕਰਨਗੇ।

### ਗੁਰਬਾਜ਼ ਸਿੰਘ ਸਿੱਧੂ ਨੇ ਕੀਤਾ ਪਿੰਡਾਂ ਦਾ ਦੌਰਾ

# ਬੇਰੋਜ਼ਗਾਰ ਕਾਮਿਆਂ ਉੱਪਰ ਪੁਲਿਸ ਤਸ਼ੱਦਦ ਦੀ ਕੀਤੀ ਨਿਖੇਧੀ





**ਤਲਵੰਡੀ ਸਾਬੋ, 9 ਜੂਨ (ਗੁਰਜੰਟ ਸਿੰਘ ਨਥੇਹਾ)**- ਹਲਕੇ ਦੇ ਸਾਬਕਾ ਵਿਧਾਇਕ ਜੀਤਮਹਿੰਦਰ ਸਿੰਘ ਸਿੱਧੂ ਦੇ ਪੁੱਤਰ ਤੇ ਪਿਛਲੇ ਸਮੇਂ ਤੋਂ ਕਾਂਗਰਸ ਵੱਲੋਂ ਸਿਆਸੀ ਤੌਰ 'ਤੇ ਹਲਕੇ 'ਚ ਸਰਗਰਮ ਨੌਜਵਾਨ ਕਾਂਗਰਸੀ ਆਗੂ ਗੁਰਬਾਜ਼ ਸਿੰਘ ਸਿੱਧੂ ਨੇ ਅੱਜ ਰਾਮਾਂ ਬਲਾਕ ਦੇ ਪਿੰਡਾਂ ਦਾ ਦੌਰਾ ਕਰਦਿਆਂ ਜਿੱਥੇ ਵਰਕਰਾਂ ਤੇ ਲੋਕਾਂ ਦੇ ਨਿੱਜੀ ਤੇ ਜਨਤਕ ਪ੍ਰੋਗਰਾਮਾਂ 'ਚ ਸ਼ਮੂਲੀਅਤ ਕੀਤੀ ਉੱਥੇ ਲੋਕ ਮੁਸ਼ਿਕਲਾਂ ਵੀ ਸੁਣੀਆਂ ਜਦੋਂਕਿ ਗੱਲਬਾਤ ਦੌਰਾਨ ਉਨਾਂ ਨੇ ਬੇਰੋਜ਼ਗਾਰ ਕਾਮਿਆਂ ਤੇ ਬੀਤੇ ਦਿਨ ਹੋਏ ਪੁਲਿਸ ਤਸ਼ੱਦਦ ਦੀ ਜ਼ੋਰਦਾਰ ਨਿਖੇਧੀ ਕੀਤੀ। ਪਿੰਡਾਂ ਦੇ ਦੌਰੇ ਉਪਰੰਤ ਗੱਲਬਾਤ ਕਰਦਿਆਂ ਗੁਰਬਾਜ਼ ਸਿੰਘ ਸਿੱਧੂ ਨੇ ਕਿਹਾ ਕਿ 2022 'ਚ ਸੱਤਾ 'ਚ ਆਉਣ ਤੋਂ ਪਹਿਲਾਂ ਆਮ ਆਦਮੀ ਪਾਰਟੀ ਦੇ ਆਗੂ ਦਾਅਵੇ ਕਰਦੇ ਥੱਕਦੇ ਨਹੀ ਸਨ ਹੁੰਦੇ ਕਿ ਸਰਕਾਰ ਬਨਣ ਤੋਂ ਬਾਅਦ ਕਿਸੇ ਨੂੰ ਸੜਕਾਂ ਤੇ ਪ੍ਰਦਰਸ਼ਨ ਕਰਨ ਦੀ ਲੋੜ ਨਹੀ ਪੈਣੀ,ਲਾਠੀਚਾਰਜ ਭੁੱਲ ਜਾਉਗੇ ਪਰ ਸਰਕਾਰ ਬਨਣ ਤੋਂ ਬਾਅਦ ਸ਼ਾਇਦ ਆਗੂਆਂ ਦੀ ਸੋਚ ਹੀ ਬਦਲ ਗਈ। ਕਿਸਾਨੀ ਸੰਘਰਸ਼ਾਂ ਨੂੰ ਡੰਡੇ ਦੇ ਜ਼ੋਰ ਨਾਲ ਦਬਾਉਣ ਦੀਆਂ ਕੋਸ਼ਿਸ਼ਾਂ ਕਾਰਣ ਬਦਨਾਮ ਹੋਈ ਸਰਕਾਰ ਦੇ ਇਸ਼ਾਰੇ 'ਤੇ ਹੁਣ ਪਟਿਆਲਾ ਵਿਖੇ ਮੰਗਾਂ ਮੰਨਵਾਉਣ ਲਈ ਸ਼ਾਤਮਈ ਪ੍ਰਦਰਸ਼ਨ ਕਰ ਰਹੇ ਬੇਰੋਜ਼ਗਾਰ ਲਾਈਨਮੈਂਨਾਂ ਤੇ ਅਣਮਨੁੱਖੀ ਤਸ਼ੱਦਦ ਕੀਤਾ ਗਿਆ ਜਿਸ ਤੋਂ ਜਿੱਥੇ 'ਆਪ' ਸਰਕਾਰ

ਆਵਾਜ਼ਿ ਕੌਮ AWAZE QAUM International Newspaper & WEB TV

ਦੀ ਮੁਲਾਜ਼ਮ ਵਿਰੋਧੀ ਨੀਤੀ ਨੰਗੀ ਹੋ ਗਈ ਉੱਥੇ ਇਹ ਵੀ ਪਤਾ ਲੱਗ ਗਿਆ ਕਿ ਸਰਕਾਰ ਤਾਨਾਸ਼ਾਹੀ ਤਰੀਕੇ ਨਾਲ ਚੱਲ ਰਹੀ ਹੈ। ਉਨਾਂ ਕਿਹਾ ਕਿ ਮੁਲਾਜ਼ਮਾਂ ਨੇ ਇਸ ਸਰਕਾਰ ਨੂੰ ਲਿਆਉਣ 'ਚ ਸਭ ਤੋਂ ਵੱਧ ਰੋਲ ਅਦਾ ਕੀਤਾ ਪਰ ਹੁਣ ਇਹ ਸਰਕਾਰ ਅਦਾਲਤੀ ਹੁਕਮਾਂ ਦੇ ਬਾਵਜੂਦ ਉਨਾਂ ਦਾ ਬਣਦਾ ਡੀ.ਏ ਤੱਕ ਦੇਣ ਤੋਂ ਭੱਜ ਰਹੀ ਹੈ ਉਨਾਂ ਨੇ ਤਸ਼ੱਦਦ ਕਰਨ ਵਾਲੇ ਪੁਲਿਸ ਅਧਿਕਾਰੀਆਂ ਖਿਲਾਫ ਕਾਰਵਾਈ ਵੀ ਮੰਗੀ। ਸਿੱਧੂ ਨਾਲ ਜੱਗਾ ਸਿੰਘ ਬੰਗੀ, ਗੁਰਵਿੰਦਰ ਸਿੰਘ ਦੁੱਨੇਵਾਲਾ, ਚਰਨਜੀਤ ਸਿੰਘ ਕੋਟਬਖਤੂ, ਤਰਸੇਮ ਸਿੰਘ ਮਾਨਵਾਲਾ, ਕ੍ਰਿਸ਼ਨ ਯਾਦਵ, ਗੁਰਾਦਿੱਤਾ ਸਿੰਘ ਸੀਂਗੋ, ਹੈਪੀ ਬਹਿਮਣ, ਸੁਰਜੀਤ ਸ਼ਰਮਾਂ ਜਗਾ ਰਾਮ ਤੀਰਥ ਆਦਿ ਕਾਂਗਰਸੀ ਆਗੂ ਵੀ ਮੌਜੂਦ ਸਨ।

# ਸੇਵਾ ਮੁੱਕਤ ਪਟਵਾਰੀ, ਕਾਨੂੰਗੋ, ਨਾਇਬ ਤਹਿਸੀਲਦਾਰ ਵੈੱਲਫੇਅਰ ਐਸੋਸੀਏਸ਼ਨ ਜ਼ਿਲ੍ਹਾ ਅੰਮ੍ਰਿਤਸਰ ਦੀ ਹੋਈ ਮੀਟਿੰਗ



**ਚੌਕ ਮਹਿਤਾ, 9 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸੇਵਾ ਮੁੱਕਤ ਪਟਵਾਰੀ, ਕਾਨੂੰਗੋ, ਨਾਇਬ ਤਹਿਸੀਲਦਾਰ ਵੈੱਲਫੇਅਰ ਐਸੋਸੀਏਸ਼ਨ ਦੀ ਮੀਟਿੰਗ ਜਿਲ੍ਹਾ ਪ੍ਰਧਾਨ ਸ ? ਲਖਵਿੰਦਰ ਸਿੰਘ ਕੋਹਾਲੀ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਪੰਜਾਬ ਪ੍ਰਧਾਨ ਸ. ਨਿਰਮਲਜੀਤ ਸਿੰਘ ਬਾਜਵਾ ਜੀ ਵਿਸ਼ੇਸ਼ ਤੌਰ ਤੇ ਪੁੱਜੇ। ਮੀਟਿੰਗ ਵਿੱਚ ਸੇਵਾ ਮੁਕਤ ਕਾਨੂੰਗੋ ਸ. ਸੰਤੋਖ ਸਿੰਘ ਭਲਾਈ ਪੁਰ ਦੇ ਅਕਾਲ ਚਲਾਣੇ ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਪ੍ਰਗਟ ਕੀਤਾ ਗਿਆ ਅਤੇ ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਦੋ ਮਿੰਟ ਦਾ ਮੋਨ ਧਾਰ ਕੇ ਸ਼ਰਧਾਂਜਲੀ ਭੇਂਟ ਕੀਤੀ ਗਈ। ਮੀਟਿੰਗ ਵਿੱਚ ਪਟਿਆਲਾ ਵਿੱਖੇ ਬਿਜਲੀ ਵਿਭਾਗ ਵਿੱਚ ਸਹਾਇਕ ਲਾਈਨਮੈਨ ਦੀ ਪੱਕੀ ਨੌਕਰੀ ਮੰਗਣ ਤੇ ਨੌਜੁਆਨਾਂ ਤੇ ਪੁਲਿਸ ਵੱਲੋਂ ਅੰਨ੍ਹੇਵਾਹ ਲਾਠੀਚਾਰਜ ਕਰਨ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ ਅਤੇ ਮੰਗ ਕੀਤੀ ਗਈ ਕਿ ਉਨ੍ਹਾਂ ਨੂੰ ਜਲਦ ਪੱਕਾ ਸਹਾਇਕ

ਆਵਾਜ਼ਿ ਕੌਮ AWAZE QAUM International Newspaper & WEB TV

ਲਾਈਨਮੈਨ ਕੀਤਾ ਜਾਵੇ। ਮੀਟਿੰਗ ਵਿੱਚ ਕੋਟਲ਼ਾ ਗੁੱਜਰਾਂ ਦੇ ਨੰਬਰਦਾਰ ਜੋ ਕਿ ਇੱਕ ਕਲਾਕਾਰ ਵੀ ਹਨ ਅਤੇ ਸ੍ਰੀ ਹਰੀਸ਼ ਚੰਦਰ, ਨੇ ਬਾਬੇ ਬੁੱਲ੍ਹੇ ਸ਼ਾਹ ਦੀਆਂ ਕਾਫੀਆਂ ਅਤੇ ਹੋਰ ਸਭਿਆਚਾਰਕ ਗੀਤ ਗਾ ਕੇ ਸਾਥੀਆਂ ਦਾ ਮਨੋਰੰਜਨ ਕੀਤਾ। ਮੀਟਿੰਗ ਵਿੱਚ ਵਿਭਾਗੀ ਮੱਸਲੇ ਸੁਣੇ ਗਏ ਅਤੇ ਸਾਥੀਆਂ ਨੂੰ ਯਕੀਨ ਦਿਵਾਇਆ ਗਿਆ ਕਿ ਜੱਥੇਬੰਦੀ ਦੇ ਧਿਆਨ ਵਿੱਚ ਆਏ ਇਹ ਮਸਲੇ ਵੀ ਪਹਿਲਾਂ ਦੀ ਤਰ੍ਹਾਂ ਨਿਵਿਰਤ ਕੀਤੇ ਜਾਣਗੇ। ਤਹਿਸੀਲ ਅਜਨਾਲਾ ਦੇ ਸੇਵਾ ਮੁੱਕਤ ਪਟਵਾਰੀਆਂ, ਕਾਨੂੰਗੋਆਂ ਅਤੇ ਨਾਇਬ ਤਹਿਸੀਲਦਾਰਾਂ ਨੇ ਜੱਥੇਬੰਦੀ ਦੇ ਧਿਆਨ ਵਿੱਚ ਲਿਆਂਦਾ ਕੇ ਉਨ੍ਹਾਂ ਨੂੰ ਉਥੋਂ ਦਾ ਬਿੱਲ ਕਲਰਕ ਬਿਲਾ ਵਜਾਹ ਤੰਗ ਪ੍ਰੇਸ਼ਾਨ ਕਰ ਰਿਹਾ ਹੈ, ਉਨ੍ਹਾਂ ਦੇ ਬਕਾਇਆ ਬਿੱਲ ਬਣਾਉਣ ਚ ਆਨਾਕਾਨੀ ਕਰ ਰਿਹਾ ਹੈ ਜਿਸ ਦਾ ਜੱਥੇਬੰਦੀ ਨੇ ਸ਼ਖਤ ਨੋਟਿਸ ਲੈਂਦਿਆ ਤਹਿਸੀਲ ਪ੍ਰਸ਼ਾਸ਼ਨ ਤੋਂ ਮੰਗ ਕੀਤੀ ਕਿ ਸਾਡੇ ਸਾਥੀਆਂ ਦੇ ਤੁਰੰਤ ਮਸਲੇ ਹੱਲ ਕਰਵਾਏ ਜਾਣ। ਅਖੀਰ ਵਿੱਚ ਬਹੁਤ ਜ਼ਿਆਦਾ ਏਨੀ ਪੈ ਰਹੀ ਸਖਤ ਗਰਮੀ ਵਿੱਚ ਵੀ ਸੇਵਾ ਮੁਕਤ ਸਾਥੀਆਂ ਦਾ ਮਹੀਨਾਵਾਰ ਮੀਟਿੰਗ ਵਿੱਚ ਭਾਰੀ ਗਿਣਤੀ ਵਿੱਚ ਪੁੱਜਣ ਤੇ ਕੁਲਵੰਤ ਸਿੰਘ ਡੇਹਰੀਵਾਲ ਨੇ ਸਭਨਾ ਦਾ ਧੰਨਵਾਦ ਕੀਤਾ ਅਤੇ ਦੱਸਿਆ ਕਿ ਅਗਲੀ ਮਹੀਨਾਵਾਰ ਮੀਟਿੰਗ ਮਿੱਤੀ 6 / 7 / 2026 ਨੂੰ ਹੋਵੇਗੀ। ਇਸ ਮੀਟਿੰਗ ਵਿੱਚ ਮੇਜਰ ਸਿੰਘ ਭੋਮਾ, ਤਰਸੇਮ ਸਿੰਘ ਫੱਤੂਭੀਲਾ, ਬਾਉ ਰਾਜ ਕੁਮਾਰ, ਸੁਖਵਿੰਦਰ ਸਿੰਘ ਸਾਬੀ, ਹਰਮਿੰਦਰ ਸਿੰਘ, ਪਲਵਿੰਦਰ ਸਿੰਘ, ਸੁਰਿੰਦਰ ਸਿੰਘ ਤਹਿਸੀਲ ਪ੍ਰਧਾਨ ਪੈਨਸ਼ਨਰ ਐਸੋਸੀਏਸ਼ਨ ਤਰਨ ਤਾਰਨ, ਗੁਰਮੀਤ ਸਿੰਘ ਛਾਪਾ ਤਰਨ ਤਾਰਨ, ਸੂਬਾ ਸਿੰਘ ਤਰਨ ਤਾਰਨ, ਹਰਦੇਵ ਸਿੰਘ ਭੋਮਾ, ਨਰਿੰਦਰ ਸਿੰਘ, ਗੁਰਮੇਜ ਸਿੰਘ, ਬਲਦੇਵ ਸਿੰਘ ਬੱਬਰ, ਰਵਿੰਦਰ ਕੁਮਾਰ ਰਵੀ, ਰਮੇਸ਼ ਪਾਲ ਸਿੰਘ, ਜਗਜੀਤ ਸਿੰਘ ਬਾਬਾ, ਸੁਸ਼ੀਲ ਹਾਂਡਾ, ਵਿਨੋਦ ਕੁਮਾਰ, ਡਾਂ ਤਜਿੰਦਰ ਸਿੰਘ, , ਕੇਵਲ ਕ੍ਰਿਸ਼ਨ, ਜੋਗਿੰਦਰ ਸਿੰਘ, ਪਰਸਨ ਸਿੰਘ ਵੇਰਕਾ, ਜਗਜੀਤ ਸਿੰਘ ਭੰਗਾਲੀ, ਚਰਨਜੀਤ ਸਿੰਘ, ਅਸ਼ਵਨੀ ਕੁਮਾਰ ਆਦਿ ਨੇ ਸੰਬੋਧਨ ਕੀਤਾ।

# ਸਿਹਤ ਵਿਭਾਗ ਵੱਲੋਂ "ਪ੍ਰਧਾਨ ਮੰਤਰੀ ਮਾਤਰੇਤਵ ਸਿਹਤ ਅਭਿਆਨ" ਦੀ ਦਸਵੀਂ ਵਰੇਗੰਡ ਮੌਕੇ ਕਰਵਾਇਆ ਜਿਲਾ ਪੱਧਰੀ ਸਮਾਗਮ



**ਚੌਕ ਮਹਿਤਾ, 9 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਿਹਤ ਵਿਭਾਗ ਅੰਮ੍ਰਿਤਸਰ ਵੱਲੋਂ "ਪ੍ਰਧਾਨ ਮੰਤਰੀ ਮਾਤਰੇਤਵ ਸਿਹਤ ਅਭਿਆਨ" ਦੀ ਦਸਵੀਂ ਵਰੇਗੰਡ ਮੌਕੇ ਜਿਲ੍ਹਾ ਪੱਧਰੀ ਸਮਾਗਮ ਸਿਵਲ ਹਸਪਤਾਲ ਅੰਮ੍ਰਿਤਸਰ ਵਿਖੇ ਕਰਵਾਇਆ ਗਿਆ। ਇਸ ਮੌਕੇ ਜਿਲਾ ਪਰਿਵਾਰ ਭਲਾਈ ਅਫਸਰ ਡਾ ਨੀਲਮ ਭਗਤ ਵੱਲੋਂ ਜਾਣਕਾਰੀ ਦਿੰਦਿਆਂ ਦੱਸਿਆ ਗਿਆ, ਕਿ ਇਸ ਅਭਿਆਨ ਦੌਰਾਨ ਗਰਭਵਤੀ ਮਾਵਾਂ ਦੀ ਸਿਹਤ ਸਬੰਧੀ ਮਹੀਨੇ ਦੀ ਹਰੇਕ 9 ਤਰੀਕ ਅਤੇ 21 ਤਰੀਕ ਨੂੰ ਵਿਸ਼ੇਸ਼ ਕੈਂਪ ਲਗਾਏ ਜਾਂਦੇ ਹਨ। ਇਹਨਾਂ ਕੈਂਪਾਂ ਵਿੱਚ ਗਰਵਤੀ ਮਾਵਾਂ ਐਂਟੀਨੇਟਲ ਚੈੱਕਅਪ, ਜੱਚਾ ਬੱਚਾ ਸਿਹਤ ਸੰਭਾਲ ਅਤੇ ਸੁਰੱਖਿਤ ਜਣੇਪੇ ਸਬੰਧੀ ਵਿਸ਼ੇਸ ਜਾਣਕਾਰੀ ਦਿੱਤੀ ਜਾਂਦੀ। ਇਸ ਅਭਿਆਨ ਦੌਰਾਨ ਜਿਲੇ ਭਰ ਦੀਆਂ ਸਾਰੀਆਂ ਸਿਹਤ ਸੰਸਥਾਵਾਂ ਵਿੱਚ ਇਹ ਕੈਂਪ ਲਗਾਏ ਜਾਂਦੇ ਹਨ। ਜਿੰਨਾਂ ਵਿੱਚ ਗਾਇਨੀ ਦੇ ਡਾਕਟਰਾਂ ਵੱਲੋਂ ਵਿਸ਼ੇਸ਼ ਕੈਂਪ ਲਗਾ ਕੇ ਗਰਵਤੀ ਮਾਵਾਂ ਦੀ ਸਿਹਤ ਸਬੰਧੀ ਮੁਫਤ ਚੈੱਕਅਪ, ਮੁਫਤ ਲੈਬ ਟੈਸਟ, ਦਵਾਈਆਂ ਅਤੇ ਸੁਰੱਖਿਤ ਜਣੇਪੇ ਸੰਬੰਧੀ ਜਾਣਕਾਰੀ ਦਿੱਤੀ ਜਾਂਦੀ ਹੈ। ਉਹਨਾਂ ਆਖਿਆ ਕਿ ਜੱਚਾ ਬੱਚਾ ਸਿਹਤ ਸੰਭਾਲ ਅਤੇ ਸੁਰੱਖਿਤ ਜਣੇਪੇ ਨੂੰ ਯਕੀਨੀ ਬਣਾਉਣ ਲਈ ਪੰਜਾਬ ਸਰਕਾਰ ਵੱਲੋਂ ਚਾਰ ਨਵੀਆਂ ਅਲਟਰਾਸ ਮਸ਼ੀਨਾਂ ਦਿੱਤੀਆਂ ਗਈਆਂ ਹਨ। ਜਿਨਾਂ ਵਿੱਚ ਸਿਵਲ ਹਸਪਤਾਲ ਅੰਮ੍ਰਿਤਸਰ, ਸਬ ਡਿਵੀਜ਼ਨਲ ਹਸਪਤਾਲ ਬਾਬਾ ਬਕਾਲਾ, ਸੀ.ਐਚ.ਸੀ. ਵੇਰਕਾ ਅਤੇ ਸੀ.ਐਚ.ਸੀ ਮਾਨਾਂਵਾਲਾ ਵਿਖੇ ਨਵੀਆਂ ਅਲਟਰਾਸਾਊਂਡ ਮਸ਼ੀਨਾਂ ਲਗਾਈਆਂ ਗਈਆਂ ਹਨ। ਜਿਸ ਨਾਲ ਲੋਕਲ ਮਰੀਜ਼ਾਂ ਨੂੰ ਅਲਟਾ ਸਾਊਂਡ ਲਈ ਦੂਰ ਨਹੀਂ ਜਾਣਾ ਪਵੇਗਾ ਅਤੇ ਜੱਚਾ ਬੱਚਾ ਸਿਹਤ ਸੰਭਾਲ ਵਿੱਚ ਹੋਰ ਸਹਿਯੋਗ ਦਾ ਮਿਲੇਗਾ।


ਆਵਾਜ਼ਿ ਕੌਮ AWAZE QAUM International Newspaper & WEB TV

ਇਸ ਮੌਕੇ ਤੇ ਸੀਨੀਅਰ ਮੈਡੀਕਲ ਅਫਸਰ ਡਾ ਪ੍ਰੀਤਵਿਨ ਅਤੇ ਗਾਇਨੀ ਦੇ ਮਾਹਰ ਡਾ ਚਿੰਕੀ ਠੁਕਰਾਲ ਵੱਲੋਂ ਗਰਭਵਤੀ ਮਾਵਾਂ ਨੂੰ ਚੰਗੀ ਸਿਹਤ ਸੰਭਾਲ ਅਤੇ ਸੁਰੱਖਿਆ ਜਣੇਪੇ ਸਬੰਧੀ ਵਿਸ਼ੇਸ਼ ਜਾਣਕਾਰੀ ਦਿੱਤੀ ਗਈ ਅਤੇ ਫਰੂਟ ਵੰਡੇ ਗਏ ਇਸ ਅਵਸਰ ਦੇ ਜਿਲਾ ਸਿਹਤ ਅਫਸਰ ਡਾ ਜਸਪਾਲ ਸਿੰਘ, ਸੀਨੀਅਰ ਮੈਡੀਕਲ ਅਫਸਰ ਡਾਕਟਰ ਰਜਨੀਸ਼ ਕੁਮਾਰ, ਜਿਲਾ ਐਮ.ਈ.ਆਈ.ਓ ਅਮਰਦੀਪ ਸਿੰਘ ਅਤੇ ਸਮੂਹ ਸਟਾਫ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਤਿੰਨ ਦੇਸ਼ਾਂ ਵਿੱਚ ਭਾਈ ਲਵਸ਼ਿੰਦਰ ਸਿੰਘ ਡੱਲੇਵਾਲ ਦੀ ਕਿਤਾਬ "ਸਿੱਦਕੀ ਤੇ ਸੰਘਰਸ਼ੀ" ਰਿਲੀਜ਼

# ਹਜ਼ਾਰਾਂ ਸਿੱਖ ਸੰਗਤਾਂ ਦੀ ਹਾਜ਼ਰੀ ਵਿੱਚ ਕਿਤਾਬ ਕੀਤੀ ਗਈ ਲੋਕ-ਅਰਪਿਤ




**ਲੰਡਨ, 9 ਜੂਨ (ਰਸ਼ਿਪੰਦਰ ਕੌਰ ਗਿੱਲ)**-ਹਾਲ ਹੀ ਦੌਰਾਨ ਭਾਈ ਲਵਸ਼ਿੰਦਰ ਸਿੰਘ ਡੱਲੇਵਾਲ ਵੱਲੋਂ ਲਿਖੀ ਅਤੇ ਬੀਬੀ ਰਸ਼ਿਪੰਦਰ ਕੌਰ ਗਿੱਲ ਵੱਲੋਂ ਸੰਪਾਦਤ ਕਿਤਾਬ "ਸਿੱਦਕੀ ਤੇ ਸੰਘਰਸ਼ੀ" ਨੂੰ ਬੀਤੇ ਐਤਵਾਰ ਤਿੰਨ ਦੇਸ਼ਾਂ—ਇੰਗਲੈਂਡ, ਫਰਾਂਸ ਅਤੇ ਬੈਲਜੀਅਮ ਵਿੱਚ ਰਿਲੀਜ਼ ਕੀਤਾ ਗਿਆ।

ਜੂਨ 1984 ਦੇ ਖ਼ੂਨੀ ਘੱਲੂਘਾਰੇ ਦੀ ਯਾਦ ਵਿੱਚ ਲੰਡਨ ਵਿਖੇ 'ਫੈਡਰੇਸ਼ਨ ਆਫ ਸਿੱਖ ਆਰਗੇਨਾਈਜ਼ੇਸ਼ਨਜ਼ ਯੂ.ਕੇ.' ਵੱਲੋਂ ਭਾਰੀ ਰੋਸ ਮੁਜ਼ਾਹਰਾ ਕੀਤਾ ਗਿਆ। ਇਸ ਦੌਰਾਨ ਟਰਫਾਲਗਰ ਸੁਕੇਅਰ ਵਿਖੇ ਹਜ਼ਾਰਾਂ ਸਿੱਖ ਸੰਗਤਾਂ ਦੀ ਮੌਜੂਦਗੀ ਵਿੱਚ ਫੈਡਰੇਸ਼ਨ ਦੇ ਕੋਆਰਡੀਨੇਟਰ ਭਾਈ ਕੁਲਦੀਪ ਸਿੰਘ ਚਹੇੜੂ, ਭਾਈ ਜੋਗਾ ਸਿੰਘ, ਭਾਈ ਲਵਸ਼ਿੰਦਰ ਸਿੰਘ ਡੱਲੇਵਾਲ, ਬ੍ਰਿਟਿਸ਼ ਸਿੱਖ ਕੌਂਸਲ ਦੇ ਮੁਖੀ ਭਾਈ ਤਰਸੇਮ ਸਿੰਘ, ਧਰਮਯੁੱਧ ਜਥਾ ਦਮਦਮੀ ਟਕਸਾਲ ਯੂ.ਕੇ. ਟਿਵੀਡੇਲ, ਵਰਲਡ ਸਿੱਖ ਪਾਰਲੀਮੈਂਟ ਦੇ ਭਾਈ ਮਨਪ੍ਰੀਤ ਸਿੰਘ, ਧਰਮਯੁੱਧ ਜਥਾ ਯੂ.ਕੇ. ਦੇ ਮੁਖੀ ਭਾਈ ਬਲਵਿੰਦਰ ਸਿੰਘ ਵੁਲਵਰਹੈਪਟਨ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਯੂ.ਕੇ. ਦੇ ਪ੍ਰਧਾਨ ਭਾਈ ਜਸਪਾਲ ਸਿੰਘ ਬੈਂਸ ਅਤੇ ਬੀਬੀ ਪਾਲਜੀਤ ਕੌਰ ਪੰਜਵੜ ਦੇ ਭਰਾ ਭਾਈ ਕਸ਼ਮੀਰ ਸਿੰਘ ਨੇ ਸਾਂਝੇ ਤੌਰ 'ਤੇ "ਸਿੱਦਕੀ ਤੇ ਸੰਘਰਸ਼ੀ" ਕਿਤਾਬ ਦਾ ਲੋਕ ਅਰਪਣ ਕੀਤਾ।

ਬੈਲਜੀਅਮ ਵਿੱਚ ਘੱਲੂਘਾਰਾ ਜੂਨ 1984 ਦੀ ਯਾਦ ਵਿੱਚ ਹੋਏ ਸ਼ਹੀਦੀ ਸਮਾਗਮ ਦੌਰਾਨ ਭਾਈ ਮਨਜੋਤ ਸਿੰਘ ਭੂਰਾ, ਭਾਈ ਗੁਰਦਿਆਲ ਸਿੰਘ ਢਕਾਨੂਸ ਅਤੇ ਸਾਥੀਆਂ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਇਹ ਕਿਤਾਬ ਰਿਲੀਜ਼ ਕੀਤੀ ਗਈ। ਇਸੇ ਤਰ੍ਹਾਂ ਪੈਰਿਸ (ਫਰਾਂਸ) ਵਿਖੇ ਪੰਜਾਬ ਤੋਂ ਕੁਝ ਦਿਨ ਪਹਿਲਾਂ ਪੁੱਜੇ ਕਵੀਸ਼ਰ ਭਾਈ ਨਿਸ਼ਾਨ ਸਿੰਘ ਦੇ ਕਵੀਸ਼ਰੀ ਜਥੇ ਵੱਲੋਂ ਗੁਰਦੁਆਰਾ ਸਾਹਿਬ ਵਿਖੇ ਇਸ ਕਿਤਾਬ ਨੂੰ ਲੋਕ-ਅਰਪਿਤ ਕੀਤਾ ਗਿਆ।

ਭਾਈ ਲਵਸ਼ਿੰਦਰ ਸਿੰਘ ਡੱਲੇਵਾਲ ਉਹ ਸ਼ਖਸਿਅਤ ਹਨ ਜੋ ਆਪਣਾ ਸਾਰਾ ਜੀਵਨ ਸਿੱਖ ਸੰਘਰਸ਼ ਨੂੰ ਸਮਰਪਿਤ ਕਰ ਚੁੱਕੇ ਹਨ। ਉਹ ਅੱਜ-ਕੱਲ੍ਹ ਯੂ.ਕੇ. ਵਿੱਚ ਰਹਿ ਕੇ ਸੋਸ਼ਲ ਮੀਡੀਆ ਰਾਹੀਂ ਵੀਡੀਓਜ਼ ਬਣਾ ਕੇ ਸ਼ਹੀਦ ਸਿੰਘਾਂ ਦੀਆਂ ਯਾਦਾਂ ਨੂੰ ਤਾਜ਼ਾ ਕਰਦੇ ਹਨ ਅਤੇ ਅਗਲੀ ਪੀੜ੍ਹੀ ਨੂੰ ਵਾਪਰੀ ਹਰ ਇਤਿਹਾਸਕ ਘਟਨਾ ਦੀ ਸਟੀਕ ਜਾਣਕਾਰੀ ਦਿੰਦੇ ਹਨ। ਪੰਥ ਅਤੇ ਕੌਮ ਪ੍ਰਤੀ ਹਰ ਪੱਖੋਂ ਸੁਚੇਤ ਭਾਈ ਡੱਲੇਵਾਲ ਆਪਣੀ ਕਲਮ ਰਾਹੀਂ ਪੰਜਾਬ ਦੀ ਆਜ਼ਾਦੀ ਦੇ ਸੰਘਰਸ਼ ਵਿੱਚ ਨਿਰੰਤਰ ਯੋਗਦਾਨ ਪਾ ਰਹੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਤੋਂ ਪਹਿਲਾਂ ਉਨ੍ਹਾਂ ਨੇ ਸਿੱਖ ਇਤਿਹਾਸ ਦੀ ਝੋਲੀ ਵਿੱਚ ਆਪਣੀ ਕਿਤਾਬ "ਸੰਘਰਸ਼ ਦਾ ਦੌਰ" ਪਾਈ ਸੀ, ਜਿਸ ਦੇ ਹੁਣ ਤੱਕ ਦੋ ਐਡੀਸ਼ਨ (ਸਾਲ 2024 ਅਤੇ 2025 ਵਿੱਚ) ਆ ਚੁੱਕੇ ਹਨ। ਉਸ ਕਿਤਾਬ ਵਿੱਚ ਉਨ੍ਹਾਂ ਨੇ ਉਨ੍ਹਾਂ ਜੁਝਾਰੂ ਸਿੰਘਾਂ ਦੀ ਹਕੀਕਤ ਬਿਆਨ ਕੀਤੀ ਸੀ, ਜੋ ਸਿੱਖ ਕੌਮ ਦੇ ਗਲੋਂ ਗੁਲਾਮੀ ਲਾਹੁਣ ਦੀ ਚਾਹਤ ਰੱਖਦਿਆਂ ਆਪਣਾ ਆਪ ਵਾਰ ਕੇ ਸ਼ਹਾਦਤਾਂ ਦਾ ਜਾਮ ਪੀ ਗਏ। ਆਪਣੀ ਨਵੀਂ ਕਿਤਾਬ "ਸਿੱਦਕੀ ਤੇ ਸੰਘਰਸ਼ੀ" ਵਿੱਚ ਭਾਈ ਲਵਸ਼ਿੰਦਰ ਸਿੰਘ ਡੱਲੇਵਾਲ ਜੀ ਨੇ ਉਨ੍ਹਾਂ ਬੀਬੀਆਂ ਨੂੰ 'ਸਿਦਕੀ' ਕਹਿ ਕੇ ਵਡਿਆਇਆ ਹੈ, ਜਿਨ੍ਹਾਂ ਨੇ ਆਪਣੇ ਸ਼ਹੀਦ ਹੋਏ ਸਿੰਘਾਂ ਦੇ ਨਾਮ ਨਾਲ ਆਪਣੀ ਸਾਰੀ ਜ਼ਿੰਦਗੀ ਪੰਥ ਨੂੰ ਸਮਰਪਿਤ ਕਰ ਦਿੱਤੀ। ਸਰਕਾਰਾਂ ਦੇ ਭਾਰੀ ਤਸ਼ੱਦਦ ਸਹਿਣ ਦੇ ਬਾਵਜੂਦ ਉਨ੍ਹਾਂ ਨੇ ਮਾਣ ਨਾਲ ਆਪਣਾ ਜੀਵਨ ਬਤੀਤ ਕੀਤਾ ਅਤੇ ਸ਼ਹੀਦ ਸਿੰਘਾਂ ਦੇ ਮਾਤਾ-ਪਿਤਾ ਜਾਂ ਬੱਚਿਆਂ ਦੀ ਦੇਖਭਾਲ ਕਰਨਾ ਆਪਣਾ ਪਰਮ-ਫ਼ਰਜ਼ ਸਮਝਿਆ।

ਦੂਜੇ ਪਾਸੇ, ਇਸ ਕਿਤਾਬ ਵਿੱਚ ਉਨ੍ਹਾਂ ਜੁਝਾਰੂ ਸਿੰਘਾਂ ਨੂੰ 'ਸੰਘਰਸ਼ੀ' ਦਰਸਾਇਆ ਗਿਆ ਹੈ, ਜੋ ਕਿਸੇ ਨਾ ਕਿਸੇ ਤਰ੍ਹਾਂ ਪੁਲਿਸ ਦੀ ਗੋਲੀ ਦੀ ਮਾਰ ਤੋਂ ਤਾਂ ਬਚ ਗਏ, ਪਰ ਉਨ੍ਹਾਂ ਨੇ ਆਪਣਾ ਬਾਕੀ ਸਾਰਾ ਜੀਵਨ (ਚਾਹੇ ਪੰਜਾਬ ਵਿੱਚ ਰਹਿ ਕੇ ਜਾਂ ਵਿਦੇਸ਼ਾਂ ਵਿੱਚ ਜਲਾਵਤਨੀ ਕੱਟ ਕੇ) ਕੌਮ ਲੇਖੇ ਲਾ ਦਿੱਤਾ। ਉਹ ਕਦੇ ਵੀ ਜ਼ਾਲਮ ਸਰਕਾਰਾਂ ਅੱਗੇ ਨਹੀਂ ਝੁਕੇ, ਨਾ ਹੀ ਉਨ੍ਹਾਂ ਦੀ ਈਨ ਮੰਨੀ ਅਤੇ ਆਪਣਾ ਸਿੱਖੀ ਸਿਦਕ ਆਖ਼ਰੀ ਸਾਹਾਂ ਤੱਕ ਨਿਭਾਉਣ ਲਈ ਵਚਨਬੱਧ ਰਹੇ। ••

ਨਰੀ ਨੋਵਾਕ ਨੂੰ ਇਨਸਾਫ਼ ਦਿਵਾਉਣ ਲਈ ਪਟੀਸ਼ਨ ਸ਼ੁਰੂ

# ਭਾਈ ਦਬਿੰਦਰਜੀਤ ਸਿੰਘ ਦੀ ਲੋਕਾਂ ਨੂੰ ਵੱਧ ਤੋਂ ਵੱਧ ਸਾਈਨ ਕਰਨ ਦੀ ਅਪੀਲ

ਅਦਾਲਤ ਅੰਦਰ ਚਲੇ ਮੁਕੱਦਮੇ ਦੌਰਾਨ ਸਿੱਖ ਧਰਮ ਦੇ ਪਵਿੱਤਰ ਕਿਰਪਾਨ ਨੂੰ ਵਿਵਾਦਾਂ ਵਿੱਚ ਘਸੀਟਿਆ ਜਾਣਾ ਅਤਿ ਦੁਖਦਾਇਕ



**ਨਵੀਂ ਦਿੱਲੀ, 9 ਜੂਨ (ਮਨਪ੍ਰੀਤ ਸਿੰਘ ਖਾਲਸਾ)**:- ਸਿੱਖ ਭਾਈਚਾਰੇ ਦੇ ਪ੍ਰਮੁੱਖ ਆਗੂ ਭਾਈ ਦਬਿੰਦਰਜੀਤ ਸਿੰਘ ਵੱਲੋਂ 18 ਸਾਲਾ ਹੈਨਰੀ ਨੋਵਾਕ ਦੀ ਮੌਤ ਸਬੰਧੀ ਇੱਕ ਕਾਨੂੰਨੀ ਜਨਤਕ ਜਾਂਚ ਦੀ ਮੰਗ ਕਰਦਿਆਂ ਪਟੀਸ਼ਨ ਸ਼ੁਰੂ ਕੀਤੀ ਗਈ ਹੈ। ਭਾਈ ਦਬਿੰਦਰਜੀਤ ਸਿੰਘ ਨੇ ਕਿਹਾ ਕਿ ਹੈਨਰੀ ਨੋਵਾਕ ਦੀ ਮੌਤ ਸਿਰਫ਼ ਇੱਕ ਪਰਿਵਾਰ ਲਈ ਨਹੀਂ, ਸਗੋਂ ਪੂਰੇ ਸਮਾਜ ਲਈ ਚਿੰਤਾ ਦਾ ਵਿਸ਼ਾ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿੱਚ ਪੁਲਿਸ, ਹੋਰ ਸੰਬੰਧਿਤ ਏਜੰਸੀਆਂ ਅਤੇ ਨਿਆਂ ਪ੍ਰਣਾਲੀ ਦੀ ਭੂਮਿਕਾ ਬਾਰੇ ਕਈ ਗੰਭੀਰ ਸਵਾਲ ਖੜ੍ਹੇ ਹੋਏ ਹਨ, ਜਿਨ੍ਹਾਂ ਦੀ ਨਿਰਪੱਖ ਅਤੇ ਖੁੱਲ੍ਹੀ ਜਾਂਚ ਹੋਣੀ ਚਾਹੀਦੀ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਘਟਨਾ ਦੌਰਾਨ ਅਤੇ ਉਸ ਤੋਂ ਬਾਅਦ ਅਪਣਾਈਆਂ ਗਈਆਂ ਪ੍ਰਕਿਰਿਆਵਾਂ ਵਿੱਚ ਕਈ ਅਜਿਹੀਆਂ ਕਮੀਆਂ ਸਾਹਮਣੇ ਆਈਆਂ ਹਨ, ਜਿਨ੍ਹਾਂ ਕਾਰਨ ਲੋਕਾਂ ਦਾ ਭਰੋਸਾ ਪ੍ਰਭਾਵਿਤ ਹੋਇਆ ਹੈ। ਉਨ੍ਹਾਂ ਕਿਹਾ ਕਿ ਸੱਚਾਈ ਸਾਹਮਣੇ ਲਿਆਉਣ ਅਤੇ ਜਵਾਬਦੇਹੀ ਯਕੀਨੀ ਬਣਾਉਣ ਲਈ ਇੱਕ ਸੁਤੰਤਰ ਜਨਤਕ ਜਾਂਚ ਬਹੁਤ ਜ਼ਰੂਰੀ ਹੈ। ਸਿੱਖ ਫੈਡਰੇਸ਼ਨ ਯੂਕੇ ਦੇ ਪ੍ਰਮੁੱਖ ਮੈਂਬਰ ਭਾਈ ਦਬਿੰਦਰਜੀਤ ਸਿੰਘ ਬੀਪੀਓ ਨੇ ਇਹ ਵੀ ਕਿਹਾ ਕਿ ਸਾਊਥਹੈਂਪਟਨ ਕ੍ਰਾਊਨ ਕੋਰਟ ਵਿੱਚ ਚੱਲੇ ਮੁਕੱਦਮੇ ਦੌਰਾਨ ਸਿੱਖ ਧਰਮ ਦੇ ਪਵਿੱਤਰ ਕਿਰਪਾਨ ਨੂੰ ਵਿਵਾਦਾਂ ਵਿੱਚ ਘਸੀਟਿਆ ਗਿਆ, ਜਿਸ ਨਾਲ ਸਿੱਖ ਭਾਈਚਾਰੇ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚੀ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਕਿਸੇ ਵੀ ਧਾਰਮਿਕ ਪ੍ਰਤੀਕ ਨੂੰ ਗਲਤ ਢੰਗ ਨਾਲ ਪੇਸ਼ ਕਰਨਾ ਸਮਾਜਿਕ ਸਦਭਾਵਨਾ ਲਈ ਠੀਕ ਨਹੀਂ ਹੈ। ਉਨ੍ਹਾਂ ਸਾਰੇ ਇਨਸਾਫ਼-ਪਸੰਦ ਲੋਕਾਂ ਨੂੰ ਅਪੀਲ ਹੈ ਕਿ ਵੱਧ ਤੋਂ ਵੱਧ ਪਟੀਸ਼ਨ 'ਤੇ ਦਸਤਖ਼ਤ ਕਰਕੇ ਆਪਣਾ ਸਮਰਥਨ ਦੇਣ ਅਤੇ ਨਿਆਂ ਦੀ ਇਸ ਆਵਾਜ਼ ਨੂੰ ਮਜ਼ਬੂਤ ਬਣਾਉਣ ਤਾਂ ਜੋ ਹੈਨਰੀ ਨੋਵਾਕ ਦੇ ਪਰਿਵਾਰ ਨੂੰ ਨਿਆਂ ਮਿਲ ਸਕੇ, ਸੰਬੰਧਿਤ ਸੰਸਥਾਵਾਂ ਦੀ ਜਵਾਬਦੇਹੀ ਤੈਅ ਹੋਵੇ ਅਤੇ ਭਵਿੱਖ ਵਿੱਚ ਅਜਿਹੀਆਂ ਦੁਖਦਾਈ ਘਟਨਾਵਾਂ ਨੂੰ ਰੋਕਣ ਲਈ ਲੋੜੀਂਦੇ ਸੁਧਾਰ ਕੀਤੇ ਜਾ ਸਕਣ। ਅੰਤ ਵਿਚ ਭਾਈ ਦਬਿੰਦਰਜੀਤ ਸਿੰਘ ਨੇ ਕਿਹਾ ਕਿ ਇਹ ਮੁਹਿੰਮ ਸਿਰਫ਼ ਇੱਕ ਪਰਿਵਾਰ ਲਈ ਨਿਆਂ ਦੀ ਲੜਾਈ ਨਹੀਂ, ਸਗੋਂ ਇੱਕ ਅਜਿਹੀ ਪ੍ਰਣਾਲੀ ਦੀ ਮੰਗ ਹੈ ਜੋ ਹਰ ਨਾਗਰਿਕ ਨਾਲ ਨਿਰਪੱਖਤਾ, ਸਤਿਕਾਰ ਅਤੇ ਜਵਾਬਦੇਹੀ ਨਾਲ ਪੇਸ਼ ਆਵੇ।

ਆਵਾਜ਼ਿ ਕੌਮ AWAZE QAUM International Newspaper & WEB TV

# ਫੈਡਰੇਸ਼ਨ ਮਹਿਤਾ ਨੇ ਆਪਣੇ ਵਰਕਰਾਂ ਦੇ ਅਹੁਦਿਆਂ ਵਿਚ ਕੀਤੀ ਤਬਦੀਲੀ

## ਕੁਲਦੀਪ ਸਿੰਘ ਨੰਦਾ ਜ਼ਿਲ੍ਹਾ ਪ੍ਰਧਾਨ ਤੇ ਡਾ: ਗੁਰਮੀਤ ਸਿੰਘ ਕੌਮੀ ਸਕੱਤਰ ਬਣੇ



**ਫ਼ਿਰੋਜ਼ਪੁਰ, 9 ਜੂਨ (ਮਨੋਹਰ ਲਾਲ)** :— ਧਾਰਮਿਕ, ਸਮਾਜਿਕ ਅਤੇ ਰਾਜਨੀਤਕ ਖੇਤਰ ਦੀ ਸਿਰਮੌਰ ਅਤੇ ਪੰਥ ਦੇ ਹਰਿਆਵਲ ਦਸਤੇ ਵਜੋਂ ਜਾਣੀ ਜਾਂਦੀ ਸਿੱਖ ਧਰਮ ਦੀ ਜੁਝਾਰੂ ਜਥੇਬੰਦੀ ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ ਦੇ ਫ਼ਿਰੋਜ਼ਪੁਰ ਯੂਨਿਟ ਵਿਚ ਮਿਹਨਤੀ ਅਤੇ ਇਮਾਨਦਾਰ ਵਰਕਰਾਂ ਦੇ ਅਹੁਦਿਆਂ ਵਿਚ ਅੱਜ ਕੁਝ ਤਬਦੀਲੀ ਦਾ ਐਲਾਨ ਕੀਤਾ ਹੈ। ਗੱਲਬਾਤ ਕਰਦਿਆਂ ਫੈਡਰੇਸ਼ਨ ਦੇ ਕੌਮੀ ਸੀਨੀਅਰ ਮੀਤ ਪ੍ਰਧਾਨ ਭਾਈ ਜਸਪਾਲ ਸਿੰਘ, ਕੌਮੀ ਮੀਤ ਪ੍ਰਧਾਨ ਸੁਖਦੇਵ ਸਿੰਘ ਲਾਡਾ, ਕੌਮੀ ਜਨਰਲ ਸਕੱਤਰ ਗਗਨਦੀਪ ਸਿੰਘ ਚਾਵਲਾ, ਉਡੀਕ ਸਿੰਘ ਕੁੰਡੇ ਅਤੇ ਮਨਜੀਤ ਸਿੰਘ ਔਲਖ ਨੇ ਕਿਹਾ ਕਿ ਕੌਮੀ ਪ੍ਰਧਾਨ ਭਾਈ ਅਮਰਬੀਰ ਸਿੰਘ ਢੋਟ ਦੇ ਸਲਾਹ ਮਸ਼ਵਰੇ ਨਾਲ ਮਿਹਨਤੀ ਵਰਕਰ ਕੁਲਦੀਪ ਸਿੰਘ ਨੰਦਾ ਨੂੰ ਜ਼ਿਲ੍ਹਾ ਪ੍ਰਧਾਨ ਸ਼ਹਿਰੀ ਅਤੇ ਡਾ: ਗੁਰਮੀਤ ਸਿੰਘ ਨੂੰ ਕੌਮੀ ਸਕੱਤਰ, ਕਿਰਨਦੀਪ ਸਿੰਘ ਪੱਲ੍ਹਾ ਨੂੰ ਸ਼ਹਿਰੀ ਸਰਕਲ ਪ੍ਰਧਾਨ ਮਿਹਰ ਸਿੰਘ ਜ਼ੋਸਨ ਅਤੇ ਸੁਰਜੀਤ ਸਿੰਘ ਸੰਧੂ ਨੂੰ ਐਗਜੈਟਿਵ ਮੈਂਬਰ ਬਣਾਇਆ ਗਿਆ ਹੈ। ਉਕਤ ਆਗੂਆਂ ਨੇ ਦੱਸਿਆ ਕਿ ਮਿਹਨਤੀ ਅਤੇ ਇਮਾਨਦਾਰ ਵਰਕਰਾਂ ਨੂੰ ਜਥੇਬੰਦੀ ਨੇ ਹਮੇਸ਼ਾ ਹੀ ਸਮੇਂ—ਸਮੇਂ ਤੇ ਇਜਤ ਮਾਣ ਬਖਸ਼ਿਆ ਹੈ ਅਤੇ ਅੱਗੇ ਤੋਂ ਵੀ ਇਹ ਪੰਰਪਰਾ ਜਾਰੀ ਰਹੇਗੀ। ਉਨ੍ਹਾਂ ਇਹ ਵੀ ਕਿਹਾ ਕਿ ਸਾਫ ਸੁਥਰੇ ਅਕਸ ਵਾਲੇ ਵਰਕਰ ਹੀ ਜਥੇਬੰਦੀ ਵਿਚ ਰੱਖੇ ਜਾਣਗੇ ਅਤੇ ਭ੍ਰਿਸ਼ਟ ਲੋਕਾਂ ਦੀ ਜਥੇਬੰਦੀ ਵਿਚ ਕੋਈ ਥਾਂ ਨਹੀਂ ਹੋਵੇਗੀ। ਉਕਤ ਆਗੂਆਂ ਨੇ ਇਹ ਵੀ ਕਿਹਾ ਕਿ ਆਪਣੀਆਂ ਸ਼ਹੀਦੀਆਂ ਦੇ ਕੇ ਫੈਡਰੇਸ਼ਨ ਦਾ ਗੌਰਵਮਈ ਇਤਿਹਾਸ ਸਿਰਜਣ ਵਾਲੇ ਆਗੂਆਂ ਦੇ ਪਾਏ ਪੂਰਣਿਆਂ ਤੇ ਹਮੇਸ਼ਾ ਪਹਿਰਾ ਦਿੱਤਾ ਜਾਵੇਗਾ। ਉਨ੍ਹਾਂ ਇਹ ਵੀ ਦੱਸਿਆ ਕਿ ਆਉਣ ਵਾਲੇ ਸਮੇਂ ਵਿਚ ਜਥੇਬੰਦੀ ਵਿਚ ਹੋਰ ਵੀ ਪੁਰਾਣੇ ਮਿਹਨਤੀ ਵਰਕਰ ਸ਼ਾਮਲ ਹੋ ਰਹੇ ਹਨ। ਇਸ ਸਮੇਂ ਰਣਜੀਤ ਸਿੰਘ ਬਬਲੂ, ਗੁਰਦਰਸ਼ਨ ਸਿੰਘ ਬੱਬੀ, ਹਰਜਿੰਦਰ ਸਿੰਘ ਬੱਗਾ ਅਤੇ ਜ਼ਸਬੀਰ ਸਿੰਘ ਜੱਸ ਆਦਿ ਸ਼ਾਮਿਲ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਉੱਚ ਅਧਿਕਾਰੀਆਂ ਦੇ ਹੁਕਮਾਂ ਨੂੰ ਟਿਚ ਸਮਝ ਆਰ.ਓ ਨੂੰ ਰਲੀਵ ਨਾ ਕਰਨ ਦੇ ਰੋਸ ਵਜੋਂ ਪੀ.ਐਸ.ਈ.ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਨੇ ਐਕਸੀਅਨ ਦਫਤਰ ਮੂਹਰੇ ਲਾਇਆ ਧਰਨਾ



**ਫ਼ਿਰੋਜ਼ਪੁਰ, 9 ਜੂਨ (ਮਨੋਹਰ ਲਾਲ)** :— ਪੀ.ਐਸ.ਈ.ਬੀ ਇੰਪਲਾਈਜ ਫੈਡਰੇਸ਼ਨ ਏਟਕ ਦੇ ਆਗੂਆਂਠ ਨੇ ਐਕਸੀਅਨ ਸਬ ਅਰਬਨ ਮੰਡਲ ਫ਼ਿਰੋਜ਼ਪੁਰ ਦੇ ਦਫਤਰ ਮੂਹਰੇ ਮਾਰਿਆ ਰੋਹ ਧਰਨਾ। ਇਸ ਰੋਹ ਧਰਨੇ ਦੀ ਅਗਵਾਈ ਕਰਦਿਆਂ ਮੁਲਾਜ਼ਮ ਆਗੂਆਂ ਨੇ ਕਿਹਾ ਕਿ ਇਹ ਰੋਹ ਧਰਨਾ ਆਰ.ਏ ਮੋਹਿਤ ਅਗਰਵਾਲ ਨੂੰ ਰਲੀਵ ਕਰਵਾਉਣ ਲਈ ਦਿੱਤਾ ਗਿਆ ਹੈ। ਇਸ ਧਰਨੇ ਵਿਚ ਅਸ਼ਵਨੀ ਕੁਮਾਰ ਜ਼ੋਨ ਦੇ ਆਗੂ ਰਾਜੇਸ਼ ਦੱਤਾ ਸਰਕਲ ਦੇ ਪ੍ਰਧਾਨ ਰਕੇਸ਼ ਸੈਣੀ ਸਰਕਲ ਆਗੂ ਤਰਲੋਚਨ ਸਿੰਘ, ਬਲਵੰਤ ਸਿੰਘ ਬਿੱਟੂ, ਅਨਮੋਲਕ ਸਿੰਘ, ਰੋਸ਼ਨ ਲਾਲ, ਰਜਿੰਦਰ ਸਿੰਘ, ਰੋਸ਼ਨ ਲਾਲ, ਰਾਮ ਸੁੱਖ, ਰਜੇਸ਼ ਕੁਮਾਰ ਝੋਕ ਹਰੀਹਰ, ਰਣਵੀਰ ਸਿੰਘ, ਸਤਪਾਲ ਸਿੰਘ ਨੰਦ ਲਾਲ, ਸਵਰਨ ਸਿੰਘ, ਸੁਖਦੇਵ ਸਿੰਘ, ਰੋਹਿਤ ਦੇਵਗਨ, ਸਾਹਿਲ ਚਾਵਲਾ, ਸੁਰਿੰਦਰ ਕੁਮਾਰ, ਰਜਿੰਦਰ ਕੁਮਾਰ ਆਦਿ ਨੇ ਸੰਬੋਧਨ ਕਰਦਿਆਂ ਕਿਹਾ ਕਿ ਐਕਸੀਅਨ ਸਬ ਅਰਬਨ ਮੰਡਲ ਫ਼ਿਰੋਜ਼ਪੁਰ ਅਤੇ ਉਪ ਮੰਡਲ ਅਫਸਰ ਸਬ ਅਰਬਨ ਸਬ ਡਵੀਜਨ ਫ਼ਿਰੋਜ਼ਪੁਰ ਵੱਲੋਂ ਸਾਥੀ ਮੋਹਿਤ ਅਗਰਵਾਲ ਨੂੰ ਰਲੀਵ ਨਹੀਂ ਕੀਤਾ ਜਾ ਰਿਹਾ, ਜ਼ੋ ਕਿ ਇਸ ਕਰਮਚਾਰੀ ਦੇ ਆਰਡਰ ਮੁੱਖ ਇੰਜੀਨੀਅਰ ਪੱਛਮ ਜ਼ੋਨ ਬਠਿੰਡਾ ਵੱਲੋਂ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਹੁਕਮਾਂ ਦੀ ਪਾਲਣਾ ਕਰਨ ਦੀ ਬਜਾਏ ਸਾਥੀ ਮੋਹਿਤ ਅਗਰਵਾਲ ਨੂੰ ਖਰਾਬ ਕੀਤਾ ਜਾ ਰਿਹਾ ਹੈ ਅਤੇ ਸਾਥੀ ਮੁਲਾਜ਼ਮ ਨੂੰ ਰਲੀਵ ਕਰਵਾਉਣ ਲਈ ਜਥੇਬੰਦੀ ਦੇ ਆਗੂਆਂ ਵੱਲੋਂ ਲਗਾਤਾਰ ਐਸ.ਡੀ.ਓ ਅਤੇ ਐਕਸੀਅਨ ਅਤੇ ਨਿਗਰਾਨ ਇੰਜੀਨੀਅਰ ਫ਼ਿਰੋਜ਼ਪੁਰ ਨੂੰ ਵੀ ਮਿਲ ਚੁੱਕੀ ਹੈ, ਪਰ ਸਾਰੇ ਅਫਸਰਾਂ ਵੱਲੋਂ ਟਾਲ—ਮਟੋਲ ਦੀ ਨੀਤੀ ਅਪਨਾਈ ਹੋਈ ਹੈ, ਜਿਸ ਕਰਕੇ ਮਜ਼ਬੂਰਨ ਅੱਜ ਇਹ ਰੋਹ ਧਰਨਾ ਦੇਣਾ ਪਿਆ। ਗੱਲਬਾਤ ਕਰਦਿਆਂ ਆਗੂਆਂ ਨੇ ਕਿਹਾ ਕਿ ਮੁਲਾਜ਼ਮ ਸਾਥੀ ਨੂੰ ਇਨਸਾਫ ਦਿਵਾਉਣ ਵਾਸਤੇ ਅਤੇ ਸਾਥੀ ਨੂੰ ਰਲੀਵ ਕਰਵਾਉਣ ਲਈ ਜਥੇਬੰਦੀ ਨੂੰ ਸੰਘਰਸ਼ ਕਰਨਾ ਪਿਆ ਅਤੇ ਜਥੇਬੰਦੀ ਆਪਣੇ ਸਾਥੀਆਂ ਦੇ ਹੱਕ ਵਿਚ ਇਸੀ ਤਰ੍ਹਾਂ ਡਟਦੀ ਰਹੇਗੀ। ਐਕਸੀਅਨ ਦਫਤਰ ਮੂਹਰੇ ਲਾਏ ਰੋਹ ਧਰਨੇ ਵਿਚ ਵੱਡੀ ਤਦਾਦ ਜੁੜੇ ਮੁਲਾਜ਼ਮ ਸਾਥੀਆਂ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਜਿਨ੍ਹਾਂ ਚਿਰ ਸਾਥੀ ਨੂੰ ਰਲੀਵ ਨਹੀਂ ਕੀਤਾ ਜਾਂਦਾ, ਉਨ੍ਹੀ ਦੇਰ ਸੰਘਰਸ਼ ਚੱਲਦਾ ਰਹੇਗਾ ਅਤੇ ਇਸ ਸੰਰਘਸ਼ ਦੌਰਾਨ ਨਿਕਲਣ ਵਾਲੇ ਸਿੱਟਿਆਂ ਦੀ ਜਿੰਮੇਵਾਰੀ ਐਕਸੀਅਨ ਸਬ ਅਰਬਨ ਮੰਡਲ ਅਤੇ ਐਸ.ਡੀ.ਓ ਸਬ ਅਰਬਨ ਸਬ ਡਵੀਜਨ ਦੀ ਹੋਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਪ੍ਰਧਾਨ ਮੰਤਰੀ ਮੋਦੀ ਦੀ ਇਤਿਹਾਸਕ ਪ੍ਰਾਪਤੀ

# 1.4 ਅਰਬ ਭਾਰਤੀਆਂ ਦੇ ਭਰੋਸੇ ਦਾ ਪ੍ਰਤੀਕ: ਬਲ ਮਲਕੀਤ ਸਿੰਘ

**ਚੌਕ ਮਹਿਤਾ, 9 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਮਹਾਰਾਸ਼ਟਰ ਰਾਜ ਪੰਜਾਬੀ ਸਾਹਿਤ ਅਕਾਦਮੀ, ਮਹਾਰਾਸ਼ਟਰ ਸਰਕਾਰ ਦੇ ਕਾਰਜਕਾਰੀ ਚੇਅਰਮੈਨ ਸ਼੍ਰੀ ਬਲ ਮਲਕੀਤ ਸਿੰਘ ਨੇ ਭਾਰਤ ਦੇ ਇਤਿਹਾਸ ਵਿੱਚ ਸਭ ਤੋਂ ਲੰਬੇ ਸਮੇਂ ਤੱਕ ਸੇਵਾ ਕਰਨ ਵਾਲੇ ਪ੍ਰਧਾਨ ਮੰਤਰੀ ਬਣਨ ਦੀ ਇਤਿਹਾਸਕ ਪ੍ਰਾਪਤੀ 'ਤੇ ਮਾਣਯੋਗ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੂੰ ਦਿਲੋਂ ਵਧਾਈਆਂ ਅਤੇ ਸ਼ੁਭਕਾਮਨਾਵਾਂ ਦਿੱਤੀਆਂ ਹਨ। ਇਸ ਮੌਕੇ ਨੂੰ 1.4 ਅਰਬ ਭਾਰਤੀਆਂ ਲਈ ਮਾਣ ਅਤੇ ਸਨਮਾਨ ਦਾ ਪਲ ਦੱਸਦਿਆਂ, ਸ਼੍ਰੀ ਬਲ ਮਲਕੀਤ ਸਿੰਘ ਨੇ ਕਿਹਾ ਕਿ ਇਹ ਅਸਾਧਾਰਨ ਪ੍ਰਾਪਤੀ ਦੇਸ਼ ਵਾਸੀਆਂ ਦੁਆਰਾ ਪ੍ਰਧਾਨ ਮੰਤਰੀ ਮੋਦੀ ਦੀ ਦੂਰਦਰਸ਼ੀ, ਨਿਰਣਾਇਕ ਅਤੇ ਪਰਿਵਰਤਨਸ਼ੀਲ ਅਗਵਾਈ ਵਿੱਚ ਪ੍ਰਗਟਾਏ ਗਏ ਅਟੁੱਟ ਵਿਸ਼ਵਾਸ, ਸਮਰਥਨ ਅਤੇ ਪਿਆਰ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ, "ਮਾਨਯੋਗ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੀ ਗਤੀਸ਼ੀਲ ਅਗਵਾਈ ਹੇਠ, ਭਾਰਤ ਨੇ ਵਿਕਾਸ, ਸੁਸ਼ਾਸਨ ਅਤੇ ਰਾਸ਼ਟਰੀ ਪੁਨਰਜਾਗਰਣ ਦਾ ਇੱਕ ਨਵਾਂ ਅਧਿਆਇ ਲਿਖਿਆ ਹੈ। ਉਨ੍ਹਾਂ ਦੀ ਅਗਵਾਈ ਹੇਠ, ਭਾਰਤ ਨੇ ਆਰਥਿਕ ਵਿਕਾਸ, ਬੁਨਿਆਦੀ ਢਾਂਚੇ ਦੇ ਵਿਸਥਾਰ, ਰਾਸ਼ਟਰੀ ਸੁਰੱਖਿਆ, ਸਮਾਜਿਕ ਭਲਾਈ, ਡਿਜੀਟਲ ਪਰਿਵਰਤਨ ਅਤੇ ਵਿਸ਼ਵਵਿਆਪੀ ਪ੍ਰਤਿਸ਼ਠਾ ਦੇ ਖੇਤਰਾਂ ਵਿੱਚ ਬੇਮਿਸਾਲ ਪ੍ਰਾਪਤੀਆਂ ਪ੍ਰਾਪਤ ਕੀਤੀਆਂ ਹਨ।" ਸਿੰਘ ਨੇ ਕਿਹਾ ਕਿ ਡਿਜੀਟਲ ਇੰਡੀਆ, ਮੇਕ ਇਨ ਇੰਡੀਆ, ਸਟਾਰਟਅੱਪ ਇੰਡੀਆ, ਸਕਿੱਲ ਇੰਡੀਆ, ਆਤਮਨਿਰਭਰ ਭਾਰਤ, ਪ੍ਰਧਾਨ ਮੰਤਰੀ ਗਤੀ ਸ਼ਕਤੀ, ਸਵੱਛ ਭਾਰਤ ਮਿਸ਼ਨ, ਪ੍ਰਧਾਨ ਮੰਤਰੀ ਜਨ ਧਨ ਯੋਜਨਾ, ਆਯੁਸ਼ਮਾਨ ਭਾਰਤ, ਪ੍ਰਧਾਨ ਮੰਤਰੀ ਆਵਾਸ ਯੋਜਨਾ, ਜਲ ਜੀਵਨ ਮਿਸ਼ਨ, ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ, ਮੁਦਰਾ ਯੋਜਨਾ, ਸਟੈਂਡ-ਅੱਪ ਇੰਡੀਆ, ਪ੍ਰਧਾਨ ਮੰਤਰੀ ਵਿਸ਼ਵਕਰਮਾ ਯੋਜਨਾ, ਬੇਟੀ ਬਚਾਓ ਬੇਟੀ ਪੜ੍ਹਾਓ, ਰਾਸ਼ਟਰੀ ਸਿੱਖਿਆ ਨੀਤੀ 2020, ਪ੍ਰਧਾਨ ਮੰਤਰੀ ਸੂਰਜ ਘਰ ਯੋਜਨਾ, ਅਤੇ ਕਈ ਸਮਾਜਿਕ ਸੁਰੱਖਿਆ ਅਤੇ ਸਸ਼ਕਤੀਕਰਨ ਪ੍ਰੋਗਰਾਮਾਂ ਨੇ ਲੱਖਾਂ ਭਾਰਤੀਆਂ, ਖਾਸ ਕਰਕੇ ਗਰੀਬਾਂ, ਕਿਸਾਨਾਂ, ਔਰਤਾਂ, ਨੌਜਵਾਨਾਂ ਅਤੇ ਪਛੜੇ ਲੋਕਾਂ ਦੇ ਜੀਵਨ ਵਿੱਚ ਸਕਾਰਾਤਮਕ ਬਦਲਾਅ ਲਿਆਂਦਾ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ਹੇਠ, ਭਾਰਤ ਨੇ ਰਾਸ਼ਟਰੀ ਰਾਜਮਾਰਗਾਂ, ਰੇਲਵੇ, ਹਵਾਈ ਅੱਡਿਆਂ, ਬੰਦਰਗਾਹਾਂ, ਲੌਜਿਸਟਿਕਸ, ਨਿਰਮਾਣ, ਰੱਖਿਆ, ਪੁਲਾੜ ਵਿਗਿਆਨ, ਨਵਿਆਉਣਯੋਗ ਊਰਜਾ, ਸਿਹਤ ਸੰਭਾਲ ਅਤੇ ਡਿਜੀਟਲ ਸ਼ਾਸਨ ਦੇ ਖੇਤਰਾਂ ਵਿੱਚ ਸ਼ਾਨਦਾਰ ਤਰੱਕੀ ਕੀਤੀ ਹੈ। ਜੀ-20 ਸੰਮੇਲਨ ਦੀ ਸਫਲ ਮੇਜ਼ਬਾਨੀ, ਪੁਲਾੜ ਖੇਤਰ ਵਿੱਚ ਭਾਰਤ ਦੀਆਂ ਪ੍ਰਾਪਤੀਆਂ ਅਤੇ ਵਿਸ਼ਵ ਪਲੇਟਫਾਰਮਾਂ 'ਤੇ ਭਾਰਤ ਦੀ ਵਧਦੀ ਭੂਮਿਕਾ ਉਨ੍ਹਾਂ ਦੀ ਦੂਰਦਰਸ਼ੀ ਅਗਵਾਈ ਦਾ ਪ੍ਰਮਾਣ ਹੈ। ਭਾਰਤ ਦੀ ਸੱਭਿਆਚਾਰਕ ਅਤੇ ਅਧਿਆਤਮਿਕ ਵਿਰਾਸਤ ਦੇ ਪੁਨਰਜਾਗਰਣ ਦਾ ਹਵਾਲਾ ਦਿੰਦੇ ਹੋਏ, ਸ਼੍ਰੀ ਬਲ ਮਲਕੀਤ ਸਿੰਘ ਨੇ ਕਿਹਾ ਕਿ ਅਯੁੱਧਿਆ ਵਿੱਚ ਵਿਸ਼ਾਲ ਸ਼੍ਰੀ ਰਾਮ ਮੰਦਰ ਦੀ ਉਸਾਰੀ, ਕਾਸ਼ੀ ਵਿਸ਼ਵਨਾਥ ਧਾਮ ਦਾ ਪੁਨਰ ਵਿਕਾਸ, ਮਹਾਕਾਲ ਲੋਕ ਪਰਿਯੋਜਨਾ ਅਤੇ ਕਈ ਵਿਰਾਸਤੀ ਸੰਭਾਲ ਪ੍ਰੋਜੈਕਟਾਂ ਨੇ ਭਾਰਤ ਦੀ ਸੱਭਿਆਚਾਰਕ ਪਛਾਣ ਅਤੇ ਮਾਣ ਨੂੰ ਨਵੀਆਂ ਉਚਾਈਆਂ 'ਤੇ ਪਹੁੰਚਾਇਆ ਹੈ।



ਪ੍ਰਧਾਨ ਮੰਤਰੀ ਮੋਦੀ ਦੇ ਸਿੱਖ ਭਾਈਚਾਰੇ ਲਈ ਇਤਿਹਾਸਕ ਕਾਰਜ ਦਾ ਹਵਾਲਾ ਦਿੰਦੇ ਹੋਏ, ਉਨ੍ਹਾਂ ਕਿਹਾ ਕਿ ਭਾਰਤ ਅਤੇ ਵਿਦੇਸ਼ਾਂ ਵਿੱਚ ਰਹਿਣ ਵਾਲੇ ਲੱਖਾਂ ਸਿੱਖ ਉਨ੍ਹਾਂ ਦੇ ਕਈ ਮਹੱਤਵਪੂਰਨ ਫੈਸਲਿਆਂ ਲਈ ਉਨ੍ਹਾਂ ਪ੍ਰਤੀ ਵਿਸ਼ੇਸ਼ ਸਤਿਕਾਰ ਅਤੇ ਧੰਨਵਾਦ ਪ੍ਰਗਟ ਕਰਦੇ ਹਨ। ਕਰਤਾਰਪੁਰ ਸਾਹਿਬ ਲਾਂਘੇ ਦਾ ਉਦਘਾਟਨ, ਹੇਮਕੁੰਡ ਸਾਹਿਬ ਰੋਪਵੇਅ ਪ੍ਰੋਜੈਕਟ, ਸੁਲਤਾਨਪੁਰ ਲੋਧੀ ਨੂੰ ਵਿਰਾਸਤੀ ਸ਼ਹਿਰ ਵਜੋਂ ਵਿਕਸਤ ਕਰਨਾ, ਸ਼ਰਧਾਲੂਆਂ ਲਈ ਵਿਸ਼ੇਸ਼ ਰੇਲ ਸੇਵਾਵਾਂ ਅਤੇ ਸਿੱਖ ਵਿਰਾਸਤ ਅਤੇ ਸੱਭਿਆਚਾਰ ਨੂੰ ਸੁਰੱਖਿਅਤ ਰੱਖਣ ਲਈ ਚੁੱਕੇ ਗਏ ਕਦਮ ਬਹੁਤ ਹੀ ਸ਼ਲਾਘਾਯੋਗ ਹਨ।

ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ, ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350ਵੇਂ ਪ੍ਰਕਾਸ਼ ਪੁਰਬ, 400ਵੇਂ ਪ੍ਰਕਾਸ਼ ਪੁਰਬ ਅਤੇ ਹਿੰਦ ਦੀ ਚਾਦਰ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਸਮਾਗਮਾਂ ਦੇ ਸ਼ਾਨਦਾਰ ਜਸ਼ਨ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਅਤੇ ਵੀਰ ਬਾਲ ਦਿਵਸ ਦੀ ਸਥਾਪਨਾ ਨੇ ਸਿੱਖ ਗੁਰੂਆਂ ਦੀਆਂ ਸਿੱਖਿਆਵਾਂ, ਕੁਰਬਾਨੀਆਂ ਅਤੇ ਕਦਰਾਂ-ਕੀਮਤਾਂ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਵਿੱਚ ਇਤਿਹਾਸਕ ਕਦਮ ਵਜੋਂ ਕੰਮ ਕੀਤਾ ਹੈ ਸ੍ਰੀ ਬਲ ਮਲਕੀਤ ਸਿੰਘ ਨੇ 1984 ਦੇ ਸਿੱਖ ਵਿਰੋਧੀ ਦੰਗਿਆਂ ਦੇ ਪੀੜਤਾਂ ਲਈ ਨਿਆਂ ਯਕੀਨੀ ਬਣਾਉਣ ਲਈ ਵਿਸ਼ੇਸ਼ ਜਾਂਚ ਟੀਮ ਦੀ ਪ੍ਰਧਾਨਗੀ ਕੀਤੀ। ਉਨ੍ਹਾਂ ਨੇ ਐਸਆਈ ਦੇ ਗਠਨ, ਕੇਸਾਂ ਨੂੰ ਦੁਬਾਰਾ ਖੋਲ੍ਹਣ, ਪ੍ਰਭਾਵਿਤ ਪਰਿਵਾਰਾਂ ਨੂੰ ਸਹਾਇਤਾ ਪ੍ਰਦਾਨ ਕਰਨ, ਓਸੀਆਈ ਅਤੇ ਵੀਜ਼ਾ ਪ੍ਰਕਿਰਿਆਵਾਂ ਨੂੰ ਸਰਲ ਬਣਾਉਣ, ਹਜ਼ਾਰਾਂ ਪ੍ਰਵਾਸੀ ਸਿੱਖਾਂ ਦੇ ਨਾਮ ਕਾਲੀ ਸੂਚੀ ਵਿੱਚੋਂ ਹਟਾਉਣ, ਸ੍ਰੀ ਗੁਰੂ ਗ੍ਰੰਥ ਸਾਹਿਬ ਸਰੂਪਾਂ ਨੂੰ ਅਫਗਾਨਿਸਤਾਨ ਤੋਂ ਸੁਰੱਖਿਅਤ ਭਾਰਤ ਵਾਪਸ ਲਿਆਉਣ, ਅਫਗਾਨ ਸਿੱਖ ਪਰਿਵਾਰਾਂ ਨੂੰ ਸਹਾਇਤਾ ਪ੍ਰਦਾਨ ਕਰਨ ਅਤੇ ਗੁਰਦੁਆਰਿਆਂ ਅਤੇ ਸਿੱਖ ਸੰਸਥਾਵਾਂ ਦੇ ਹਿੱਤ ਵਿੱਚ ਚੁੱਕੇ ਗਏ ਕਦਮਾਂ ਦੀ ਵੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ, "ਅੱਜ ਭਾਰਤ ਦੁਨੀਆ ਵਿੱਚ ਇੱਕ ਭਰੋਸੇਮੰਦ ਭਾਈਵਾਲ, ਇੱਕ ਮਜ਼ਬੂਤ ਲੋਕਤੰਤਰ, ਇੱਕ ਮਜ਼ਬੂਤ ਅਰਥਵਿਵਸਥਾ ਅਤੇ ਉਮੀਦ ਦੇ ਪ੍ਰਤੀਕ ਵਜੋਂ ਸਥਾਪਿਤ ਹੈ। ਵਿਸ਼ਵ ਨੇਤਾ, ਬਹੁ-ਰਾਸ਼ਟਰੀ ਕੰਪਨੀਆਂ, ਨਿਵੇਸ਼ਕ, ਨਵੀਨਤਾਕਾਰੀ ਅਤੇ ਵਿਸ਼ਵਵਿਆਪੀ ਭਾਰਤੀ ਭਾਈਚਾਰਾ ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ਹੇਠ ਭਾਰਤ ਦੀ ਬੇਮਿਸਾਲ ਤਰੱਕੀ ਨੂੰ ਸਵੀਕਾਰ ਕਰਦਾ ਹੈ। ਸ਼੍ਰੀ ਬਲ ਮਲਕੀਤ ਸਿੰਘ ਨੇ ਕਿਹਾ ਕਿ 'ਨਵਾਂ ਭਾਰਤ' ਅਤੇ 'ਵਿਕਸਤ ਭਾਰਤ 2047' ਦਾ ਸੰਕਲਪ ਦੇਸ਼ ਵਾਸੀਆਂ ਵਿੱਚ ਵਿਸ਼ਵਾਸ, ਮਾਣ ਅਤੇ ਨਵੀਂ ਊਰਜਾ ਪੈਦਾ ਕਰ ਰਿਹਾ ਹੈ ਅਤੇ ਭਾਰਤ ਨੂੰ ਇੱਕ ਸਵੈ-ਨਿਰਭਰ, ਖੁਸ਼ਹਾਲ ਅਤੇ ਵਿਕਸਤ ਰਾਸ਼ਟਰ ਬਣਨ ਵੱਲ ਪ੍ਰੇਰਿਤ ਕਰ ਰਿਹਾ ਹੈ। ਰਾਸ਼ਟਰ ਪ੍ਰਤੀ ਉਨ੍ਹਾਂ ਦੀ ਸਮਰਪਿਤ ਸੇਵਾ ਲਈ ਪ੍ਰਧਾਨ ਮੰਤਰੀ ਮੋਦੀ ਦਾ ਧੰਨਵਾਦ ਕਰਦੇ ਹੋਏ, ਉਨ੍ਹਾਂ ਨੇ ਉਨ੍ਹਾਂ ਦੀ ਚੰਗੀ ਸਿਹਤ, ਲੰਬੀ ਉਮਰ ਅਤੇ ਨਿਰੰਤਰ ਸਫਲਤਾ ਦੀ ਕਾਮਨਾ ਕੀਤੀ, ਤਾਂ ਜੋ ਉਨ੍ਹਾਂ ਦੀ ਅਗਵਾਈ ਹੇਠ ਭਾਰਤ ਹੋਰ ਖੁਸ਼ਹਾਲ, ਸ਼ਕਤੀਸ਼ਾਲੀ ਅਤੇ ਦੁਨੀਆ ਵਿੱਚ ਇੱਕ ਮੋਹਰੀ ਰਾਸ਼ਟਰ ਬਣ ਸਕੇ। ਇਸ ਇਤਿਹਾਸਕ ਮੌਕੇ 'ਤੇ, ਸ਼੍ਰੀ ਬਲ ਮਲਕੀਤ ਸਿੰਘ ਨੇ ਮਾਨਯੋਗ ਪ੍ਰਧਾਨ ਮੰਤਰੀ ਨੂੰ ਇੱਕ ਵਿਸ਼ੇਸ਼ ਵਧਾਈ ਪੱਤਰ ਵੀ ਭੇਜਿਆ ਹੈ।

**ਬਲ ਮਲਕੀਤ ਸਿੰਘ ਨੇ ਮਾਣਯੋਗ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੂੰ ਭਾਰਤ ਦੇ ਸਭ ਤੋਂ ਲੰਬੇ ਸਮੇਂ ਤੱਕ ਸੇਵਾ ਕਰਨ ਵਾਲੇ ਪ੍ਰਧਾਨ ਮੰਤਰੀ ਬਣਨ 'ਤੇ ਦਿੱਤੀਆ ਦਿਲੋਂ ਵਧਾਈਆਂ**

ਆਵਾਜ਼ਿ ਕੌਮ AWAZE QAUM International Newspaper & WEB TV

### ਐਡਵੋਕੇਟ ਧਾਮੀ ਦੀ ਅਗਵਾਈ ਹੇਠ ਸ਼੍ਰੋਮਣੀ ਕਮੇਟੀ ਵ਼ਫਦ ਦਾ

# ਅਮਰੀਕਾ ਪੁੱਜਣ 'ਤੇ ਸਥਾਨਕ ਸੰਗਤ ਵੱਲੋਂ ਭਰਵਾਂ ਸਵਾਗਤ




**ਨਵੀਂ ਦਿੱਲੀ, 9 ਜੂਨ (ਮਨਪ੍ਰੀਤ ਸਿੰਘ ਖਾਲਸਾ)**:- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਹੇਠ ਉੱਚ ਪੱਧਰੀ ਵ਼ਫਦ ਦਾ ਅਮਰੀਕਾ ਪਹੁੰਚਣ 'ਤੇ ਸੈਨਫਰਾਂਸਿਸਕੋ ਦੇ ਹਵਾਈ ਅੱਡੇ 'ਤੇ ਸਥਾਨਕ ਸਿੱਖ ਆਗੂਆਂ ਤੇ ਸੰਗਤਾਂ ਵੱਲੋਂ ਜ਼ੋਰਦਾਰ ਤੇ ਭਰਵਾਂ ਸਵਾਗਤ ਕੀਤਾ ਗਿਆ। ਇਸ ਵ਼ਫਦ ਵਿਚ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਨਾਲ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਓਐਸਡੀ ਸ. ਸਤਬੀਰ ਸਿੰਘ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ ਸ਼ਾਮਲ ਸਨ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸੰਗਤਾਂ ਵੱਲੋਂ ਦਿੱਤੇ ਸਨਮਾਨ ਲਈ ਧੰਨਵਾਦ ਕਰਦਿਆਂ ਕਿਹਾ ਕਿ ਵਿਦੇਸ਼ਾਂ ਅੰਦਰ ਵੱਸਦਾ ਸਿੱਖ ਭਾਈਚਾਰਾ ਪੰਥਕ ਸਰੋਕਾਰਾਂ ਪ੍ਰਤੀ ਹਮੇਸ਼ਾ ਸਮਰਪਤ ਰਿਹਾ ਹੈ। ਸ਼੍ਰੋਮਣੀ ਕਮੇਟੀ ਪ੍ਰਵਾਸੀ ਸਿੱਖ ਭਾਈਚਾਰੇ ਦਰਮਿਆਨ ਆਪਸੀ ਸਹਿਯੋਗ ਨੂੰ ਹੋਰ ਮਜ਼ਬੂਤ ਕਰਨ ਲਈ ਨਿਰੰਤਰ ਕਾਰਜਸ਼ੀਲ ਹੈ ਅਤੇ ਇਸੇ ਮੰਤਵ ਲਈ ਉਹ ਵ਼ਫਦ ਸਮੇਤ ਅਮਰੀਕਾ ਪਹੁੰਚੇ ਹਨ। ਉਨ੍ਹਾਂ ਕਿਹਾ ਕਿ ਇਥੋਂ ਦੇ ਸਿੱਖ ਆਗੂਆਂ ਅਤੇ ਸੰਗਤਾਂ ਨਾਲ ਵਿਚਾਰ ਕਰਕੇ ਧਰਮ ਦੇ ਪ੍ਰਚਾਰ ਪ੍ਰਸਾਰ ਲਈ ਭਵਿੱਖੀ ਯੋਜਨਾਵਾਂ ਦੀ ਰੂਪ-ਰੇਖਾ ਤਿਆਰ ਕੀਤੀ ਜਾਵੇਗੀ ਅਤੇ ਸਿੱਖ ਮਿਸ਼ਨ ਦੀ ਸਥਾਪਨਾ ਦੇ ਕਾਰਜ ਨੂੰ ਪੂਰਾ ਕੀਤਾ ਜਾਵੇਗਾ। ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਸਥਾਨਕ ਸਿੱਖ ਸੰਗਤਾਂ ਦੇ ਸਹਿਯੋਗ ਨਾਲ ਧਰਮ ਪ੍ਰਚਾਰ ਕਾਰਜਾਂ ਸਬੰਧੀ ਯੋਜਨਾਵਾਂ ਨੂੰ ਆਪਸੀ ਸਲਾਹ-ਮਸ਼ਵਰੇ ਨਾਲ ਅੱਗੇ ਵਧਾਇਆ ਜਾਵੇਗਾ। ਉਨ੍ਹਾਂ ਸੰਗਤਾਂ ਨੂੰ ਵੀ ਸ਼੍ਰੋਮਣੀ ਕਮੇਟੀ ਵੱਲੋਂ ਕੀਤੇ ਜਾਣ ਵਾਲੇ ਕਾਰਜਾਂ ਵਿਚ ਸਹਿਯੋਗੀ ਬਣਨ ਦੀ ਅਪੀਲ ਕੀਤੀ। ਸ਼੍ਰੋਮਣੀ ਕਮੇਟੀ ਵ਼ਫਦ ਦਾ ਸਵਾਗਤ ਕਰਨ ਵਾਲਿਆਂ 'ਚ ਅਮਰੀਕਾ ਨਿਵਾਸੀ ਸ. ਕਰਮਦੀਪ ਸਿੰਘ ਬੈਂਸ, ਸ. ਹਰਗੁਰਜੀਤ ਸਿੰਘ ਬੱਲ, ਸ. ਦਲਬੀਰ ਸਿੰਘ ਗਿੱਲ, ਸ. ਪਰਮਜੀਤ ਸਿੰਘ ਗਿੱਲ, ਸ. ਗੁਰਮੀਤ ਸਿੰਘ ਗਿੱਲ, ਸ. ਗੁਰਨਾਮ ਸਿੰਘ ਪੰਮਾ, ਸ. ਕੁਲਵੰਤ ਸਿੰਘ ਖੈਹਰਾ, ਸ. ਬਲਜੀਤ ਸਿੰਘ ਮਾਨ, ਸ. ਜੀਵਨ ਸਿੰਘ, ਸ. ਗੁਰਸੇਵਕ ਸਿੰਘ ਭੰਗੂ, ਸ. ਸੁਖਵੰਤ ਸਿੰਘ ਖੈਹਰਾ, ਸ. ਸੁਖਵਿੰਦਰ ਸਿੰਘ, ਸ. ਨਿਰਮਲ ਸਿੰਘ ਜੰਡਾਂ, ਸ. ਮੁਖਤਿਆਰ ਸਿੰਘ ਗਰੇਵਾਲ, ਸ. ਗੁਰਪ੍ਰੀਤ ਸਿੰਘ ਗਿੱਲ, ਸ. ਇੰਦਰਜੀਤ ਸਿੰਘ ਹੈਪੀ, ਸ. ਦਲਬੀਰ ਸਿੰਘ ਸੰਘੇੜਾ, ਸ. ਜੋਗਿੰਦਰ ਸਿੰਘ ਨਿੱਜਰ ਅਤੇ ਹੋਰ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਕਿਲਾ ਮੁਬਾਰਕ, ਬਠਿੰਡਾ ਵਿਖੇ ਜੂਨ 84 ਦੇ ਘੱਲੂਘਾਰੇ ਨੂੰ ਸਮਰਪਿਤ ਗੁਰਮਤਿ ਸਮਾਗਮ 12 ਜੂਨ ਨੂੰ: ਬਾਬਾ ਮਹਿਰਾਜ



**ਨਵੀਂ ਦਿੱਲੀ, 9 ਜੂਨ (ਮਨਪ੍ਰੀਤ ਸਿੰਘ ਖਾਲਸਾ)**:- ਜੂਨ 1984 ਦੇ ਘੱਲੂਘਾਰੇ ਦੀ ਯਾਦ ਨੂੰ ਸਮਰਪਿਤ ਇੱਕ ਵਿਸ਼ੇਸ਼ ਗੁਰਮਤਿ ਸਮਾਗਮ ਕਿਲਾ ਮੁਬਾਰਕ, ਬਠਿੰਡਾ ਵਿਖੇ 12 ਜੂਨ 2026 (ਸ਼ੁੱਕਰਵਾਰ) ਨੂੰ ਕਰਵਾਇਆ ਜਾ ਰਿਹਾ ਹੈ। ਸਮਾਗਮ ਸ਼ਾਮ 7:00 ਵਜੇ ਤੋਂ 9:30 ਵਜੇ ਤੱਕ ਹੋਵੇਗਾ, ਜਿਸ ਵਿੱਚ ਪ੍ਰਸਿੱਧ ਕਥਾਵਾਚਕ ਭਾਈ ਤਰਸੇਮ ਸਿੰਘ (ਹਰਰਾਇਪੁਰ) ਅਤੇ ਭਾਈ ਸਰਬਜੀਤ ਸਿੰਘ (ਸ੍ਰੀ ਪਟਨਾ ਸਾਹਿਬ) ਸੰਗਤਾਂ ਨੂੰ ਗੁਰਬਾਣੀ ਕੀਰਤਨ ਅਤੇ ਗੁਰਮਤਿ ਵਿਚਾਰਾਂ ਨਾਲ ਨਿਹਾਲ ਕਰਨਗੇ। ਸਮਾਗਮ ਸਬੰਧੀ ਜਾਣਕਾਰੀ ਦਿੰਦਿਆਂ ਬਾਬਾ ਹਰਦੀਪ ਸਿੰਘ ਮਹਿਰਾਜ ਨੇ ਦੱਸਿਆ ਕਿ ਜੂਨ 1984 ਦਾ ਘੱਲੂਘਾਰਾ ਸਿੱਖ ਇਤਿਹਾਸ ਦਾ ਇੱਕ ਦਰਦਨਾਕ ਅਤੇ ਅਹਿਮ ਅਧਿਆਇ ਹੈ। ਇਸ ਸਮਾਗਮ ਦਾ ਉਦੇਸ਼ ਸ਼ਹੀਦਾਂ ਦੀ ਯਾਦ ਨੂੰ ਸਮਰਪਿਤ ਹੋਣ ਦੇ ਨਾਲ-ਨਾਲ ਨੌਜਵਾਨ ਪੀੜ੍ਹੀ ਨੂੰ ਆਪਣੇ ਇਤਿਹਾਸ ਅਤੇ ਗੁਰਸਿੱਖੀ ਵਿਰਾਸਤ ਨਾਲ ਜੋੜਨਾ ਹੈ। ਉਨ੍ਹਾਂ ਕਿਹਾ ਕਿ ਸਮਾਗਮ ਦੌਰਾਨ ਘੱਲੂਘਾਰੇ ਦੇ ਇਤਿਹਾਸ, ਸ਼ਹੀਦਾਂ ਦੀਆਂ ਕੁਰਬਾਨੀਆਂ ਅਤੇ ਉਸ ਸਮੇਂ ਦੇ ਹਾਲਾਤਾਂ ਬਾਰੇ ਵਿਸਥਾਰ ਨਾਲ ਚਾਨਣਾ ਪਾਇਆ ਜਾਵੇਗਾ। ਇੱਕ ਪਹਿਰਾ ਗੁਰਮਤਿ ਵਿਚਾਰਾਂ ਅਤੇ ਕੀਰਤਨ ਰਾਹੀਂ ਸੰਗਤਾਂ ਨੂੰ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਨਾਲ ਜੋੜਨ ਲਈ ਸਮਰਪਿਤ ਹੋਵੇਗਾ, ਜਦਕਿ ਦੂਜੇ ਪਹਿਰੇ ਵਿੱਚ ਘੱਲੂਘਾਰੇ ਨਾਲ ਸੰਬੰਧਿਤ ਇਤਿਹਾਸਕ ਤੱਥਾਂ ਅਤੇ ਸ਼ਹੀਦ ਸਿੰਘਾਂ ਦੇ ਜੀਵਨ ਬਾਰੇ ਵਿਚਾਰ ਪੇਸ਼ ਕੀਤੇ ਜਾਣਗੇ। ਅੰਤ ਵਿਚ ਬਾਬਾ ਹਰਦੀਪ ਸਿੰਘ ਮਹਿਰਾਜ ਨੇ ਸਮੂਹ ਸੰਗਤਾਂ ਨੂੰ ਵੱਡੀ ਗਿਣਤੀ ਵਿੱਚ ਹਾਜ਼ਰੀ ਭਰ ਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਨ ਦੀ ਅਪੀਲ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

## ਸਿੱਖ ਪੰਥ ਦੇ ਗੁਰਪੁਰਬਾਂ ਅਤੇ ਪੰਥਕ ਸਟੇਜਾਂ ਤੋਂ ਬੌਧਿਕ ਅਗਵਾਈ ਹੋਈ ਗਾਇਬ, ਨਾਅਰੇਬਾਜ਼ੀ ਨੇ ਲੈ ਲਈ ਥਾਂ: ਸੰਤ ਮੀਤ ਸਿੰਘ

### ਸੰਗਤ ਨੂੰ ਚਿੰਤਨ ਦੇਣ ਵਾਲੀ ਅਗਵਾਈ ਦੀ ਲੋੜ, ਤਾਲੀਆਂ ਇਕੱਠੀਆਂ ਕਰਨ ਵਾਲੀ ਨਹੀਂ




ਨਵੀਂ ਦਿੱਲੀ 9 ਜੂਨ (ਮਨਪ੍ਰੀਤ ਸਿੰਘ ਖਾਲਸਾ):- ਸਿੱਖ ਪੰਥ ਦੀਆਂ ਸਟੇਜਾਂ ਕਦੇ ਗੁਰਪੁਰਬਾਂ ਅਤੇ ਵੱਖ ਵੱਖ ਮੌਕਿਆ ਉਪਰ ਬੌਧਿਕ ਅਗਵਾਈ ਦਾ ਦਰਪਣ ਹੁੰਦੀਆਂ ਸਨ। ਉੱਥੇ ਉਹ ਸ਼ਖਸੀਅਤਾਂ ਬੈਠਦੀਆਂ ਸਨ ਜਿਨ੍ਹਾਂ ਨੇ ਗੁਰਬਾਣੀ ਨੂੰ ਪੜ੍ਹਿਆ, ਇਤਿਹਾਸ ਨੂੰ ਸਮਝਿਆ ਅਤੇ ਕੌਮ ਦੇ ਦੁੱਖ-ਸੁੱਖ ਨੂੰ ਆਪਣੇ ਅੰਦਰ ਮਹਿਸੂਸ ਕੀਤਾ ਸੀ। ਉਹ ਸੰਗਤਾਂ ਨੂੰ ਸਿਰਫ਼ ਜੋਸ਼ ਨਹੀਂ ਦਿੰਦੇ ਸਨ, ਸਗੋਂ ਸੋਚਣ ਦੀ ਦਿਸ਼ਾ ਵੀ ਦਿੰਦੇ ਸਨ। ਇੰਨ੍ਹਾ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਦਿੱਲੀ ਕਮੇਟੀ ਚੋਣਾਂ ਲਈ ਵਾਰਡ ਨੰਬਰ 32 ਤੋਂ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਸ. ਸੰਤ ਮੀਤ ਸਿੰਘ ਨੇ ਕਿਹਾ ਅੱਜ ਦੁੱਖ ਦੀ ਗੱਲ ਹੈ ਕਿ ਬਹੁਤੀਆਂ ਸਟੇਜਾਂ ਉੱਤੇ ਵਿਚਾਰ ਦੀ ਥਾਂ ਵਾਹ-ਵਾਹ, ਸੱਚ ਦੀ ਥਾਂ ਲੋਕਪ੍ਰਿਯਤਾ ਅਤੇ ਪੰਥਕ ਚਿੰਤਨ ਦੀ ਥਾਂ ਨਾਅਰੇਬਾਜ਼ੀ ਨੇ ਲੈ ਲਈ ਹੈ। ਜਦੋਂ ਸਟੇਜਾਂ ਤੋਂ ਵਿਚਾਰਕ ਗਾਇਬ ਹੋ ਜਾਂਦੇ ਹਨ ਤਾਂ ਕੌਮ ਦੇ ਫੈਸਲੇ ਵੀ ਭਾਵਨਾਵਾਂ ਦੇ ਹਵਾਲੇ ਹੋ ਜਾਂਦੇ ਹਨ। ਓਨ੍ਹਾ ਕਿਹਾ ਅੱਜ ਲੀਡਰਸ਼ਿਪ ਨੂੰ ਆਪਣੇ ਆਪ ਤੋਂ ਇਹ ਸਵਾਲ ਪੁੱਛਣ ਦੀ ਲੋੜ ਹੈ ਕਿ ਅਸੀਂ ਸੰਗਤ ਨੂੰ ਕੀ ਦੇ ਰਹੇ ਹਾਂ, ਚਿੰਤਨ ਜਾਂ ਚਰਚਾ ਤੋਂ ਭੱਜਣ ਦੀ ਆਦਤ..? ਗੁਰੂ ਸਾਹਿਬਾਨ ਨੇ ਸਿੱਖ ਨੂੰ ਸੋਚਣ ਵਾਲਾ, ਸਵਾਲ ਕਰਨ ਵਾਲਾ ਅਤੇ ਸੱਚ ਨੂੰ ਪਰਖਣ ਵਾਲਾ ਬਣਾਇਆ ਸੀ। ਜੇ ਸਾਡੀਆਂ ਸਟੇਜਾਂ ਸਿਰਫ਼ ਵਿਅਕਤੀ-ਪੂਜਾ ਅਤੇ ਤਾਲੀਆਂ ਇਕੱਠੀਆਂ ਕਰਨ ਦਾ ਸਾਧਨ ਬਣ ਜਾਣ, ਤਾਂ ਇਹ ਪੰਥ ਦੀ ਤਾਕਤ ਨਹੀਂ, ਕਮਜ਼ੋਰੀ ਦੀ ਨਿਸ਼ਾਨੀ ਹੈ। ਕੌਮਾਂ ਨਾਅਰਿਆਂ ਨਾਲ ਨਹੀਂ, ਸਿਧਾਂਤਾਂ, ਗਿਆਨ ਅਤੇ ਦੂਰਅੰਦੇਸ਼ੀ ਨਾਲ ਅੱਗੇ ਵਧਦੀਆਂ ਹਨ। ਅੰਤ ਵਿਚ ਸ. ਸੰਤ ਮੀਤ ਸਿੰਘ ਨੇ ਕਿਹਾ ਸਮੇਂ ਦੀ ਮੰਗ ਹੈ ਕਿ ਗੁਰਪੁਰਬਾਂ ਦੀਆਂ ਸਟੇਜਾਂ ਮੁੜ ਗੁਰਮਤਿ ਅਧਾਰਿਤ ਵਿਚਾਰ-ਵਟਾਂਦਰੇ, ਇਤਿਹਾਸਕ ਸੂਝ ਅਤੇ ਕੌਮੀ ਮਸਲਿਆਂ ਦੇ ਗੰਭੀਰ ਮਨਨ ਦਾ ਕੇਂਦਰ ਬਣਨ। ਸੰਗਤ ਨੂੰ ਅਜਿਹੀ ਅਗਵਾਈ ਚਾਹੀਦੀ ਹੈ ਜੋ ਦਿਲਾਂ ਨੂੰ ਗਰਮ ਕਰਨ ਦੇ ਨਾਲ-ਨਾਲ ਦਿਮਾਗਾਂ ਨੂੰ ਵੀ ਰੌਸ਼ਨ ਕਰੇ। ਜੇ ਅਸੀਂ ਆਪਣੀਆਂ ਸਟੇਜਾਂ ਉੱਤੇ ਮੁੜ ਬੁੱਧੀਜੀਵੀਆਂ, ਵਿਦਵਾਨਾਂ ਅਤੇ ਨਿਰਭਉ ਸੱਚ ਬੋਲਣ ਵਾਲਿਆਂ ਨੂੰ ਜਗ੍ਹਾ ਦੇਵਾਂਗੇ, ਤਾਂ ਪੰਥ ਨੂੰ ਜੋਸ਼ ਦੇ ਨਾਲ ਹੋਸ਼ ਵੀ ਮਿਲੇਗਾ, ਅਤੇ ਇਹੀ ਕੌਮ ਦੀ ਅਸਲ ਤਰੱਕੀ ਦਾ ਰਾਹ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸੁਰੱਖਿਆ ਮਸਲਾ ਤੇ ਹਰਿਆਣੇ ਦੀਆਂ ਸਿੱਖ ਸੰਗਤਾਂ ਸਾਹਮਣੇ

# ਜਗਦੀਸ ਸਿੰਘ ਝੀਂਡਾ ਦਾ ਦੋਗਲਾਪਣ ਹੋਇਆ ਨੰਗਾ - ਸਰਦਾਰ ਤਲਾਕੌਰ



ੴ ਵਾਹਿਗੁਰੂ ਜੀ ਕੀ ਫਤਹਿ

ਜਗਦੀਸ਼ ਸਿੰਘ ਝੀਂਡਾ, ਪ੍ਰਧਾਨ

ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ, ਕੁਰੂਕਸ਼ੇਤਰ (ਹਰਿਆਣਾ)

Jagdish Singh Jhinda, President

Haryana Sikh Gurdwara Management Committee, Kurukshetra (Haryana)

ਨੰਬਰ ...45...  ਮਿਤੀ 24/12/25

Respected Shri Shah Ji,


I have this submission to make before your honour that I was unanimously elected President Haryana Sikh Gurdwara Management Committee on 23-05-2025. In the context of VIP protocol, I need to be provided a security cover to safeguard my travelling at odd hours through some threatful routes. Such security cover has always been provided to President SGPC, Amritsar and DSGMC, Delhi

It is, therefore, requested that necessary instructions may kindly be issued to authority concerned for arranging and assigning security personnel along with pilot vehicle for my security, as per official norms. I shall be highly obliged.

With best regards,

Sh. Amit Shah Ji,
Hon'ble Home Minister,
Govt of India,
New Delhi.

Yours
Jagdish Singh Jhinda
President.



34-09-24-6000

ੴ ਵਾਹਿਗੁਰੂ ਜੀ ਕੀ ਫਤਹਿ

ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ

HARYANA SIKH GURDWARA MANAGEMENT COMMITTEE

Head Office: Shri Guru Ramdas Niwas, Gurdwara Sahib Patshahi Chhevin, Kurukshetra, Haryana-136118

ਨੰਬਰ 632  ਮਿਤੀ 23-06-2025

The ADGP(CID),
Government of Haryana,
Haryana Civil Secretariat,
Sector 1, Chandigarh.
Date:23th June,2025.

Subject: Security Cover for the President of HSGMC

Dear Sir,

This is with regard to our letter No. 375 dated 27th May,2025 on the subject mentioned above. In response to that you were very kind to provide the security guards for the security of the President Jathedar Sh. Jagdish Singh Jhinda.

We may inform you that the President Jathedar Sh. Jagdish Singh Jhinda Ji has relieved two of the security guards and instead is in need of a Pilot vehicle. His swift movement through traffic and security from the sides is of paramount importance to meet the timelines for the meetings that he has to attend both with the government officials and political circles.

Kindly issue necessary orders for availing the pilot vehicle to the President of HSGMC.

Thanking you,

Yours truly,
Jaswinder Singh Dinpur,
Chief Secretary.



**ਸਿਰਸਾ, 9 ਜੂਨ (ਆਵਾਜ਼ਿ ਕੌਮ ਬਿਊਰੋ)**-ਹਰਿਆਣਾ ਦੀਆਂ ਸਿੱਖ ਸੰਗਤਾਂ ਸਾਹਮਣੇ ਜਗਦੀਸ਼ ਸਿੰਘ ਝੀਂਡਾ ਦੇ ਦੋਗਲੇਪਣ ਦੀਆਂ ਕਾਰਵਾਈਆਂ ਇੱਕ-ਇੱਕ ਕਰਕੇ ਨੰਗੀਆਂ ਹੋ ਰਹੀਆਂ ਹਨ ਸਰਕਾਰੀ ਸੁਰੱਖਿਆ ਨਾ ਲੈਣ ਦੇ ਵੱਡੇ ਵੱਡੇ ਮੀਡੀਆ ਵਿੱਚ ਦਾਅਵੇ ਕਰਨ ਵਾਲਾ ਜਗਦੀਸ਼ ਸਿੰਘ ਝੀਂਡਾ ਝੂਠੀ ਸ਼ਾਨੋ ਸ਼ੌਕਤ ਬਣਾਉਣ ਲਈ ਹਰਿਆਣਾ ਤੇ ਕੇਂਦਰ ਸਰਕਾਰ ਦੀ ਸੁਰੱਖਿਆ ਲੈਣ ਲਈ ਲੇਲੜੀਆਂ ਕੱਢ ਰਿਹਾ ਹੈ ਇਨਾਂ ਵਿਚਾਰਾਂ ਦਾ ਪ੍ਰਗਟਾਵਾ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੀਤ ਪ੍ਰਧਾਨ ਸਰਦਾਰ ਗੁਰਬੀਰ ਸਿੰਘ ਤਲਾਕੌਰ ਯਮੁਨਾਨਗਰ ਨੇ ਇੱਕ ਲਿਖਤੀ ਪ੍ਰੈਸ ਨੋਟ ਜਾਰੀ ਕਰਦਿਆਂ ਸਬੂਤਾਂ ਦੇ ਆਧਾਰ ਤੇ ਕੀਤਾ ਸਰਦਾਰ ਤਲਾਕੌਰ ਨੇ ਮੁੱਖ ਮੰਤਰੀ ਹਰਿਆਣਾ ਅਤੇ ਗ੍ਰਹਿ ਮੰਤਰੀ ਭਾਰਤ ਨੂੰ ਝੀਂਡਾ ਵਲੋਂ ਲਿਖੇ ਦੋ ਵੱਖ ਵੱਖ ਪੱਤਰ ਮੀਡੀਆ ਨੂੰ ਜਾਰੀ ਕਰਦਿਆਂ ਉਸਦੇ ਦੋਗਲੇਪਨ ਦਾ ਖੁਲਾਸਾ ਕੀਤਾ ਸਰਦਾਰ ਤਲਾਕੌਰ ਨੇ ਕਿਹਾ ਕੇ ਜਗਦੀਸ਼ ਸਿੰਘ ਝੀਂਡਾਂ ਨੇ 23 ਮਈ 2025 ਨੂੰ ਆਪਣੀ ਪ੍ਰਧਾਨਗੀ ਦਾ ਐਲਾਨ ਕਰਦਿਆਂ ਕਿਹਾ ਸੀ ਕੇ ਉਹ ਹਰਿਆਣਾ ਗੁਰਦੁਆਰਾ ਕਮੇਟੀ ਦੀਆਂ ਗੱਡੀਆਂ ਗੋਲਕ ਅਤੇ ਤੇਲ ਦੀ ਵਰਤੋਂ ਨਹੀਂ ਕਰੇਗਾ ਅਤੇ ਨਾ ਹੀ ਸਰਕਾਰ ਦੀ ਸੁਰੱਖਿਆ ਲਵੇਗਾ ਪਰ ਹਰ ਵਾਰ ਦੀ ਤਰਾਂ ਜਗਦੀਸ਼ ਸਿੰਘ ਝੀਂਡਾ ਇੱਕ ਵਾਰ ਫੇਰ ਸ਼ਰੇ ਬਾਜ਼ਾਰ ਝੂਠਾ ਸਾਬਤ ਹੋਇਆ ਹੈ ਉਸਨੇ ਹਰਿਆਣਾ ਗੁਰਦੁਆਰਾ ਕਮੇਟੀ ਦੀਆਂ ਜਿੱਥੇ ਦੋ ਗੱਡੀਆਂ ਦੀ ਦੁਰਵਰਤੋਂ ਉਥੇ 10 ਮੁਲਾਜ਼ਮਾਂ ਗੁਰੂ ਕੀ ਗੋਲਕ ਤੇ ਤੇਲ ਦੀ ਦੁਰਵਰਤੋਂ ਕਰ ਰਿਹਾ ਹੈ ਉਥੇ ਹੀ ਹੁਣ ਨਿੱਜੀ ਸੁਰੱਖਿਆ ਲਈ ਲਿਖੀਆਂ 2 ਚਿੱਠੀਆਂ ਵਿੱਚ ਖੁਲਾਸਾ ਹੋ ਗਿਆ ਕੇ ਕਿਸ ਤਰਾਂ ਮੁੱਖ ਮੰਤਰੀ ਹਰਿਆਣਾ ਪਾਸੋ ਸੁਰੱਖਿਆ ਗਾਰਦ ਅਤੇ ਪਾਇਲਟ ਗੱਡੀ ਦੀ ਮੰਗ ਕਰ ਰਿਹਾ ਹੈ ਗ੍ਰਹਿ ਮੰਤਰੀ ਭਾਰਤ ਸ੍ਰੀ ਅਮਿਤ ਸ਼ਾਹ ਨੂੰ ਲਿਖੀ ਚਿੱਠੀ ਵਿੱਚ ਵੀ ਸ੍ਰੋਮਣੀ ਕਮੇਟੀ ਅਤੇ ਦਿੱਲੀ ਕਮੇਟੀ ਦੇ ਪ੍ਰਧਾਨ ਦਾ ਵੇਰਵਾ ਪਾ ਕੇ ਪਾਇਲਟ ਗੱਡੀ ਅਤੇ ਸੁਰੱਖਿਆ ਦੀ ਮੰਗ ਲਈ ਲੇਲੜੀਆਂ ਕੱਢ ਰਿਹਾ ਹੈ ਇਨਾਂ ਸਾਰੀਆਂ ਗੱਲਾਂ ਤੋਂ ਪਤਾ ਲੱਗਦਾ ਹੈ ਕੇ ਝੀਂਡਾ ਹਰ ਮਸਲੇ ਤੇ ਝੂਠ ਬੋਲ ਕੇ ਸਿੱਖ ਸੰਗਤਾਂ ਨੂੰ ਗੁੰਮਰਾਹ ਕਰ ਰਿਹਾ ਹੈ ਚਾਹੇ ਉਹ ਗੁਰਦੁਆਰਿਆਂ ਦੇ ਪ੍ਰਬੰਧ ਸਕੂਲਾਂ ਕਾਲਜਾਂ ਤੇ ਮੀਰੀ ਪੀਰੀ ਹਸਪਤਾਲ ਦੇ ਪ੍ਰਬੰਧ ਦੀ ਗੱਲ ਹੋਵੇ ਜਗਦੀਸ਼ ਸਿੰਘ ਝੀਂਡਾ ਹਰ ਸਮੇਂ ਝੂਠ ਬੋਲ ਕੇ ਸਿੱਖ ਸੰਗਤਾਂ ਨੂੰ ਗੁੰਮਰਾਹ ਕਰਨ ਦਾ ਕੰਮ ਕਰ ਰਿਹਾ ਹੈ ਸਰਦਾਰ ਗੁਰਬੀਰ ਸਿੰਘ ਤਲਾਕੌਰ ਜੂਨੀਅਰ ਮੀਤ ਪ੍ਰਧਾਨ ਨੇ ਅਖੀਰ ਕਿਹਾ ਕੇ ਅਜਿਹੇ ਦੋਗਲੇ ਝੂਠੇ ਵਿਅਕਤੀ ਦਾ ਕਿਸੇ ਵੀ ਅਹੁਦੇ ਤੇ ਬੈਠਣ ਦਾ ਕੋਈ ਨੈਤਿਕ ਅਧਿਕਾਰ ਨਹੀਂ ਰਹਿ ਜਾਂਦਾ।

### ਦੇਹਰਾਦੂਨ ਵਿਖੇ ਨਿਰਮੋਲ ਗੁਰਮਤਿ ਕੈਂਪ 2026 ਸਫਲਤਾਪੂਰਵਕ ਸੰਪੰਨ

# ਪ੍ਰਮੁੱਖ ਸ਼ਖਸੀਅਤਾਂ ਦਾ ਸਨਮਾਨ



**ਨਵੀਂ ਦਿੱਲੀ, 9 ਜੂਨ (ਮਨਪ੍ਰੀਤ ਸਿੰਘ ਖਾਲਸਾ)**:- ਗੁਰਦੁਆਰਾ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ, ਪਟੇਲ ਨਗਰ, ਦੇਹਰਾਦੂਨ ਵੱਲੋਂ 6 ਤੋਂ 9 ਜੂਨ ਤੱਕ ਆਯੋਜਿਤ ਨਿਰਮੋਲ ਗੁਰਮਤਿ ਕੈਂਪ 2026 ਸਫਲਤਾਪੂਰਵਕ ਸੰਪੰਨ ਹੋ ਗਿਆ। ਚਾਰ ਦਿਨਾਂ ਤੱਕ ਚੱਲੇ ਇਸ ਕੈਂਪ ਵਿੱਚ ਵੱਡੀ ਗਿਣਤੀ ਵਿੱਚ ਨੌਜਵਾਨਾਂ ਨੇ ਭਾਗ ਲਿਆ ਅਤੇ ਗੁਰਮਤਿ ਸਿਧਾਂਤਾਂ, ਸਿੱਖ ਇਤਿਹਾਸ, ਗੁਰਬਾਣੀ ਵਿਚਾਰ ਅਤੇ ਸਿੱਖੀ ਜੀਵਨ ਮੁੱਲਾਂ ਬਾਰੇ ਡੂੰਘੀ ਜਾਣਕਾਰੀ ਹਾਸਲ ਕੀਤੀ। ਕੈਂਪ ਦੌਰਾਨ ਗਿਆਨੀ ਗੁਰਦੇਵ ਸਿੰਘ (ਆਸਟ੍ਰੇਲੀਆ), ਭਾਈ ਅਵਨੀਤ ਸਿੰਘ, ਭਾਈ ਹਰਤੇਰਥ ਸਿੰਘ, ਭਾਈ ਮਹਿਤਾਬ ਸਿੰਘ, ਭਾਈ ਇੰਦਰਪਾਲ ਸਿੰਘ (ਇਮੇਜਿਨਸਿੰਘ), ਡਾ. ਮਨਪ੍ਰੀਤ ਸਿੰਘ, ਭਾਈ ਹਰਵਿੰਦਰ ਸਿੰਘ, ਡਾ. ਪ੍ਰੀਤਮ ਸਿੰਘ (ਯੂਨਾਇਟਡ ਸਿੱਖਸ) ਅਤੇ ਭਾਈ ਜੋਗਿੰਦਰ ਸਿੰਘ ਨੇ ਆਪਣੇ ਵਿਚਾਰਾਂ ਰਾਹੀਂ ਨੌਜਵਾਨਾਂ ਨੂੰ ਗੁਰਮਤਿ, ਸਿੱਖੀ ਅਤੇ ਸਮਾਜ ਸੇਵਾ ਨਾਲ ਜੁੜਨ ਲਈ ਪ੍ਰੇਰਿਤ ਕੀਤਾ। ਵੱਖ-ਵੱਖ ਵਿਦਵਾਨਾਂ ਵੱਲੋਂ ਕਰਵਾਏ ਗਏ ਇੰਟਰਐਕਟਿਵ ਸੈਸ਼ਨਾਂ ਨੂੰ ਭਾਗੀਦਾਰਾਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ। ਕੈਂਪ ਵਿੱਚ ਗੁਰਮਤਿ ਲੈਕਚਰਾਂ, ਕੀਰਤਨ ਸਮਾਗਮਾਂ, ਗੁਰੂ ਇਤਿਹਾਸ, ਸੇਵਾ, ਕੈਲੀਗ੍ਰਾਫੀ, ਸੈਲਫ ਡਿਫੈਂਸ ਟ੍ਰੇਨਿੰਗ ਅਤੇ ਹੋਰ ਵਿਦਿਅਕ ਤੇ ਰਚਨਾਤਮਕ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ। ਨੌਜਵਾਨਾਂ ਨੇ ਉਤਸ਼ਾਹ ਨਾਲ ਇਨ੍ਹਾਂ ਸਰਗਰਮੀਆਂ ਵਿੱਚ ਹਿੱਸਾ ਲੈਂਦਿਆਂ ਆਪਣੇ ਗਿਆਨ ਅਤੇ ਸ਼ਖਸੀਅਤ ਦੇ ਵਿਕਾਸ ਲਈ ਲਾਭਕਾਰੀ ਅਨੁਭਵ ਪ੍ਰਾਪਤ ਕੀਤੇ। ਸਮਾਪਤੀ ਸਮਾਗਮ ਅਤੇ ਕੀਰਤਨ ਦਰਬਾਰ ਦੌਰਾਨ ਵੱਡੀ ਗਿਣਤੀ ਵਿੱਚ ਸੰਗਤ ਨੇ ਹਾਜ਼ਰੀ ਭਰੀ। ਇਸ ਮੌਕੇ ਯੂਨਾਇਟਡ ਸਿੱਖਸ ਦੇ ਡਾਇਰੈਕਟਰ ਡਾ. ਪ੍ਰੀਤਮ ਸਿੰਘ ਸਮੇਤ ਪੰਥਕ, ਸਮਾਜਿਕ ਅਤੇ ਮਨੁੱਖਤਾ ਦੀ ਭਲਾਈ ਲਈ ਵਿਸ਼ੇਸ਼ ਸੇਵਾਵਾਂ ਨਿਭਾ ਰਹੀਆਂ ਮੋਹੱਤਵਰ ਸ਼ਖਸੀਅਤਾਂ ਨੂੰ ਸਨਮਾਨਿਤ ਕੀਤਾ ਗਿਆ। ਪ੍ਰਬੰਧਕਾਂ ਵੱਲੋਂ ਉਨ੍ਹਾਂ ਨੂੰ ਸਿਰੋਪਾਓ ਅਤੇ ਯਾਦਗਾਰੀ ਚਿੰਨ੍ਹ ਭੇਟ ਕਰਦਿਆਂ ਉਨ੍ਹਾਂ ਦੀਆਂ ਸੇਵਾਵਾਂ ਦੀ ਸ਼ਲਾਘਾ ਕੀਤੀ ਗਈ। ਬੁਲਾਰਿਆਂ ਨੇ ਕਿਹਾ ਕਿ ਅਜਿਹੀਆਂ ਸ਼ਖਸੀਅਤਾਂ ਨੌਜਵਾਨ ਪੀੜ੍ਹੀ ਲਈ ਪ੍ਰੇਰਣਾ ਸਰੋਤ ਹਨ ਅਤੇ ਉਨ੍ਹਾਂ ਦੇ ਜੀਵਨ ਤੋਂ ਸੇਧ ਲੈ ਕੇ ਸਮਾਜ ਦੀ ਬਿਹਤਰੀ ਲਈ ਯੋਗਦਾਨ ਪਾਇਆ ਜਾ ਸਕਦਾ ਹੈ। ਕੈਂਪ ਦੇ ਪ੍ਰਬੰਧਕਾਂ ਅਤੇ ਯੂਨਾਇਟਡ ਸਿੱਖਸ ਦੇ ਡਾ. ਭਾਈ ਪ੍ਰੀਤਮ ਸਿੰਘ (ਦਿੱਲੀ) ਨੇ ਇਸ ਸਫਲ ਆਯੋਜਨ ਲਈ ਸੇਵਾਦਾਰਾਂ, ਵਿਦਵਾਨਾਂ, ਮਾਪਿਆਂ ਅਤੇ ਸਮੂਹ ਸੰਗਤ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਅਜਿਹੇ ਗੁਰਮਤਿ ਕੈਂਪ ਨੌਜਵਾਨ ਪੀੜ੍ਹੀ ਨੂੰ ਆਪਣੇ ਧਾਰਮਿਕ ਅਤੇ ਸੱਭਿਆਚਾਰਕ ਵਿਰਸੇ ਨਾਲ ਜੋੜਨ ਦੇ ਨਾਲ-ਨਾਲ ਉਨ੍ਹਾਂ ਵਿੱਚ ਅਨੁਸ਼ਾਸਨ, ਸੇਵਾ ਭਾਵਨਾ ਅਤੇ ਚੰਗੇ ਚਰਿੱਤਰ ਦੀ ਉਸਾਰੀ ਲਈ ਅਹਿਮ ਭੂਮਿਕਾ ਨਿਭਾਉਂਦੇ ਹਨ।

# ’84 ਦੇ ਸ਼ਹੀਦਾਂ ਦੀ ਯਾਦ ਵਿੱਚ ਠੰਡੇ ਮਿੱਠੇ ਪਾਣੀ ਦੀ ਛਬੀਲ ਲਗਾਈ




**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਵੇਂ ਪਾਤਸ਼ਾਹ ਧੰਨ ਧੰਨ ਮ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਅਤੇ ਵੀਸਵੀਂ ਸਦੀ ਦੇ ਮਹਾਨ ਸੰਤ ਜਰਨੈਲ ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ ਅਤੇ 84 ਦੇ ਸ਼ਹੀਦਾਂ ਦੀ ਨਿੱਘੀ ਅਤੇ ਮਿੱਠੀ ਯਾਦ ਨੂੰ ਤਾਜ਼ਾ ਕਰਦਿਆਂ ਪਿਛਲੇ ਕਈ ਸਾਲਾਂ ਤੋਂ ਇਕ ਜੂਨ ਤੋਂ ਲੈ ਕੇ 30 ਜੂਨ ਤੱਕ ਮਨਦੀਪ ਸਿੰਘ ਹਥਨ ਵੱਲੋਂ ਬਰਨਾਲਾ ਰੋਡ ਧੂਰੀ ਵਿਖੇ ਆਉਦੇ ਜਾਦੇ ਰਾਹੀਆਂ ਵਾਸਤੇ ਠੰਡੇ ਮਿੱਠੇ ਪਾਣੀ ਦੀ ਸਬੀਲ ਦਾ ਪ੍ਰਬੰਧ ਕੀਤਾ ਜਾਂਦਾ ਹੈ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਗਿਆਨੀ ਮਨਦੀਪ ਸਿੰਘ ਹਥਨ ਨੇ ਕਿਹਾ ਕਿ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਮਨੁੱਖਤਾ, ਸਹਿਨਸ਼ੀਲਤਾ ਅਤੇ ਸੇਵਾ ਦਾ ਸੰਦੇਸ਼ ਦਿੱਤਾ ਸੀ। ਉਨ੍ਹਾਂ ਦੀ ਸ਼ਹਾਦਤ ਸਿੱਖ ਇਤਿਹਾਸ ਵਿੱਚ ਵਿਸ਼ੇਸ਼ ਮਹੱਤਵ ਰੱਖਦੀ ਹੈ। ਇਸ ਮੌਕੇ ਨੌਜਵਾਨਾਂ ਅਤੇ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਸੇਵਾ ਨਿਭਾਈ। ਉਨ੍ਹਾਂ ਕਿਹਾ ਕਿ ਅਜਿਹੇ ਧਾਰਮਿਕ ਅਤੇ ਸਮਾਜਿਕ ਕਾਰਜ ਲੋਕਾਂ ਵਿੱਚ ਭਾਈਚਾਰਕ ਸਾਂਝ ਅਤੇ ਸੇਵਾ ਭਾਵਨਾ ਨੂੰ ਮਜ਼ਬੂਤ ਕਰਦੇ ਹਨ। ਇਸ ਦੌਰਾਨ ਸੰਗਤਾਂ ਵੱਲੋਂ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਤੇ ਚੱਲਣ ਦਾ ਸੰਦੇਸ਼ ਵੀ ਦਿੱਤਾ ਗਿਆ।

# ਜਨਰੇਸ਼ਨ ਗੈਪ ਜਾਂ ਪਰਵਰਿਸ਼ ਦੀ ਕਮੀ ?




ਜਨਰੇਸ਼ਨ ਗੈਪ ਜਾਂ ਪਰਵਰਿਸ਼ ਦੀ ਕਮੀ ? ਇੰਟਰਨੈੱਟ ਅਤੇ ਏਆਈ ਦੇ ਯੁੱਗ ਵਿੱਚ ਖੋ ਰਹੀ ਨਵੀਂ ਪਨੀਰੀ ਅੱਜ ਦਾ ਸਮਾਂ ਬੇਹੱਦ ਤੇਜ਼ੀ ਨਾਲ ਬਦਲ ਰਿਹਾ ਹੈ। ਜਿਸ ਤਰ੍ਹਾਂ ਇੱਕ ਸਮੇਂ ਉਦਯੋਗਿਕ ਕ੍ਰਾਂਤੀ ਨੇ ਦੁਨੀਆ ਨੂੰ ਬਦਲਿਆ ਸੀ, ਉਸੇ ਤਰ੍ਹਾਂ ਅੱਜ ਇੰਟਰਨੈੱਟ ਅਤੇ ਕ੍ਰਿਤ੍ਰਿਮ ਬੁੱਧੀ (19) ਮਨੁੱਖੀ ਜੀਵਨ ਦੇ ਹਰ ਖੇਤਰ ਨੂੰ ਪ੍ਰਭਾਵਿਤ ਕਰ ਰਹੇ ਹਨ। ਪਰ ਇਸ ਤਰੱਕੀ ਦੇ ਨਾਲ ਇੱਕ ਗੰਭੀਰ ਸਵਾਲ ਵੀ ਖੜ੍ਹਾ ਹੋ ਰਿਹਾ ਹੈ ਕੀ ਅਸੀਂ ਆਪਣੀ ਨਵੀਂ ਪੀੜ੍ਹੀ ਨੂੰ ਗਿਆਨ ਦੇ ਰਹੇ ਹਾਂ ਜਾਂ ਉਸਨੂੰ ਇੱਕ ਅਜਿਹੇ ਡਿਜ਼ਿਟਲ ਦਲਦਲ ਵਿੱਚ ਧੱਕ ਰਹੇ ਹਾਂ ਜਿੱਥੋਂ ਬਾਹਰ ਨਿਕਲਣਾ ਦਿਨੋ-ਦਿਨ ਔਖਾ ਹੁੰਦਾ ਜਾ ਰਿਹਾ ਹੈ ? ਅਕਸਰ ਵੱਡੇ ਬਜ਼ੁਰਗ ਕਹਿੰਦੇ ਹਨ ਕਿ ਅੱਜ ਦੇ ਬੱਚੇ ਪਹਿਲਾਂ ਵਾਂਗ ਆਗਿਆਕਾਰੀ ਨਹੀਂ ਰਹੇ। ਉਨ੍ਹਾਂ ਵਿੱਚ ਗੁੱਸਾ, ਚਿੜਚਿੜਾਪਣ, ਬੇਸਬਰੀ, ਈਰਖਾ, ਇਕੱਲਾਪਣ ਅਤੇ ਮਨਮਰਜ਼ੀ ਵੱਧ ਗਈ ਹੈ। ਸਵਾਲ ਇਹ ਹੈ ਕਿ ਕੀ ਇਹ ਸਿਰਫ਼ ਜਨਰੇਸ਼ਨ ਗੈਪ ਹੈ ਜਾਂ ਫਿਰ ਸਾਡੀ ਪਰਵਰਿਸ਼ ਅਤੇ ਸਮਾਜਿਕ ਢਾਂਚੇ ਦੀ ਨਾਕਾਮੀ ? ਸਾਲ 2000 ਤੋਂ ਬਾਅਦ ਜੰਮੀ ਪੀੜ੍ਹੀ ਨੇ ਉਹ ਦੁਨੀਆ ਨਹੀਂ ਵੇਖੀ ਜਿਸ ਵਿੱਚ ਸ਼ਾਮ ਨੂੰ ਸਾਰੇ ਪਰਿਵਾਰਕ ਮੈਂਬਰ ਇੱਕਠੇ ਬੈਠਦੇ ਸਨ, ਦਾਦਾ-ਦਾਦੀ ਕਹਾਣੀਆਂ ਸੁਣਾਉਂਦੇ ਸਨ ਅਤੇ ਬੱਚੇ ਖੇਡ ਦੇ ਮੈਦਾਨਾਂ ਵਿੱਚ ਸਮਾਂ ਬਿਤਾਉਂਦੇ ਸਨ। ਅੱਜ ਦਾ ਬੱਚਾ ਮੋਬਾਈਲ ਸਕ੍ਰੀਨ ਨਾਲ ਵੱਡਾ ਹੋ ਰਿਹਾ ਹੈ। ਉਸਦੇ ਦੋਸਤ ਵੀ ਡਿਜ਼ਿਟਲ ਹਨ, ਮਨੋਰੰਜਨ ਵੀ ਡਿਜ਼ਿਟਲ ਹੈ ਅਤੇ ਕਈ ਵਾਰ ਉਸਦੀਆਂ ਭਾਵਨਾਵਾਂ ਵੀ ਡਿਜ਼ਿਟਲ ਹੋ ਗਈਆਂ ਹਨ। ਇੰਟਰਨੈੱਟ ਮਨੁੱਖਤਾ ਦੀ ਇੱਕ ਮਹਾਨ ਖੋਜ ਹੈ। ਇਸ ਦਾ ਮਕਸਦ ਗਿਆਨ, ਖੋਜ, ਸਿੱਖਿਆ ਅਤੇ ਸੰਚਾਰ ਨੂੰ ਆਸਾਨ ਬਣਾਉਣਾ ਸੀ। ਪਰ ਅੱਜ ਇਸਦਾ ਵੱਡਾ ਹਿੱਸਾ ਮਨੋਰੰਜਨ, ਅਸ਼ਲੀਲਤਾ, ਹਿੰਸਾ, ਨਫ਼ਰਤ, ਝੂਠੀ ਸ਼ੋਹਰਤ ਅਤੇ ਵਿਖਾਵੇ ਦੀ ਦੁਨੀਆ ਵਿੱਚ ਬਦਲਦਾ ਜਾ ਰਿਹਾ ਹੈ। ਬੱਚੇ ਅਤੇ ਨੌਜਵਾਨ ਘੰਟਿਆਂ ਸੋਸ਼ਲ ਮੀਡੀਆ ਉੱਤੇ ਬਿਤਾਉਂਦੇ ਹਨ, ਜਿੱਥੇ ਉਹ ਦੂਜਿਆਂ ਦੀਆਂ ਬਣਾਵਟੀ ਖੁਸ਼ੀਆਂ ਨਾਲ ਆਪਣੀ ਜ਼ਿੰਦਗੀ ਦੀ ਤੁਲਨਾ ਕਰਦੇ ਹਨ। ਇਹ ਤੁਲਨਾ ਹੀ ਈਰਖਾ, ਨਿਰਾਸ਼ਾ ਅਤੇ ਡਿਪਰੈਸ਼ਨ ਦੀ ਜੜ੍ਹ ਬਣਦੀ ਹੈ। ਇਹ ਸਮੱਸਿਆ ਸਿਰਫ਼ ਬੱਚਿਆਂ ਤੱਕ ਸੀਮਤ ਨਹੀਂ ਰਹੀ। ਨੌਜਵਾਨ, ਮੱਧ ਉਮਰ ਦੇ ਲੋਕ ਅਤੇ ਬਜ਼ੁਰਗ ਵੀ ਇਸ ਡਿਜ਼ਿਟਲ ਜਾਲ ਦਾ ਸ਼ਿਕਾਰ ਹੋ ਰਹੇ ਹਨ। ਹਰ ਉਮਰ ਦਾ ਵਿਅਕਤੀ ਆਪਣੇ ਹੱਥ ਵਿੱਚ ਮੋਬਾਈਲ ਲੈ ਕੇ ਇੱਕ ਅਜਿਹੀ ਦੁਨੀਆ ਵਿੱਚ ਖੋ ਗਿਆ ਹੈ ਜਿੱਥੇ ਹਜ਼ਾਰਾਂ ਦੋਸਤ ਹਨ ਪਰ ਅਸਲ ਜ਼ਿੰਦਗੀ ਵਿੱਚ ਗੱਲ ਕਰਨ ਵਾਲਾ ਕੋਈ ਨਹੀਂ। ਅੱਜ ਦਾ ਬੱਚਾ ਕਿਤਾਬਾਂ ਨਾਲੋਂ ਵੱਧ ਸਕ੍ਰੀਨ ਨੂੰ ਜਾਣਦਾ ਹੈ। ਉਹ ਕਹਾਣੀਆਂ ਪੜ੍ਹਨ ਦੀ ਬਜਾਏ ਛੋਟੀਆਂ ਵੀਡੀਓਜ਼ ਦੇਖਦਾ ਹੈ। ਉਸਦੀ ਧਿਆਨ ਕੇਂਦਰਿਤ ਕਰਨ ਦੀ ਸਮਰੱਥਾ ਘਟ ਰਹੀ ਹੈ। ਉਸਨੂੰ ਹਰ ਚੀਜ਼ ਤੁਰੰਤ ਚਾਹੀਦੀ ਹੈ। ਸਬਰ, ਮਿਹਨਤ ਅਤੇ ਉਡੀਕ ਵਰਗੇ ਗੁਣ ਹੌਲੀ-ਹੌਲੀ ਕਮਜ਼ੋਰ ਪੈ ਰਹੇ ਹਨ। ਇਸ ਸਥਿਤੀ ਲਈ ਸਿਰਫ਼ ਬੱਚਿਆਂ ਨੂੰ ਦੋਸ਼ ਨਹੀਂ ਦਿੱਤਾ ਜਾ ਸਕਦਾ। ਮਾਪਿਆਂ ਦੀ ਭੂਮਿਕਾ ਵੀ ਉਤਨੀ ਹੀ ਮਹੱਤਵਪੂਰਨ ਹੈ। ਕਈ ਘਰਾਂ ਵਿੱਚ ਮੋਬਾਈਲ ਬੱਚੇ ਨੂੰ ਚੁੱਪ ਕਰਵਾਉਣ ਦਾ ਸਾਧਨ ਬਣ ਗਿਆ ਹੈ। ਜਦੋਂ ਬੱਚਾ ਰੋਂਦਾ ਹੈ ਤਾਂ ਉਸਦੇ ਹੱਥ ਵਿੱਚ ਖਿਡੌਣੇ ਦੀ ਥਾਂ ਫੋਨ ਦੇ ਦਿੱਤਾ ਜਾਂਦਾ ਹੈ। ਜਦੋਂ ਉਹ ਇਕੱਲਾ ਮਹਿਸੂਸ ਕਰਦਾ ਹੈ ਤਾਂ ਉਸਨੂੰ ਗੱਲਬਾਤ ਦੀ ਥਾਂ ਇੰਟਰਨੈੱਟ ਦੇ ਦਿੱਤਾ ਜਾਂਦਾ ਹੈ। ਹੌਲੀ-ਹੌਲੀ ਉਹ ਆਪਣੇ ਪਰਿਵਾਰ ਨਾਲੋਂ ਵੱਧ ਆਪਣੇ ਡਿਵਾਈਸ ਨਾਲ ਜੁੜ ਜਾਂਦਾ ਹੈ। ਹੁਣ ਏਆਈ ਦਾ ਦੌਰ ਆ ਚੁੱਕਾ ਹੈ। ਲੇਖ ਲਿਖਣ ਤੋਂ ਲੈ ਕੇ ਤਸਵੀਰਾਂ ਬਣਾਉਣ, ਗੀਤ ਰਚਣ, ਡਿਜ਼ਾਇਨ ਤਿਆਰ ਕਰਨ ਅਤੇ ਗੱਲਬਾਤ ਕਰਨ ਤੱਕ ਹਰ ਕੰਮ ਵਿੱਚ ਏਆਈ ਦੀ ਵਰਤੋਂ ਵੱਧ ਰਹੀ ਹੈ। ਇਹ ਤਕਨਾਲੋਜੀ ਆਪਣੇ ਆਪ ਵਿੱਚ ਦੁਸ਼ਮਣ ਨਹੀਂ ਹੈ। ਸਮੱਸਿਆ ਇਸਦੇ ਗਲਤ ਜਾਂ ਅਤਿਅਧਿਕ ਉਪਯੋਗ ਵਿੱਚ ਹੈ। ਇੱਕ ਚਿੰਤਾਜਨਕ ਗੱਲ ਇਹ ਵੀ ਹੈ ਕਿ ਕਈ ਲੋਕ ਆਪਣੀਆਂ ਭਾਵਨਾਵਾਂ, ਦੁੱਖ, ਪਿਆਰ ਅਤੇ ਇਕੱਲੇਪਣ ਨੂੰ ਵੀ ਹੁਣ ਮਸ਼ੀਨਾਂ ਨਾਲ ਸਾਂਝਾ ਕਰਨ ਲੱਗ ਪਏ ਹਨ। ਜੇਕਰ ਆਉਣ ਵਾਲੀਆਂ ਪੀੜ੍ਹੀਆਂ ਮਨੁੱਖੀ ਰਿਸ਼ਤਿਆਂ ਨਾਲੋਂ ਵੱਧ ਮਸ਼ੀਨਾਂ ਉੱਤੇ ਨਿਰਭਰ ਹੋਣ ਲੱਗੀਆਂ ਤਾਂ ਸਮਾਜ ਵਿੱਚ ਭਾਵਨਾਤਮਕ ਦੂਰੀ ਵਧ ਸਕਦੀ ਹੈ। ਮਨੁੱਖੀ ਛੋਹ, ਪਰਿਵਾਰਕ ਸਾਂਝ ਅਤੇ ਸਮਾਜਿਕ ਰਿਸ਼ਤੇ ਕਮਜ਼ੋਰ ਹੋ ਸਕਦੇ ਹਨ। ਪਰ ਇਸਦਾ ਮਤਲਬ ਇਹ ਨਹੀਂ ਕਿ ਏਆਈ ਜਾਂ ਇੰਟਰਨੈੱਟ ਤੋਂ ਪੂਰੀ ਤਰ੍ਹਾਂ ਛੁਟਕਾਰਾ ਪਾਇਆ ਜਾ ਸਕਦਾ ਹੈ। ਜਿਵੇਂ ਅੱਗ ਖਾਣਾ ਪਕਾਉਣ ਲਈ ਵੀ ਵਰਤੀ ਜਾਂਦੀ ਹੈ ਅਤੇ ਨੁਕਸਾਨ ਲਈ ਵੀ, ਉਸੇ ਤਰ੍ਹਾਂ ਤਕਨਾਲੋਜੀ ਦਾ ਅਸਰ ਇਸਦੀ ਵਰਤੋਂ ਉੱਤੇ ਨਿਰਭਰ ਕਰਦਾ ਹੈ। ਸਵਾਲ ਤਕਨਾਲੋਜੀ ਨੂੰ ਖਤਮ ਕਰਨ ਦਾ ਨਹੀਂ, ਸਗੋਂ ਉਸਨੂੰ ਸਹੀ ਦਿਸ਼ਾ ਵਿੱਚ ਵਰਤਣ ਦਾ ਹੈ। ਸਾਨੂੰ ਬੱਚਿਆਂ ਨੂੰ ਕਿਤਾਬਾਂ ਨਾਲ ਜੋੜਨਾ ਪਵੇਗਾ। ਘਰਾਂ ਵਿੱਚ ਪੜ੍ਹਨ ਦਾ ਮਾਹੌਲ ਬਣਾਉਣਾ ਪਵੇਗਾ। ਮਾਪਿਆਂ ਨੂੰ ਖੁਦ ਵੀ ਕਿਤਾਬਾਂ ਪੜ੍ਹਨ ਦੀ ਆਦਤ ਪਾਉਣੀ ਪਵੇਗੀ, ਕਿਉਂਕਿ ਬੱਚੇ ਸੁਣਨ ਨਾਲੋਂ ਵੱਧ ਦੇਖ ਕੇ ਸਿੱਖਦੇ ਹਨ। ਸਕੂਲਾਂ ਵਿੱਚ ਲਾਇਬ੍ਰੇਰੀਆਂ ਨੂੰ ਮਜ਼ਬੂਤ ਕਰਨਾ ਪਵੇਗਾ। ਬੱਚਿਆਂ ਨੂੰ ਖੇਡਾਂ, ਕਲਾ, ਸਾਹਿਤ ਅਤੇ ਸਮਾਜਿਕ ਗਤੀਵਿਧੀਆਂ ਨਾਲ ਜੋੜਨਾ ਪਵੇਗਾ। ਸਭ ਤੋਂ ਵੱਡੀ ਲੋੜ ਪਰਿਵਾਰਕ ਸੰਵਾਦ ਦੀ ਹੈ। ਹਰ ਰੋਜ਼ ਕੁਝ ਸਮਾਂ ਅਜਿਹਾ ਹੋਣਾ ਚਾਹੀਦਾ ਹੈ ਜਦੋਂ ਘਰ ਦੇ ਸਾਰੇ ਮੈਂਬਰ ਬਿਨਾਂ ਮੋਬਾਈਲ ਦੇ ਇੱਕਠੇ ਬੈਠਣ। ਬੱਚਿਆਂ ਦੀਆਂ ਗੱਲਾਂ ਸੁਣੀਆਂ ਜਾਣ। ਉਨ੍ਹਾਂ ਦੇ ਡਰ, ਉਨ੍ਹਾਂ ਦੇ ਸੁਪਨੇ ਅਤੇ ਉਨ੍ਹਾਂ ਦੀਆਂ ਉਲਝਣਾਂ ਨੂੰ ਸਮਝਿਆ ਜਾਵੇ। ਜਿਸ ਬੱਚੇ ਨੂੰ ਘਰ ਵਿੱਚ ਸਮਝ ਮਿਲੇਗੀ, ਉਹ ਇੰਟਰਨੈੱਟ ਵਿੱਚ ਸਹਾਰਾ ਲੱਭਣ ਲਈ ਮਜਬੂਰ ਨਹੀਂ ਹੋਵੇਗਾ। ਸਮਾਜ ਨੂੰ ਵੀ ਆਪਣੀ ਜ਼ਿੰਮੇਵਾਰੀ ਸਮਝਣੀ ਪਵੇਗੀ। ਅਸੀਂ ਨਵੀਂ ਪੀੜ੍ਹੀ ਨੂੰ ਸਿਰਫ਼ ਡਿਗਰੀਆਂ ਨਹੀਂ, ਸਗੋਂ ਚੰਗੇ ਸੰਸਕਾਰ, ਆਲੋਚਨਾਤਮਕ ਸੋਚ ਅਤੇ ਮਨੁੱਖਤਾ ਦੀ ਸਿੱਖਿਆ ਵੀ ਦੇਣੀ ਹੈ। ਜੇਕਰ ਅਸੀਂ ਇਹ ਨਾ ਕਰ ਸਕੇ ਤਾਂ ਭਵਿੱਖ ਵਿੱਚ ਸਾਡੇ ਕੋਲ ਬਹੁਤ ਗਿਆਨਵਾਨ ਪਰ ਭਾਵਨਾਤਮਕ ਤੌਰ ’ਤੇ ਕਮਜ਼ੋਰ ਲੋਕਾਂ ਦੀ ਇੱਕ ਵੱਡੀ ਭੀੜ ਹੋਵੇਗੀ। ਅੱਜ ਲੋੜ ਡਰਣ ਦੀ ਨਹੀਂ, ਜਾਗਣ ਦੀ ਹੈ। ਨਵੀਂ ਪਨੀਰੀ ਨੂੰ ਬਚਾਉਣ ਲਈ ਇੰਟਰਨੈੱਟ ਅਤੇ ਏਆਈ ਨਾਲ ਜੰਗ ਨਹੀਂ, ਸਗੋਂ ਸੂਝ-ਬੂਝ ਵਾਲਾ ਸੰਤੁਲਨ ਬਣਾਉਣਾ ਪਵੇਗਾ। ਤਕਨਾਲੋਜੀ ਨੂੰ ਨੌਕਰ ਬਣਾਇਆ ਜਾਵੇ, ਮਾਲਕ ਨਹੀਂ। ਕਿਤਾਬਾਂ, ਵਿਚਾਰ, ਸੰਵਾਦ, ਖੇਡਾਂ ਅਤੇ ਮਨੁੱਖੀ ਰਿਸ਼ਤੇ ਮੁੜ ਜ਼ਿੰਦਗੀ ਦਾ ਹਿੱਸਾ ਬਣਾਏ ਜਾਣ। ਕਿਉਂਕਿ ਜੇਕਰ ਅਸੀਂ ਬੱਚਿਆਂ ਦੇ ਹੱਥ ਵਿੱਚ ਸਿਰਫ਼ ਸਕ੍ਰੀਨ ਦੇਵਾਂਗੇ, ਤਾਂ ਉਹ ਜਾਣਕਾਰੀ ਤਾਂ ਹਾਸਲ ਕਰ ਲੈਣਗੇ, ਪਰ ਗਿਆਨ ਨਹੀਂ। ਅਤੇ ਜੇ ਅਸੀਂ ਉਨ੍ਹਾਂ ਨੂੰ ਕਿਤਾਬਾਂ, ਸੋਚ ਅਤੇ ਮਨੁੱਖਤਾ ਨਾਲ ਜੋੜਾਂਗੇ, ਤਾਂ ਉਹ ਸਿਰਫ਼ ਸਫਲ ਹੀ ਨਹੀਂ, ਸਗੋਂ ਇੱਕ ਸੰਵੇਦਨਸ਼ੀਲ ਅਤੇ ਜ਼ਿੰਮੇਵਾਰ ਇਨਸਾਨ ਵੀ ਬਣਨਗੇ। ਨਵੀਂ ਪੀੜ੍ਹੀ ਨੂੰ ਤਕਨਾਲੋਜੀ ਤੋਂ ਨਹੀਂ, ਤਕਨਾਲੋਜੀ ਦੀ ਗੁਲਾਮੀ ਤੋਂ ਬਚਾਉਣਾ ਹੀ ਅੱਜ ਦੇ ਸਮਾਜ ਦੀ ਸਭ ਤੋਂ ਵੱਡੀ ਜ਼ਿੰਮੇਵਾਰੀ ਹੈ।

**-ਜਸਵੰਤ ਗਰੇਵਾਲ**

ਪੰਜਾਬ ਦੇ ਹੱਕਾਂ, ਪੰਥਕ ਵਿਚਾਰਧਾਰਾ ਅਤੇ ਲੋਕਾਂ ਦੀ ਆਵਾਜ਼ ਨੂੰ ਮਜ਼ਬੂਤੀ ਦੇਣ ਲਈ

# ਮਨਪ੍ਰੀਤ ਸਿੰਘ ਇਆਲੀ ਦਾ ਫ਼ੈਸਲਾ ਇਤਿਹਾਸਕ ਕਦਮ : ਬਾਪੂ ਤਰਸੇਮ ਸਿੰਘ





**ਚੰਡੀਗੜ੍ਹ, 9 ਜੂਨ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੀ ਸਿਆਸਤ ਵਿੱਚ ਅੱਜ ਇੱਕ ਖ਼ਾਸ ਪ੍ਰਭਾਵ ਛੱਡਣ ਵਾਲਾ ਸਿਆਸੀ ਘਟਨਾਕ੍ਰਮ ਉਸ ਵੇਲੇ ਸਾਹਮਣੇ ਆਇਆ ਜਦੋਂ ਹਲਕਾ ਦਾਖਾਂ ਤੋਂ ਵਿਧਾਇਕ ਸ੍ਰ ਮਨਪ੍ਰੀਤ ਸਿੰਘ ਇਆਲੀ ਨੇ ਪੰਜਾਬ, ਪੰਥ ਅਤੇ ਪੰਜਾਬੀਅਤ ਦੇ ਹੱਕਾਂ ਲਈ ਆਵਾਜ਼ ਬੁਲੰਦ ਕਰ ਰਹੇ ਅਕਾਲੀ ਦਲ ਵਾਰਿਸ ਪੰਜਾਬ ਦੇ ਦੇ ਪਲੇਟਫਾਰਮ ਨਾਲ ਸਾਂਝ ਦਾ ਐਲਾਨ ਕੀਤਾ। ਇਸ ਮੌਕੇ ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਸਤਿਕਾਰਯੋਗ ਪਿਤਾ ਅਤੇ ਪਾਰਟੀ ਦੇ ਸਰਪ੍ਰਸਤ ਬਾਪੂ ਤਰਸੇਮ ਸਿੰਘ ਜੀ, ਲੋਕ ਸਭਾ ਮੈਂਬਰ ਭਾਈ ਸਰਬਜੀਤ ਸਿੰਘ ਖ਼ਾਲਸਾ, ਭਾਈ ਮਨਦੀਪ ਸਿੰਘ ਸਿੱਧੂ ਅਤੇ ਸਮੁੱਚੀ ਸੀਨੀਅਰ ਲੀਡਰਸ਼ਿਪ ਵੱਲੋਂ ਸ੍ਰ ਮਨਪ੍ਰੀਤ ਸਿੰਘ ਇਆਲੀ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਬਾਪੂ ਤਰਸੇਮ ਸਿੰਘ ਜੀ ਨੇ ਕਿਹਾ ਕਿ ਸ੍ਰ ਮਨਪ੍ਰੀਤ ਸਿੰਘ ਇਆਲੀ ਦਾ ਪਾਰਟੀ ਨਾਲ ਜੁੜਨਾ ਸਿਰਫ਼ ਇੱਕ ਵਿਅਕਤੀ ਦੀ ਸ਼ਮੂਲੀਅਤ ਨਹੀਂ, ਸਗੋਂ ਪੰਜਾਬ ਦੇ ਹੱਕਾਂ ਲਈ ਲੜ ਰਹੀਆਂ ਵਿਚਾਰਧਾਰਕ ਤਾਕਤਾਂ ਦੇ ਇੱਕ ਮੰਚ ’ਤੇ ਇਕੱਠੇ ਹੋਣ ਦਾ ਸੰਕੇਤ ਹੈ। ਉਨ੍ਹਾਂ ਕਿਹਾ ਕਿ ਪੰਜਾਬ ਅੱਜ ਗੰਭੀਰ ਚੁਣੌਤੀਆਂ ਦਾ ਸਾਹਮਣਾ ਕਰ ਰਿਹਾ ਹੈ ਅਤੇ ਅਜਿਹੇ ਸਮੇਂ ਤਜ਼ਰਬੇਕਾਰ, ਸਿਧਾਂਤਕ ਅਤੇ ਲੋਕਾਂ ਨਾਲ ਜੁੜੇ ਆਗੂਆਂ ਦਾ ਇਸ ਸੰਘਰਸ਼ ਦਾ ਹਿੱਸਾ ਬਣਨਾ ਬਹੁਤ ਮਹੱਤਵ ਰੱਖਦਾ ਹੈ। ਬਾਪੂ ਤਰਸੇਮ ਸਿੰਘ ਜੀ ਨੇ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਦਾ ਮਕਸਦ ਪੰਜਾਬ ਦੇ ਸੰਵਿਧਾਨਕ ਹੱਕਾਂ, ਨੌਜਵਾਨੀ ਦੇ ਭਵਿੱਖ, ਕਿਸਾਨੀ, ਪਾਣੀਆਂ, ਭਾਸ਼ਾ, ਸੱਭਿਆਚਾਰ ਅਤੇ ਲੋਕਤੰਤਰੀ ਕਦਰਾਂ-ਕੀਮਤਾਂ ਦੀ ਰਾਖੀ ਕਰਨਾ ਹੈ। ਉਨ੍ਹਾਂ ਕਿਹਾ ਕਿ ਪਾਰਟੀ ਪਹਿਲੇ ਦਿਨ ਤੋਂ ਸਮੂਹ ਬੰਦੀ ਸਿੰਘਾਂ ਦੀ ਰਿਹਾਈ, ਨਸ਼ਿਆਂ ਦੇ ਖ਼ਾਤਮੇ ਅਤੇ ਪੰਜਾਬ ਦੇ ਅਸਲ ਮਸਲਿਆਂ ਨੂੰ ਦੇਸ਼ ਅਤੇ ਦੁਨੀਆ ਸਾਹਮਣੇਂ ਰੱਖਣ ਲਈ ਸੰਘਰਸ਼ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸ੍ਰ ਮਨਪ੍ਰੀਤ ਸਿੰਘ ਇਆਲੀ ਨੇ ਜਿਨ੍ਹਾਂ ਮੁੱਦਿਆਂ ਨੂੰ ਅੱਜ ਉਠਾਇਆ ਹੈ, ਉਹ ਕਰੋੜਾਂ ਪੰਜਾਬੀਆਂ ਦੀਆਂ ਭਾਵਨਾਵਾਂ ਦੀ ਨੁਮਾਇੰਦਗੀ ਕਰਦੇ ਹਨ। ਪੰਜਾਬ ਦੇ ਲੋਕ ਅੱਜ ਅਜਿਹੀ ਲੀਡਰਸ਼ਿਪ ਦੀ ਤਲਾਸ਼ ਵਿੱਚ ਹਨ ਜੋ ਬਿਨਾਂ ਕਿਸੇ ਡਰ ਅਤੇ ਸਵਾਰਥ ਤੋਂ ਪੰਜਾਬ ਦੀ ਆਵਾਜ਼ ਬਣ ਸਕੇ। ਅਕਾਲੀ ਦਲ ਵਾਰਿਸ ਪੰਜਾਬ ਦੇ ਇਸੇ ਸੋਚ ਨਾਲ ਅੱਗੇ ਵਧ ਰਿਹਾ ਹੈ ਅਤੇ ਇਆਲੀ ਜੀ ਦੀ ਸ਼ਮੂਲੀਅਤ ਇਸ ਸੰਘਰਸ਼ ਨੂੰ ਹੋਰ ਮਜ਼ਬੂਤ ਕਰੇਗੀ। ਇਸ ਮੌਕੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਸ੍ਰ ਮਨਪ੍ਰੀਤ ਸਿੰਘ ਇਆਲੀ ਨੇ ਕਿਹਾ ਕਿ ਪੰਜਾਬ ਦੀ ਸਿਆਸਤ ਅੱਜ ਇੱਕ ਨਵੇਂ ਮੋੜ ’ਤੇ ਖੜ੍ਹੀ ਹੈ। ਸੂਬੇ ਦੇ ਲੋਕ ਸਿਰਫ਼ ਸਰਕਾਰਾਂ ਦੀ ਤਬਦੀਲੀ ਨਹੀਂ, ਸਗੋਂ ਅਜਿਹੀ ਸੋਚ ਦੀ ਉਮੀਦ ਕਰ ਰਹੇ ਹਨ ਜੋ ਪੰਜਾਬ ਦੇ ਭਵਿੱਖ ਨੂੰ ਸੁਰੱਖਿਅਤ ਕਰ ਸਕੇ। ਉਨ੍ਹਾਂ ਕਿਹਾ ਕਿ ਪੰਜਾਬ ਦੀ ਨੌਜਵਾਨੀ ਬੇਰੁਜ਼ਗਾਰੀ ਅਤੇ ਨਸ਼ਿਆਂ ਦੀ ਮਾਰ ਹੇਠ ਹੈ, ਕਿਸਾਨੀ ਸੰਕਟ ਡੂੰਘਾ ਹੋ ਰਿਹਾ ਹੈ ਅਤੇ ਵੱਡੀ ਗਿਣਤੀ ਵਿੱਚ ਨੌਜਵਾਨ ਵਿਦੇਸ਼ਾਂ ਵੱਲ ਰੁਖ ਕਰ ਰਹੇ ਹਨ, ਜਿਸ ਕਾਰਨ ਪੰਜਾਬ ਦੀ ਸਮਾਜਿਕ ਅਤੇ ਆਰਥਿਕ ਬਣਤਰ ਪ੍ਰਭਾਵਿਤ ਹੋ ਰਹੀ ਹੈ। ਸ੍ਰ ਇਆਲੀ ਨੇ ਕਿਹਾ ਕਿ ਅਜਿਹੇ ਹਾਲਾਤਾਂ ਵਿੱਚ ਪੰਜਾਬ-ਪੱਖੀ ਅਤੇ ਲੋਕ-ਪੱਖੀ ਤਾਕਤਾਂ ਨੂੰ ਇੱਕ ਮੰਚ ’ਤੇ ਇਕੱਠੇ ਹੋ ਕੇ ਕੰਮ ਕਰਨ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਉਹ ਪੰਜਾਬ, ਪੰਥ ਅਤੇ ਪੰਜਾਬੀਅਤ ਦੇ ਹੱਕਾਂ ਲਈ ਆਪਣੀ ਆਵਾਜ਼ ਪਹਿਲਾਂ ਨਾਲੋਂ ਵੱਧ ਦ੍ਰਿੜਤਾ ਨਾਲ ਬੁਲੰਦ ਕਰਨਗੇ ਅਤੇ ਲੋਕਾਂ ਦੀਆਂ ਉਮੀਦਾਂ ’ਤੇ ਖਰਾ ਉਤਰਣ ਦੀ ਪੂਰੀ ਕੋਸ਼ਿਸ਼ ਕਰਨਗੇ। ਭਾਈ ਸਰਬਜੀਤ ਸਿੰਘ ਖ਼ਾਲਸਾ ਅਤੇ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਨੇ ਵੀ ਸ੍ਰ ਮਨਪ੍ਰੀਤ ਸਿੰਘ ਇਆਲੀ ਦਾ ਸਵਾਗਤ ਕਰਦਿਆਂ ਕਿਹਾ ਕਿ ਪੰਜਾਬ ਦੇ ਹੱਕਾਂ ਲਈ ਚੱਲ ਰਹੇ ਇਸ ਸੰਘਰਸ਼ ਵਿੱਚ ਹਰ ਉਸ ਵਿਅਕਤੀ ਦਾ ਸਵਾਗਤ ਹੈ ਜੋ ਸੂਬੇ ਦੀ ਤਰੱਕੀ, ਨੌਜਵਾਨੀ ਦੇ ਭਵਿੱਖ ਅਤੇ ਲੋਕਾਂ ਦੀਆਂ ਹੱਕੀ ਮੰਗਾਂ ਲਈ ਇਮਾਨਦਾਰੀ ਨਾਲ ਕੰਮ ਕਰਨਾ ਚਾਹੁੰਦਾ ਹੈ। ਇਸ ਮੌਕੇ ਅਕਾਲੀ ਦਲ ਵਾਰਿਸ ਪੰਜਾਬ ਦੇ ਸੀਨੀਅਰ ਲੀਡਰਸ਼ਿਪ ਵਿੱਚੋਂ ਭਾਈ ਹਰਭਜਨ ਸਿੰਘ ਤੁੜ, ਬਾਬੂ ਸਿੰਘ ਬਰਾੜ, ਸ੍ਰ ਕਾਬਲ ਸਿੰਘ, ਭਾਈ ਰਛਪਾਲ ਸਿੰਘ ਸੋਸਣ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਕਰਨਵੀਰ ਸਿੰਘ, ਭਾਈ ਜਸ਼ਨਦੀਪ ਸਿੰਘ, ਭਾਈ ਸੰਦੀਪ ਸਿੰਘ ਰੁਪਾਲੋਂ, ਭਾਈ ਜਸਵਿੰਦਰ ਸਿੰਘ ਡਰੋਲੀ, ਲਾਲੀ ਰੱਈਆ ਜੀ, ਸ੍ਰ ਗੁਰਸੇਵਕ ਸਿੰਘ, ਸੁਖਬੀਰ ਸਿੰਘ ਵਲਟੋਹਾ ਅਤੇ ਹੋਰ ਵੱਡੀ ਗਿਣਤੀ ਵਿੱਚ ਵਰਕਰ ਹਾਜਰ ਸਨ।

**ਪੰਜਾਬ ਦੀ ਹੋਂਦ, ਨੌਜਵਾਨੀ ਅਤੇ ਭਵਿੱਖ ਦੀ ਰਾਖੀ ਲਈ ਹਰ ਪੰਜਾਬ-ਪੱਖੀ ਤਾਕਤ ਨੂੰ ਇੱਕਜੁੱਟ ਹੋਣ ਦੀ ਲੋੜ : ਮਨਪ੍ਰੀਤ ਸਿੰਘ ਇਆਲੀ**

## 13 ਸਾਲਾਂ ਬਾਅਦ ਦੂਰ ਹੋਈ ਤਾਰੀਖਾਂ ਦੀ ਦੁਬਿਧਾ, ਸਮੂਹ ਪੰਥ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਪੁਰਬ 18 ਜੂਨ ਨੂੰ ਮਨਾਵੇਗਾ: ਕਾਲਕਾ, ਕਾਹਲੋਂ



ਨਵੀਂ ਦਿੱਲੀ, 9 ਜੂਨ (ਮਨਪ੍ਰੀਤ ਸਿੰਘ ਖਾਲਸਾ):-13 ਸਾਲਾਂ ਬਾਅਦ ਗੁਰਪੁਰਬਾਂ ਅਤੇ ਸੰਗਰਾਂਦ ਦੀਆਂ ਤਾਰੀਖਾਂ ਸਬੰਧੀ ਚੱਲ ਰਹੀ ਦੁਬਿਧਾ ਖਤਮ ਹੋ ਗਈ ਹੈ। ਇਸ ਵਾਰ ਸਮੂਹ ਸਿੱਖ ਸੰਗਤ ਸ਼ਹੀਦਾਂ ਦੇ ਸਿਰਤਾਜ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਪੁਰਬ 18 ਜੂਨ ਨੂੰ ਇਕੋ ਦਿਨ ਮਨਾਵੇਗੀ। ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਅਤੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਇਸ ਨੂੰ ਪੰਥ ਦੀ ਏਕਤਾ ਲਈ ਇਤਿਹਾਸਕ ਕਦਮ ਕਰਾਰ ਦਿੱਤਾ। ਇਸ ਮੌਕੇ 100 ਸ਼ਰਧਾਲੂਆਂ ਦਾ ਜੱਥਾ ਪਰਮਜੀਤ ਸਿੰਘ ਚੰਢੋਕ ਦੀ ਅਗਵਾਈ ਹੇਠ ਪਾਕਿਸਤਾਨ ਲਈ ਰਵਾਨਾ ਹੋਇਆ। ਜੱਥਾ 10 ਜੂਨ ਨੂੰ ਵਾਹਗਾ ਸਰਹੱਦ ਰਾਹੀਂ ਪਾਕਿਸਤਾਨ ਵਿੱਚ ਦਾਖ਼ਲ ਹੋਵੇਗਾ, ਜਿੱਥੇ 18 ਜੂਨ ਨੂੰ ਸ਼ਹੀਦੀ ਪੁਰਬ ਦੇ ਸਮਾਗਮਾਂ ਵਿੱਚ ਸ਼ਮੂਲੀਅਤ ਕਰੇਗਾ ਅਤੇ 19 ਜੂਨ ਨੂੰ ਭਾਰਤ ਵਾਪਸ ਪਰਤੇਗਾ। ਆਗੂਆਂ ਨੇ ਕਿਹਾ ਕਿ ਇਕੋ ਤਾਰੀਖ਼ ‘ਤੇ ਗੁਰਪੁਰਬ ਮਨਾਉਣ ਨਾਲ ਕੌਮ ਦੀ ਏਕਤਾ ਅਤੇ ਚੜ੍ਹਦੀ ਕਲਾ ਦਾ ਸੰਦੇਸ਼ ਹੋਰ ਮਜ਼ਬੂਤ ਹੋਵੇਗਾ। ਇਸ ਮੌਕੇ ਕਮੇਟੀ ਦੇ ਮੀਡੀਆ ਸਲਾਹਕਾਰ ਸੁਦੀਪ ਸਿੰਘ ਵੀ ਮੌਜੂਦ ਸਨ।

## ਅਕਾਲੀ ਦਲ ਵਾਰਿਸ ਪੰਜਾਬ ਦੇ ਚ ਮਨਪ੍ਰੀਤ ਸਿੰਘ ਇਆਲੀ ਵੱਡੇ ਜਥੇ ਸਮੇਤ ਪਾਰਟੀ ਚ ਹੋਏ ਸਾਮਲ ਪਾਰਟੀ ਨੂੰ ਮਿਲਿਆ ਵੱਡਾ ਬਲ : ਬਾਬਾ ਬਿਬੇਕ ਸਿੰਘ

### ਮਨਪ੍ਰੀਤ ਸਿੰਘ ਇਆਲੀ ਤੇ ਨਾਲ ਆਏ ਸਾਥੀਆਂ ਨੂੰ ਵਧਾਈ ਤੇ ਜੀ ਆਇਆ



**ਜੰਡਿਆਲਾ ਗੁਰੂ 9 ਜੂਨ ( ਕੁਲਵੰਤ ਸਿੰਘ ਵਿਰਦੀ )**-ਵਿਧਾਨ ਸਭਾ ਚੋਣਾਂ 2027 ਦੇ ਮੱਦੇਨਜ਼ਰ ਹਰੇਕ ਸਿਆਸੀ ਪਾਰਟੀ ਵੱਲੋਂ ਸਿਆਸੀ ਗਤੀਵਿਧੀਆ ਤੇਜ ਕੀਤੀਆਂ ਜਾ ਰਹੀਆਂ ਹਨ ! ਅਤੇ ਹਰੇਕ ਪਾਰਟੀ ਵੱਲੋਂ ਆਪਣੀ ਜਿੱਤ ਯਕੀਨੀ ਬਣਾਈ ਜਾ ਰਹੀ ਹੈ ! ਅਤੇ ਪੰਜਾਬ ਵਿੱਚ ਵਾਰਸ ਪੰਜਾਬ ਦੇ ਜਥੇਬੰਦੀ ਵੱਲੋਂ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਨੇ ਖਡੂਰ ਸਾਹਿਬ ਤੋਂ ਲੋਕ ਸਭਾ ਦੀਆਂ ਐਮ ਪੀ ਦੀਆਂ ਚੋਣਾਂ ਵਿੱਚ ਵੱਡੀ ਲੀਡ ਨਾਲ ਜਿੱਤ ਪ੍ਰਾਪਤ ਕੀਤੀ ਸੀ ਅਤੇ ਫਿਰ ਅਕਾਲੀ ਦਲ ਵਾਰਿਸ ਪੰਜਾਬ ਦੇ ਸਿਆਸੀ ਪਾਰਟੀ ਦਾ ਨਾਮ ਦਿੱਤਾ ਗਿਆ ਅਤੇ ਪੰਜਾਬ ਵਿੱਚ ਇਹ ਨਵੀਂ ਪਾਰਟੀ ਅਕਾਲੀ ਦਲ ਵਾਰਿਸ ਪੰਜਾਬ ਦੇ ਉਭਰ ਕਿ ਸਾਹਮਣੇ ਆਈ ਇਸ ਪਾਰਟੀ ਦੀਆਂ ਗਤੀਵਿਧੀਆ ਸੰਬੰਧੀ ਜਾਣਕਾਰੀ ਸਾਂਝੀ ਕਰਦਿਆ ਹੋਇਆ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਦੇ ਮੁੱਖ ਸੇਵਾਦਾਰ ਅਤੇ ਹਲਕਾ ਜੰਡਿਆਲਾ ਗੁਰੂ ਦੇ ਸੇਵਾਦਾਰ ਬਾਬਾ ਬਿਬੇਕ ਸਿੰਘ ਨੇ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਦਾ ਇਕ ਹੀ ਨਾਅਰਾ ਹੈ ਕਿ ਪੰਜਾਬ ਦੇ ਨੌਜਵਾਨਾਂ ਨੂੰ ਬਚਾਉਣ ਲਈ ਖਾਲਸਾ ਵਹੀਰ ਵਰਗੇ ਪ੍ਰੋਗਰਾਮ ਵੱਡੀ ਪੱਧਰ ਤੇ ਕੀਤੇ ਜਾਣ ਤਾਂ ਜੋ ਪੰਜਾਬ ਦੇ ਨੌਜਵਾਨ ਗੁਰੂ ਵਾਲੇ ਬਣ ਕਿ ਬਾਣੀ ਬਾਣੇ ਦੇ ਧਾਰਨੀ ਹੋਣ ਅਤੇ ਖਾਲਸਾ ਪੰਥ ਦੀ ਅਗਵਾਈ ਕਰਨ ਅਤੇ ਪੰਜਾਬ ਵਿੱਚ ਪੰਥਕ ਧਿਰ ਅਕਾਲੀ ਦਲ ਵਾਰਿਸ ਪੰਜਾਬ ਦੇ ਦਾ ਰਾਜ ਹੋਵੇ ਅਤੇ ਇਸ ਸਭ ਨੂੰ ਵੇਖਦਿਆਂ ਹੋਇਆ ਚੰਗੇ ਚੰਗੇ ਪੜ੍ਹੇ ਲਿਖੇ ਸੂਝਵਾਨ ਤੇ ਪੰਜਾਬ ਦੇ ਲੋਕਾਂ ਦਾ ਭਲਾ ਚਾਹੁਣ ਵਾਲੇ ਅਕਾਲੀ ਦਲ ਵਾਰਿਸ ਪੰਜਾਬ ਦੇ ਪਾਰਟੀ ਵਿੱਚ ਸ਼ਾਮਿਲ ਹੋ ਰਹੇ ਹਨ ਅਤੇ ਅੱਜ ਵੱਡੀ ਸੋਚ ਦੇ ਮਾਲਕ ਸ੍ਰ ਮਨਪ੍ਰੀਤ ਸਿੰਘ ਇਆਲੀ ਜੀ ਆਪਣੇ ਸਾਥੀਆਂ ਦੇ ਵੱਡੇ ਜਥੇ ਸਮੇਤ ਅਕਾਲੀ ਦਲ ਵਾਰਿਸ ਪੰਜਾਬ ਦੇ ਪਾਰਟੀ ਵਿੱਚ ਸਾਮਲ ਹੋਏ ਜਿਸ ਤੇ ਉਨਾਂ ਨੂੰ ਵਧਾਈ ਦਿੰਦੇ ਹਾਂ ਅਤੇ ਜੀ ਆਇਆ ਆਖਦੇ ਹਾਂ ਅੱਗੇ ਬਾਬਾ ਬਿਬੇਕ ਸਿੰਘ ਨੇ ਕਿਹਾ ਕਿ ਮਨਪ੍ਰੀਤ ਸਿੰਘ ਇਆਲੀ ਜੀ ਦਾ ਆਉਣ ਨਾਲ ਪਾਰਟੀ ਨੂੰ ਵੱਡਾ ਬਲ ਮਿਲਿਆ ਹੈ ! ਅਤੇ ,ਆਸ ਕਰਦੇ ਹਾਂ ਕਿ ਪੰਜਾਬ ਦਾ ਭਲਾ ਚਾਹੁਣ ਵਾਲੀਆਂ ਧਿਰਾਂ ਅਤੇ ਆਗੂ ਸਾਹਿਬਾਨ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸਾਮਲ ਹੋ ਕਿ ਪੰਜਾਬ ਵਿੱਚ ਪੰਥਕ ਰਾਜ ਦਾ ਨਾਅਰਾ ਪੂਰਾ ਕਰਨਗੇ ਕਿਉਂਕਿ ਬੜੇ ਲੰਮੇ ਸਮੇਂ ਤੋਂ ਅਕਾਲੀ ਦਲ ਵੱਲੋਂ ਪੰਥਕ ਹੋਣ ਦਾ ਦਾਅਵਾ ਕਰਕੇ ਪੰਜਾਬ ਦੇ ਲੋਕਾਂ ਨੂੰ ਭਰਮਾਇਆ ਜਾਂਦਾ ਰਿਹਾ ਹੈ !

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

**ਅਕਾਲ ਤਖ਼ਤ ਤੋਂ ਧਰਮਯੁੱਧ ਮੋਰਚਾ ਲਗਾਉਣ ਦੀ ਅਪੀਲ: ਅਖੰਡ ਕੀਰਤਨੀ ਜੱਥਾ ਇੰਟਰਨੈਸ਼ਨਲ**

# ਸ੍ਰੀ ਗੁਰੂ ਗ੍ਰੰਥ ਸਾਹਿਬ ਬੇਅਦਬੀ ਕਾਨੂੰਨ ਰੱਦ ਕਰਨ ਦੀ ਮੰਗ

ਨਵੀਂ ਦਿੱਲੀ, 9 ਜੂਨ (ਮਨਪ੍ਰੀਤ ਸਿੰਘ ਖਾਲਸਾ):- ਅਖੰਡ ਕੀਰਤਨੀ ਜੱਥਾ ਇੰਟਰਨੈਸ਼ਨਲ ਵੱਲੋਂ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ 11 ਨੁਕਤਿਆਂ ਵਾਲਾ ਮੰਗ ਪੱਤਰ ਭੇਜ ਕੇ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਸਬੰਧੀ ਬਣਾਏ ਕਾਨੂੰਨ ਨੂੰ ਰੱਦ ਕਰਨ ਦੀ ਮੰਗ ਕੀਤੀ ਗਈ ਹੈ। ਜੱਥੇ ਦੇ ਮੁੱਖੀ ਸੁਖਚੈਨ ਸਿੰਘ ਅਤੇ ਬੁਲਾਰੇ ਭਾਈ ਰਤਿੰਦਰ ਸਿੰਘ (ਇੰਦੌਰ) ਵੱਲੋਂ ਭੇਜੇ ਗਏ ਪੱਤਰ ਵਿੱਚ ਕਿਹਾ ਗਿਆ ਹੈ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਿੱਖਾਂ ਦੇ ਸਦੀਵੀ ਗੁਰੂ ਹਨ ਅਤੇ ਉਨ੍ਹਾਂ ਦੀ ਮਹਾਨਤਾ ਤੇ ਸਰਵਉੱਚ ਅਧਿਆਤਮਿਕ ਸਥਿਤੀ ਨੂੰ ਕਿਸੇ ਸਰਕਾਰੀ ਕਾਨੂੰਨ ਦੇ ਦਾਇਰੇ ਵਿੱਚ ਨਹੀਂ ਲਿਆਂਦਾ ਜਾ ਸਕਦਾ। ਉਨ੍ਹਾਂ ਦਲੀਲ ਦਿੱਤੀ ਕਿ ਸਿੱਖ ਇਤਿਹਾਸ ਗੁਰੂ ਸਾਹਿਬਾਨ ਤੋਂ ਲੈ ਕੇ ਅੱਜ ਤੱਕ ਧਾਰਮਿਕ ਮਰਯਾਦਾ ਅਤੇ ਗੁਰੂ ਸਾਹਿਬ ਦੇ ਸਤਿਕਾਰ ਦੀ ਰੱਖਿਆ ਲਈ ਦਿੱਤੀਆਂ ਕੁਰਬਾਨੀਆਂ ਦਾ ਗਵਾਹ ਹੈ। ਮੰਗ ਪੱਤਰ ਵਿੱਚ ਕਿਹਾ ਗਿਆ ਹੈ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਤੋਂ ਲੈ ਕੇ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਤੱਕ ਗੁਰੂ ਸਾਹਿਬਾਨ ਨੇ ਹਰ ਤਰ੍ਹਾਂ ਦੇ ਜ਼ੁਲਮ ਅਤੇ ਹਕੂਮਤੀ ਦਬਾਅ ਦਾ ਡਟ ਕੇ ਸਾਹਮਣਾ ਕੀਤਾ। ਇਸੇ ਤਰ੍ਹਾਂ ਬਾਬਾ ਬੰਦਾ ਸਿੰਘ ਬਹਾਦਰ, ਮਿਸਲਾਂ ਦੇ ਸਿੰਘਾਂ, ਮਹਾਰਾਜਾ ਰਣਜੀਤ ਸਿੰਘ, ਗਦਰੀ ਬਾਬਿਆਂ ਅਤੇ ਗੁਰਦੁਆਰਾ ਸੁਧਾਰ ਲਹਿਰ ਦੇ ਸ਼ਹੀਦਾਂ ਨੇ ਵੀ ਸਿੱਖੀ ਸਿਧਾਂਤਾਂ ਦੀ ਰੱਖਿਆ ਲਈ ਵੱਡੀਆਂ ਕੁਰਬਾਨੀਆਂ ਦਿੱਤੀਆਂ।



ਆਵਾਜ਼ਿ ਕੌਮ AWAZE QAUM International Newspaper & WEB TV

ਜੱਥੇ ਨੇ ਆਪਣੇ ਪੱਤਰ ਵਿੱਚ 1978 ਦੇ ਅੰਮ੍ਰਿਤਸਰ ਘਟਨਾਕ੍ਰਮ, ਜੂਨ 1984 ਦੇ ਫੌਜੀ ਹਮਲੇ ਅਤੇ ਨਵੰਬਰ 1984 ਦੇ ਸਿੱਖ ਕਤਲੇਆਮ ਦਾ ਜ਼ਿਕਰ ਕਰਦਿਆਂ ਕਿਹਾ ਕਿ ਸਿੱਖ ਕੌਮ ਨੇ ਹਰ ਦੌਰ ਵਿੱਚ ਆਪਣੇ ਧਾਰਮਿਕ ਅਸਥਾਨਾਂ, ਮਰਯਾਦਾ ਅਤੇ ਵਿਰਾਸਤ ਦੀ ਰੱਖਿਆ ਲਈ ਸੰਘਰਸ਼ ਕੀਤਾ ਹੈ। ਮੰਗ ਪੱਤਰ ਵਿੱਚ ਜੱਥੇ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਿਰਫ਼ ਇੱਕ ਧਾਰਮਿਕ ਗ੍ਰੰਥ ਨਹੀਂ, ਸਗੋਂ ਕਰੋੜਾਂ ਸਿੱਖਾਂ ਦੀ ਆਸਥਾ, ਰੂਹਾਨੀਅਤ ਅਤੇ ਜੀਵਨ ਦਾ ਕੇਂਦਰ ਹਨ। ਜੱਥੇ ਅਨੁਸਾਰ ਸਿੱਖ ਕੌਮ ਨੇ ਆਪਣੇ ਗੁਰੂ ਦੇ ਸਤਿਕਾਰ ਅਤੇ ਮਰਯਾਦਾ ਦੀ ਰੱਖਿਆ ਲਈ ਇਤਿਹਾਸ ਭਰ ਵਿੱਚ ਅਣਗਿਣਤ ਸ਼ਹੀਦੀਆਂ ਦਿੱਤੀਆਂ ਹਨ ਅਤੇ ਭਵਿੱਖ ਵਿੱਚ ਵੀ ਇਸ ਮਾਮਲੇ 'ਤੇ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਪੰਥ ਦੀਆਂ ਭਾਵਨਾਵਾਂ ਨਾਲ ਜੁੜੇ ਇਸ ਮਸਲੇ ਦਾ ਹੱਲ ਸਿਰਫ਼ ਪੰਥਕ ਸਹਿਮਤੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਅਗਵਾਈ ਹੇਠ ਹੀ ਸੰਭਵ ਹੈ। 11 ਨੁਕਤਿਆਂ ਵਾਲੇ ਮੰਗ ਪੱਤਰ ਵਿੱਚ ਇਹ ਵੀ ਅਪੀਲ ਕੀਤੀ ਗਈ ਹੈ ਕਿ ਜੇਕਰ ਸਰਕਾਰ ਇਹ ਕਾਨੂੰਨ ਵਾਪਸ ਨਹੀਂ ਲੈਂਦੀ ਤਾਂ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਅਗਵਾਈ ਅਤੇ ਪੰਜ ਪਿਆਰੇ ਸਾਹਿਬਾਨ ਦੀ ਨਿਗਰਾਨੀ ਹੇਠ ਧਰਮਯੁੱਧ ਮੋਰਚਾ ਸ਼ੁਰੂ ਕੀਤਾ ਜਾਵੇ। ਇਸ ਮੋਰਚੇ ਵਿੱਚ ਲੰਬੇ ਸਮੇਂ ਤੋਂ ਜੇਲ੍ਹਾਂ ਵਿੱਚ ਬੰਦ ਸਿੱਖ ਕੈਦੀਆਂ ਦੀ ਰਿਹਾਈ, 1984 ਨਾਲ ਸਬੰਧਤ ਇਨਸਾਫ਼, ਸਿੱਖ ਇਤਿਹਾਸਕ ਵਿਰਾਸਤ ਦੀ ਵਾਪਸੀ, ਪੰਜਾਬ ਦੇ ਪਾਣੀਆਂ ਅਤੇ ਕਿਸਾਨਾਂ ਨਾਲ ਜੁੜੇ ਮਸਲਿਆਂ ਨੂੰ ਵੀ ਸ਼ਾਮਲ ਕਰਨ ਦੀ ਮੰਗ ਕੀਤੀ ਗਈ ਹੈ। ਜੱਥੇ ਨੇ ਸੁਝਾਅ ਦਿੱਤਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪ੍ਰਵਾਨਿਤ ਜਥੇ ਬਣਾ ਕੇ ਸੰਘਰਸ਼ ਚਲਾਇਆ ਜਾਵੇ ਅਤੇ ਪੰਜ ਪੰਜ ਸੌ ਦੇ ਜੱਥੇ ਬਣਾ ਕੇ ਹਰ ਰੋਜ ਜੇਲ੍ਹ ਭਰੋ ਅੰਦੋਲਨ ਵੀ ਸ਼ੁਰੂ ਕੀਤਾ ਜਾਏ ਤਾਂ ਜੋ ਪੰਥਕ ਏਕਤਾ ਮਜ਼ਬੂਤ ਹੋ ਸਕੇ ਅਤੇ ਸਿੱਖ ਕੌਮ ਨਾਲ ਜੁੜੇ ਲੰਬੇ ਸਮੇਂ ਤੋਂ ਲਟਕਦੇ ਮਸਲਿਆਂ ਦੇ ਹੱਲ ਲਈ ਸਰਕਾਰ 'ਤੇ ਦਬਾਅ ਬਣਾਇਆ ਜਾ ਸਕੇ। ਅਖੰਡ ਕੀਰਤਨੀ ਜੱਥਾ ਇੰਟਰਨੈਸ਼ਨਲ ਨੇ ਕਿਹਾ ਕਿ ਇਹ ਅੰਦੋਲਨ ਨਿਰੋਲ ਧਾਰਮਿਕ ਅਤੇ ਗੈਰ-ਰਾਜਨੀਤਿਕ ਰੂਪ ਵਿੱਚ ਚਲਾਇਆ ਜਾਣਾ ਚਾਹੀਦਾ ਹੈ। ਜੱਥੇ ਨੇ ਸਮੂਹ ਪੰਥਕ ਜਥੇਬੰਦੀਆਂ, ਸੰਸਥਾਵਾਂ ਅਤੇ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਇਸ ਮੁੱਦੇ 'ਤੇ ਇਕਜੁੱਟ ਹੋ ਕੇ ਅਕਾਲ ਤਖ਼ਤ ਸਾਹਿਬ ਦੀ ਅਗਵਾਈ ਹੇਠ ਅਗਲੇ ਕਦਮਾਂ ਲਈ ਤਿਆਰ ਰਹਿਣ। ਇਥੇ ਦਸਣਯੋਗ ਹੈ ਕਿ ਭਾਈ ਰਤਿੰਦਰ ਸਿੰਘ ਇੰਦੌਰ ਵਲੋਂ ਆਰਐਸਐਸ, ਕਾਲਾ ਅਫਗਾਨਾ, ਦਸਮ ਗ੍ਰੰਥ ਅਤੇ ਕਈ ਹੋਰ ਮੁੱਦੇ ਤੇ ਅਕਾਲ ਸਾਹਿਬ ਵਲੋਂ ਆਦੇਸ਼ ਜਾਰੀ ਕਰਵਾਣ ਲਈ ਜਦੋਜਹਿਦ ਕੀਤੀ ਗਈ ਸੀ ਤੇ ਓਹ ਅਕਾਲ ਤਖਤ ਸਾਹਿਬ ਦੀ ਸਲਾਹਕਾਰ ਕਮੇਟੀ ਦੇ ਮੈਂਬਰ ਵੀ ਰਹੇ ਹਨ।

**ਪੰਜਾਬੀ ਜੀਵਨ ਸ਼ੈਲੀ ਨਾਲ ਜੁੜੇ "ਲੋੜਾ ਵੇਲਾ" ਤੇ "ਅੰਮ੍ਰਿਤ ਵੇਲਾ" ਵਰਗੇ ਸੰਕਲਪਾਂ ਨੂੰ ਲੋਕਾਂ ਤੱਕ ਪਹੁੰਚਾਇਆ ਜਾ ਰਿਹਾ-ਸੁਖਵੰਤ ਸਿੰਘ ਗਿੱਲ**

# ਪੰਜਾਬੀ ਵਿਰਾਸਤ ਨੂੰ ਸੰਭਾਲਣ ਲਈ ਜਨਾਬ ਫੂਡਜ਼ ਦੀ ਵਿਲੱਖਣ ਪਹਿਲ





ਆਵਾਜ਼ਿ ਕੌਮ AWAZE QAUM International Newspaper & WEB TV

ਜੰਡਿਆਲਾ ਗੁਰੂ, 9 ਜੂਨ ( ਕੁਲਵੰਤ ਸਿੰਘ ਵਿਰਦੀ )-ਜਿੱਥੇ ਅੱਜ ਦੇ ਸਮੇਂ ਵਿੱਚ ਰਵਾਇਤੀ ਖਾਣ-ਪੀਣ ਅਤੇ ਪੰਜਾਬੀ ਸੱਭਿਆਚਾਰ ਹੌਲੀ-ਹੌਲੀ ਅਲੋਪ ਹੁੰਦੇ ਜਾ ਰਹੇ ਹਨ, ਉੱਥੇ ਜਨਾਬ ਫੂਡਜ਼ ਵੱਲੋਂ ਪੰਜਾਬੀ ਵਿਰਾਸਤ ਨੂੰ ਸੰਭਾਲਣ ਅਤੇ ਅਗਲੀ ਪੀੜ੍ਹੀ ਤੱਕ ਪਹੁੰਚਾਉਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਜਨਾਬ ਫੂਡਜ਼ ਜੰਡਿਆਲਾ ਗੁਰੂ ਅੰਮ੍ਰਿਤਸਰ ਐਨ ਐਚ 1 ਵੱਲੋਂ ਸ਼ੁੱਧ ਦੇਸੀ ਘਿਓ, ਗੁੜ, ਸ਼ੱਕਰ, ਅਚਾਰ, ਮੁਰੱਬੇ, ਸ਼ਰਬਤ, ਰਵਾਇਤੀ ਪਰੌਂਠੇ ਅਤੇ ਪੰਜਾਬੀ ਜੀਵਨ ਸ਼ੈਲੀ ਨਾਲ ਜੁੜੇ "ਲੋੜਾ ਵੇਲਾ" ਅਤੇ "ਅੰਮ੍ਰਿਤ ਵੇਲਾ" ਵਰਗੇ ਸੰਕਲਪਾਂ ਨੂੰ ਲੋਕਾਂ ਤੱਕ ਪਹੁੰਚਾਇਆ ਜਾ ਰਿਹਾ ਹੈ। ਇਸ ਦੇ ਨਾਲ ਹੀ ਉਤਪਾਦਾਂ ਦੀ ਪੈਕਿੰਗ ਵਿੱਚ ਪੰਜਾਬ ਦੀ ਪ੍ਰਸਿੱਧ ਫੁਲਕਾਰੀ ਕਲਾ ਨੂੰ ਉਤਸ਼ਾਹਿਤ ਕੀਤਾ ਜਾ ਰਿਹਾ ਹੈ ਅਤੇ ਰਵਾਇਤੀ ਕੱਪੜੇ ਦੇ ਥੈਲੇ ਤਿਆਰ ਕਰਕੇ ਵਾਤਾਵਰਣ ਸੰਭਾਲ ਦਾ ਸੁਨੇਹਾ ਵੀ ਦਿੱਤਾ ਜਾ ਰਿਹਾ ਹੈ। ਭਾਰਤ ਵਿੱਚ ਕਈ ਸਰਕਾਰੀ ਅਤੇ ਗੈਰ-ਸਰਕਾਰੀ ਪਹਿਲਾਂ ਰਵਾਇਤੀ ਖਾਣਿਆਂ, ਸੱਭਿਆਚਾਰਕ ਵਿਰਾਸਤ ਅਤੇ ਸਥਾਨਕ ਬ੍ਰਾਂਡਿੰਗ ਨੂੰ ਉਤਸ਼ਾਹਿਤ ਕਰ ਰਹੀਆਂ ਹਨ, ਜਿਸ ਨਾਲ ਵਿਰਾਸਤੀ ਭੋਜਨ ਅਤੇ ਸੱਭਿਆਚਾਰ ਨੂੰ ਸੰਭਾਲਣ ਦੀ ਮਹੱਤਤਾ ਹੋਰ ਵਧੀ ਹੈ। ਜਨਾਬ ਫੂਡਜ਼ ਦੇ ਪ੍ਰਬੰਧਕ ਸ੍ਰੀ ਸੁਖਵੰਤ ਸਿੰਘ ਗਿੱਲ ਅਤੇ ਸੈਕਟਰੀ ਗੁਰਪ੍ਰੀਤ ਸਿੰਘ gill ਨੇ ਕਿਹਾ ਕਿ ਉਨ੍ਹਾਂ ਦਾ ਮਕਸਦ ਸਿਰਫ਼ ਖਾਣ-ਪੀਣ ਦੀਆਂ ਵਸਤਾਂ ਵੇਚਣਾ ਨਹੀਂ, ਸਗੋਂ ਪੰਜਾਬ ਦੀਆਂ ਕਦਰਾਂ-ਕੀਮਤਾਂ, ਰਸਮਾਂ-ਰਿਵਾਜਾਂ ਅਤੇ ਵਿਰਾਸਤ ਨੂੰ ਜੀਵੰਤ ਰੱਖਣਾ ਹੈ। ਉਨ੍ਹਾਂ ਦੱਸਿਆ ਕਿ ਇਸ ਮਿਸ਼ਨ ਨੂੰ ਰਾਸ਼ਟਰੀ ਪੱਧਰ 'ਤੇ ਪਹੁੰਚਾਉਣ ਲਈ ਭਾਰਤ ਸਰਕਾਰ ਦੇ ਸੱਭਿਆਚਾਰ, ਟੂਰਿਜ਼ਮ ਅਤੇ ਹੋਰ ਸੰਬੰਧਿਤ ਵਿਭਾਗਾਂ ਕੋਲ ਵੀ ਜਾਣਕਾਰੀ ਭੇਜੀ ਜਾਵੇਗੀ।

ਜਨਾਬ ਫੂਡਜ਼ ਦੀ ਅਧਿਕਾਰਿਕ ਵੈੱਬਸਾਈਟ ਅਤੇ ਸੋਸ਼ਲ ਮੀਡੀਆ ਪਲੇਟਫਾਰਮਾਂ ਰਾਹੀਂ ਵੀ ਪੰਜਾਬੀ ਵਿਰਾਸਤ ਨੂੰ ਉਤਸ਼ਾਹਿਤ ਕਰਨ ਦੇ ਯਤਨ ਜਾਰੀ ਹਨ। ਜਲਦ ਹੀ ਜਨਾਬ ਨਾਟ ਸ਼ਾਲਾ ਬਣਾ ਕੇ ਥੀਏਟਰ ਨੂੰ ਅਤੇ ਪੰਜਾਬੀ ਕਵਿਤਾ ਕਹਾਣੀ ਨੂੰ ਵਿਵੇਸ਼ ਸਥਾਨ ਦਿੱਤਾ ਜਾਏਗਾ. ਇਹ ਜਾਣਕਾਰੀ ਜਨਾਬ foods ਰਾਸ਼ਟਰੀ ਸਲਾਹਕਾਰ ਸੁੱਖਵਿੰਦਰ ਸਿੰਘ ਵੱਲੋਂ ਸਾਂਝੀ ਕੀਤੀ ਗਈਆਂ।

# ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ" ਤਹਿਤ ਯੋਗ ਮਹਿਲਾਵਾਂ ਦੀ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਰਜਿਸਟ੍ਰੇਸ਼ਨ ਪ੍ਰਕਿਰਿਆ ਜਾਰੀ

## ਐਸ.ਸੀ. ਵਰਗ ਦੀਆਂ ਮਹਿਲਾਵਾਂ ਨੂੰ 1500 ਰੁਪਏ ਅਤੇ ਹੋਰ ਵਰਗਾਂ ਦੀਆਂ ਮਹਿਲਾਵਾਂ ਨੂੰ 1000 ਰੁਪਏ ਪ੍ਰਤੀ ਮਹੀਨਾ ਮਿਲਣਗੇ

ਜੰਡਿਆਲਾ ਗੁਰੂ, 9 ਜੂਨ (ਕੁਲਵੰਤ ਸਿੰਘ ਵਿਰਦੀ ) - ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਦੇ ਸਸ਼ਕਤੀਕਰਨ ਅਤੇ ਆਰਥਿਕ ਸੁਰੱਖਿਆ ਨੂੰ ਯਕੀਨੀ ਬਣਾਉਣ ਦੇ ਉਦੇਸ਼ ਨਾਲ ਸ਼ੁਰੂ ਕੀਤੀ ਗਈ "ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ" ਅਧੀਨ ਯੋਗ ਮਹਿਲਾਵਾਂ ਨੂੰ ਜਲਦ ਹੀ ਮਹੀਨਾਵਾਰ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ। ਇਸ ਯੋਜਨਾ ਅਨੁਸਾਰ ਐਸ.ਸੀ. ਵਰਗ ਨਾਲ ਸੰਬੰਧਤ 18 ਸਾਲ ਜਾਂ ਇਸ ਤੋਂ ਵੱਧ ਉਮਰ ਦੀਆਂ ਯੋਗ ਮਹਿਲਾਵਾਂ ਨੂੰ 1500 ਰੁਪਏ ਪ੍ਰਤੀ ਮਹੀਨਾ ਅਤੇ ਹੋਰ ਵਰਗਾਂ ਦੀਆਂ ਯੋਗ ਮਹਿਲਾਵਾਂ ਨੂੰ 1000 ਰੁਪਏ ਪ੍ਰਤੀ ਮਹੀਨਾ ਦੀ ਵਿੱਤੀ ਸਹਾਇਤਾ ਦਿੱਤੀ ਜਾਵੇਗੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ੍ਰੀ ਦਲਵਿੰਦਰਜੀਤ ਸਿੰਘ, ਆਈ.ਏ.ਐੱਸ. ਨੇ ਦੱਸਿਆ ਕਿ "ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ" ਦਾ ਲਾਭ ਪ੍ਰਾਪਤ ਕਰਨ ਲਈ ਯੋਗ ਮਹਿਲਾਵਾਂ ਆਪਣੇ ਨੇੜਲੇ ਆਂਗਣਵਾੜੀ ਕੇਂਦਰ ਜਾਂ ਸੇਵਾ ਕੇਂਦਰ ਵਿਖੇ ਸੰਪਰਕ ਕਰਕੇ ਆਪਣੀ ਰਜਿਸਟ੍ਰੇਸ਼ਨ ਕਰਵਾ ਸਕਦੀਆਂ ਹਨ। ਉਨ੍ਹਾਂ ਕਿਹਾ ਕਿ ਰਜਿਸਟ੍ਰੇਸ਼ਨ ਲਈ ਵੋਟਰ ਕਾਰਡ, ਆਧਾਰ ਕਾਰਡ ਅਤੇ ਬੈਂਕ ਖਾਤੇ ਦੀ ਪਾਸਬੁੱਕ ਲਾਜ਼ਮੀ ਹੈ। ਇਸ ਤੋਂ ਇਲਾਵਾ ਐੱਸ.ਸੀ. ਵਰਗ ਨਾਲ ਸੰਬੰਧਤ ਮਹਿਲਾਵਾਂ ਨੂੰ ਆਪਣਾ ਜਾਤੀ ਸਰਟੀਫਿਕੇਟ ਵੀ ਨਾਲ ਲਿਆਉਣਾ ਹੋਵੇਗਾ। ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੀਆਂ ਸਮੂਹ ਯੋਗ ਮਹਿਲਾਵਾਂ ਨੂੰ ਅਪੀਲ ਕੀਤੀ ਕਿ ਉਹ ਕਿਸੇ ਵੀ ਤਰ੍ਹਾਂ ਦੀ ਦੇਰੀ ਨਾ ਕਰਨ ਅਤੇ ਜਲਦ ਤੋਂ ਜਲਦ ਆਪਣੀ ਰਜਿਸਟ੍ਰੇਸ਼ਨ ਕਰਵਾ ਕੇ ਪੰਜਾਬ ਸਰਕਾਰ ਦੀ ਇਸ ਲੋਕ ਭਲਾਈ ਯੋਜਨਾ ਦਾ ਲਾਭ ਪ੍ਰਾਪਤ ਕਰਨ।



ਆਵਾਜ਼ਿ ਕੌਮ AWAZE QAUM International Newspaper & WEB TV

# ਮਨਪ੍ਰੀਤ ਸਿੰਘ ਇਆਲੀ ਸ੍ਰੀ ਅਕਾਲ ਤਖਤ ਸਾਹਿਬ ਤੋਂ ਮਿਲੀ ਜਿੰਮੇਵਾਰੀ ਤੋਂ ਭਗੌੜਾ ਹੋਇਆ- ਸ. ਵਡਾਲਾ, ਸ. ਛੋਟੇਪੁਰ

ਚੰਡੀਗੜ੍ਹ, 9 ਜੂਨ (ਆਵਾਜ਼ਿ ਕੌਮ ਬਿਊਰੋ)-ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਸਕੱਤਰ ਜਨਰਲ ਸ ਗੁਰਪ੍ਰਤਾਪ ਸਿੰਘ ਵਡਾਲਾ ਅਤੇ ਕੋਰ ਕਮੇਟੀ ਮੈਂਬਰ ਸ ਸੁੱਚਾ ਸਿੰਘ ਛੋਟੇਪੁਰ ਨੇ ਮਨਪ੍ਰੀਤ ਸਿੰਘ ਇਆਲੀ ਦੇ ਬਿਆਨ 'ਤੇ ਆਪਣਾ ਪ੍ਰਤੀਕਰਮ ਦਿੰਦਿਆਂ ਕਿਹਾ ਹੈ ਕਿ ਇਆਲੀ ਦਾ ਵਾਰਿਸ ਪੰਜਾਬ ਦੇ ਚ ਜਾਣ ਦਾ ਫੈਸਲਾ ਸ੍ਰੀ ਅਕਾਲ ਤਖ਼ਤ ਤੋ ਸਿਰਜੇ ਪਲੇਟਫਾਰਮ ਨੂੰ ਪਿੱਠ ਦਿਖਾਉਣਾ ਹੈ। ਕਿਉਕਿ 2 ਦਸੰਬਰ ਨੂੰ ਸਿਰਜੇ ਇਸ ਪਲੇਟਫਾਰਮ ਨੂੰ ਉਸਾਰੂ ਢੰਗ ਨਾਲ ਚਲਾਉਣ ਲਈ ਪੰਜ ਸਿੰਘ ਸਾਹਿਬਾਨ ਵੱਲੋਂ ਜਿਸ ਪੰਜ ਮੈਂਬਰੀ ਕਮੇਟੀ ਦੀ ਡਿਊਟੀ ਲਗਾਈ ਸੀ, ਉਸਦੇ ਇਆਲੀ ਵੀ ਮੈਂਬਰ ਸਨ। ਇਸ ਪੰਜ ਮੈਂਬਰੀ ਕਮੇਟੀ ਦੁਆਰਾ ਹੋਈ ਭਰਤੀ ਨਾਲ ਹੀ ਅਕਾਲੀ ਦਲ ਪੁਨਰ-ਸੁਰਜੀਤ ਹੋਇਆ ਸੀ। ਉਸ ਭਰਤੀ ਤੋਂ ਬਾਦ ਚੁਣੇ ਹੋਏ ਡੈਲੀਗੇਟਾਂ ਦੁਆਰਾ ਜਰਨਲ ਇਜਲਾਸ ਵਿੱਚ ਜਿਸ ਦਿਨ ਦੇ ਗਿਆਨੀ ਹਰਪ੍ਰੀਤ ਸਿੰਘ ਜੀ ਪਾਰਟੀ ਪ੍ਰਧਾਨ ਬਣੇ ਹਨ, ਉਸੇ ਦਿਨ ਤੋਂ ਹੀ ਇਆਲੀ ਪਾਰਟੀ 'ਤੇ ਇਹ ਦਬਾਅ ਬਣਾਉਣ ਦੀ ਕੋਸ਼ਿਸ਼ ਕਰਦੇ ਆ ਰਹੇ ਹਨ ਕਿ ਮੈਨੂ ਸੀ.ਐੱਮ ਦਾ ਚਿਹਰਾ ਅਨਾਉਂਸ ਕੀਤਾ ਜਾਵੇ। ਉਹਨਾਂ ਦੀ ਸ਼ਰਤ ਨਾ ਮੰਨਣ ਕਰਕੇ ਹੀ ਉਹ ਹਮੇਸ਼ਾਂ ਪਾਰਟੀ ਗਤੀਵਿਧੀਆ ਤੋਂ ਦੂਰੀ ਬਣਾ ਕੇ ਰੱਖਦੇ ਰਹੇ। ਉਹਨਾਂ ਨੇ ਆਪਣੇ ਜਿਲ੍ਹਾ ਲੁਧਿਆਣਾ ਅਤੇ ਮੋਗਾ ਦੇ ਅਹੁਦੇਦਾਰਾਂ ਦੀ ਚੋਣ ਤੱਕ ਵੀ ਨਾ ਕਰਵਾਈ। ਜਦ ਕਿ ਉਹ ਦੂਜੇ ਜਿਲ੍ਹਿਆਂ ਚ ਜਾ ਕੇ ਹੋਰ ਪਾਰਟੀ ਦੀਆਂ ਮੀਟਿੰਗਾਂ ਕਰਦੇ ਦਿਖਾਈ ਦਿੱਤੇ। ਦੋਹਾਂ ਆਗੂਆਂ ਨੇ ਕਿਹਾ ਕਿ ਇਆਲੀ ਦੇ ਇਹ ਇਲਜ਼ਾਮ ਕਿ, "ਪਾਰਟੀ ਨੇ ਮੇਰੇ ਤੋਂ ਕੋਈ ਕੰਮ ਨਹੀਂ ਲਿਆ" ਸਰਾਸਰ ਗਲਤ ਹਨ। ਜਿਹਨਾਂ ਜਿਲ੍ਹਿਆਂ ਚ ਪ੍ਰਧਾਨ ਬਣਾਉਣ ਲਈ ਉਸਦੀ ਬਤੌਰ ਆਬਜ਼ਰਵਰ ਡਿਊਟੀ ਲਗੀ ਸੀ, ਪਾਰਟੀ ਦਫ਼ਤਰ ਵੱਲੋਂ ਵਾਰ ਵਾਰ ਕਹਿਣ ਤੇ ਵੀ ਉਹ ਨਹੀਂ ਨਿਬਾਹੀ। ਪਾਰਟੀ ਵੱਲੋਂ ਇਆਲੀ ਨੂੰ ਤਾਲਮੇਲ ਕਮੇਟੀ ਦਾ ਮੈਂਬਰ ਬਣਾਇਆ ਗਿਆ ਸੀ, ਤਾਲਮੇਲ ਕਮੇਟੀ ਦਾ ਕਨਵੀਨਰ ਬਣ ਗਿਆ, ਪ੍ਰੰਤੂ ਤਾਲਮੇਲ ਕਮੇਟੀ ਦਾ ਕਨਵੀਨਰ ਬਣਨ ਉਪਰੰਤ ਵੀ ਇਆਲੀ ਵੱਲੋ ਕਿਸੇ ਹੋਰ ਪੰਥਕ ਆਗੂ ਜਾਂ ਪੰਥਕ ਧਿਰ ਨਾਲ ਕਦੇ ਤਾਲਮੇਲ ਨਹੀਂ ਕੀਤਾ ਗਿਆ। ਉਲਟਾ ਜਿਸ ਧਿਰ ਨਾਲ ਗੱਲ ਕਰਨ ਗਿਆ ਸੀ, ਅੱਜ ਆਪਣੀ ਪਾਰਟੀ ਛੱਡ ਕੇ ਸਿਆਸੀ ਲਾਹਾ ਲੈਣ ਅਤੇ ਸ਼ੋਹਰਤ ਹਾਸਲ ਕਰਨ ਲਈ ਉਸੇ ਪਾਰਟੀ 'ਚ ਹੀ ਸ਼ਾਮਲ ਹੋ ਗਿਆ।



ਆਵਾਜ਼ਿ ਕੌਮ AWAZE QAUM International Newspaper & WEB TV

ਦੋਹਾਂ ਆਗੂਆਂ ਨੇ ਹੋਰ ਖੁਲਾਸਾ ਕਰਦਿਆਂ ਕਿਹਾ ਕਿ ਤਾਲਮੇਲ ਕਮੇਟੀ ਦਾ ਮੈਂਬਰ ਬਣਨ ਤੋਂ ਬਾਅਦ ਪਾਰਟੀ ਦਾ ਜਰਨਲ ਹਾਊਸ 15 ਮਈ ਨੂੰ ਜਲੰਧਰ ਵਿਖੇ ਬੁਲਾਇਆ ਗਿਆ ਸੀ, ਜਿੱਥੇ ਇਆਲੀ ਨੂੰ ਵੀ ਸੱਦਾ ਦਿੱਤਾ ਗਿਆ ਸੀ ਤਾਂ ਕਿ ਆਕੇ ਤਾਲਮੇਲ ਕਮੇਟੀ ਦੀ ਰਿਪੋਰਟ ਪਾਰਟੀ ਨੂੰ ਦੇਵੇ। ਪਰ ਉਹ ਨਹੀਂ ਆਇਆ। ਉਲਟਾ ਇਸਦੇ ਅਗਲੇ ਦਿਨ ਹੀ ਵਾਰਿਸ ਪੰਜਾਬ ਦੇ ਜਥੇਬੰਦੀ ਵੱਲੋਂ ਗਠਜੋੜ ਹੀ ਤੋੜ ਦਿੱਤਾ ਗਿਆ ਅਤੇ ਦੋ ਦਿਨ ਬਾਅਦ ਹੀ ਗਿਣੀ ਮਿੱਥੀ ਸਾਜਿਸ਼ ਅਧੀਨ ਇਆਲੀ ਨੇ ਵੀ ਬੇਬੁਨਿਆਦ ਇਲਜ਼ਾਮ ਲਾ ਕੇ ਪਾਰਟੀ ਛੱਡ ਦਿੱਤੀ। ਸਰਕਾਰ ਵੱਲੋ ਵੀ ਇਆਲੀ ਤੇ ਪੂਰਾ ਦਬਾਅ ਪਾਇਆ ਜਾ ਰਿਹਾ ਹੈ ਕਿ ਪੰਥਕ ਏਕਤਾ ਨਾ ਹੋਵੇ। ਇਸੇ ਕਰਕੇ ਜਦੋਂ ਕੋਈ ਤਾਲਮੇਲ ਕਮੇਟੀ ਆਗੂ ਕਿਸੇ ਹੋਰ ਪੰਥਕ ਆਗੂ ਕੋਲ ਜਾਂਦਾ ਤਾਂ ਇਆਲੀ ਵਿਰੋਧ ਕਰਦਾ ਸੀ। ਇਸ ਕਾਰਜ ਲਈ ਸਰਕਾਰ ਵੱਲੋ ਇਕ ਸੀਨੀਅਰ ਅਧਿਕਾਰੀ ਦੀ ਡਿਊਟੀ ਵੀ ਇਯਾਲੀ ਨਾਲ ਲਾਈ ਗਈ ਹੈ ਜੋ ਕਿ ਮੀਟਿੰਗਾਂ ਚ ਵੀ ਹਾਜ਼ਰ ਰਹਿੰਦਾ ਸੀ। ਇਹਨਾਂ ਆਗੂਆਂ ਨੇ ਕਿਹਾ ਕਿ ਇਆਲੀ ਨੇ ਅੱਜ ਜੋ ਇਲਜ਼ਾਮ ਲਾਏ ਹਨ ਉਹ ਸਰਾਸਰ ਗਲਤ ਹਨ। ਇਆਲੀ ਹਮੇਸ਼ਾਂ ਹੀ ਸਿਆਸੀ ਲਾਲਸਾ ਤਹਿਤ ਪਾਰਟੀ ਨੂੰ ਬਦਨਾਮ ਕਰਨ ਅਤੇ ਪੰਥਕ ਏਕਤਾ ਨੂੰ ਰੋਕਣ ਦੇ ਸਰਕਾਰੀ ਏਜੰਡੇ 'ਤੇ ਕੰਮ ਕਰਦੇ ਰਹੇ ਹਨ। ਜਦ ਕਿ ਪਾਰਟੀ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਹਮੇਸ਼ਾ ਪੰਥਿਕ ਏਕਤਾ ਨੂੰ ਤਰਜੀਹ ਦਿੱਤੀ ਹੈ। ਇੱਥੇ ਇਹ ਵੀ ਵਰਨਣਯੋਗ ਹੈ ਕਿ ਵਾਰਿਸ ਪੰਜਾਬ ਦੇ ਵੱਲੋ ਗਠਜੋੜ ਤੋੜਨ ਤੋ ਬਾਅਦ ਵੀ ਪਾਰਟੀ ਪ੍ਰਧਾਨ ਤੇ ਸੀਨੀਅਰ ਲੀਡਰਸ਼ਿਪ ਵੱਲੋ ਪੰਥਕ ਏਕਤਾ ਲਈ ਯਤਨ ਜਾਰੀ ਰੱਖੇ ਹੋਏ ਹਨ। ਇਆਲੀ ਦੀਆ ਇਹਨਾਂ ਸਿਆਸੀ ਕੁਚਾਲਾਂ ਨੂੰ ਸ੍ਰੀ ਅਕਾਲ ਤਖਤ ਸਾਹਿਬ ਦੇ ਸਿਧਾਂਤ ਨੂੰ ਮੰਨਣ ਵਾਲਾ ਕੋਈ ਸੱਚਾ ਸਿੱਖ ਕਦੇ ਮੁਆਫ ਨਹੀਂ ਕਰੇਗਾ। ਪ੍ਰੈੱਸ ਦੇ ਨਾਂ ਇਹ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਦੁਆਰਾ ਜਾਰੀ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸੰਗਤਾਂ ਦੇ ਅਥਾਹ ਸਹਿਯੋਗ ਸਦਕਾ ਸ਼ਹੀਦੀ ਸਮਾਗਮ ਚੜ੍ਹਦੀ ਕਲਾ ਨਾਲ ਸੰਪੰਨ ਹੋਏ

# ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਵੱਲੋਂ ਸੰਤਾ ਮਹਾਂਪੁਰਖਾ ਦਾ ਸਨਮਾਨ



**ਚੌਕ ਮਹਿਤਾ,9 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸੰਤ ਗਿ. ਹਰਨਾਮ ਸਿੰਘ ਖਾਲਸਾ 42ਵੇਂ ਸ਼ਹੀਦੀ ਜੋੜਜੂਨ '84 ਵਿਚ ਵਾਪਰੇ ਤੀਸਰੇ ਘੱਲੂਘਾਰੇ ਦੇ ਸਮੂਹ ਸ਼ਹੀਦਾਂ ਨੂੰ ਸ਼ਰਧਾ ਤੇ ਸਤਿਕਾਰ ਭੇਟ ਕਰਨ ਲਈ ਹੈਡਕੁਆਰਟਰ ਗੁ. ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਮਨਾਏ ਗਏ 42ਵੇਂ ਸਾਲਾਨਾ ਸ਼ਹੀਦੀ ਸਮਾਗਮ ਚੜ੍ਹਦੀ ਕਲਾ, ਪੰਥਕ ਜਜ਼ਬੇ ਅਤੇ ਸੰਗਤਾਂ ਦੇ ਭਰਪੂਰ ਸਹਿਯੋਗ ਨਾਲ ਸੰਪੰਨ ਹੋ ਗਏ।ਸਮਾਗਮ ਦੀ ਸਮਾਪਤੀ ਉਪਰੰਤ ਸਮੂਹ ਪੰਥਕ ਆਗੂਆਂ, ਧਾਰਮਿਕ ਜਥੇਬੰਦੀਆਂ, ਨਿਹੰਗ ਸਿੰਘ ਜਥਿਆਂ, ਸੇਵਾਦਾਰਾਂ ਅਤੇ ਵੱਡੀ ਗਿਣਤੀ ਵਿਚ ਪੁੱਜੀਆਂ ਸੰਗਤਾਂ ਦਾ ਦਿਲੋਂ ਧੰਨਵਾਦ ਕਰਦਿਆਂ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਕਿਹਾ ਕਿ ਅਕਾਲ ਪੁਰਖ ਵਾਹਿਗੁਰੂ ਦੀ ਅਪਾਰ ਕਿਰਪਾ ਅਤੇ ਗੁਰੂ ਸਾਹਿਬ ਦੀ ਬਖ਼ਿਸ਼ਸ਼ ਸਦਕਾ ਇਸ ਸਾਲ ਦੇ ਸ਼ਹੀਦੀ ਸਮਾਗਮ ਵੀ ਬੜੀ ਸ਼ਾਨੋ-ਸ਼ੌਕਤ, ਅਨੁਸ਼ਾਸਨ ਅਤੇ ਆਧਿਆਤਮਿਕ ਮਾਹੌਲ 'ਚ ਸੰਪੰਨ ਹੋਏ ਹਨ।ਉਨ੍ਹਾਂ ਕਿਹਾ ਕਿ ਦੇਸ਼-ਵਿਦੇਸ਼ ਤੋਂ - ਆਈਆਂ ਲੱਖਾਂ ਸੰਗਤਾਂ ਨੇ ਸ਼ਹੀਦਾਂ ਪ੍ਰਤੀ - ਆਪਣੀ ਸ਼ਰਧਾ ਅਤੇ ਸਤਿਕਾਰਦਾ ਪ੍ਰਗਟਾਵਾ ਕੀਤੀ, ਜਿਸ ਨਾਲ ਇਨ੍ਹਾਂ ਸਮਾਗਮਾਂ ਦੀ ਮਹੱਤਤਾ ਹੋਰ ਵੀ ਵਧੀ ਹੈ।ਉਨ੍ਹਾਂ ਕਿਹਾ ਕਿ ਸੰਗਤਾਂ ਦਾ ਇਹ ਉਤਸ਼ਾਹ ਇਸ ਗੱਲ ਦਾ ਪ੍ਰਮਾਣ ਹੈ ਕਿ ਸਿੱਖ ਕੌਮ ਅੱਜ ਵੀ ਆਪਣੇ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਹਿਰਦੇ ਵਿਚ ਸੰਭਾਲੀ ਬੈਠੀ ਹੈ।ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਵਿਸ਼ੇਸ਼ ਤੌਰ 'ਤੇ ਲੰਗਰ ਸੇਵਾ, ਠੰਢੇ-ਮਿੱਠੇ ਜਲ ਦੀਆਂ ਛਬੀਲਾਂ, ਫਲ ਫਰੂਟ,ਪਾਰਕਿੰਗ ਪ੍ਰਬੰਧ, ਜੋੜਾ ਘਰ, ਰਿਹਾਇਸ਼, ਸਫਾਈ ਅਤੇ ਹੋਰ ਵੱਖ-ਵੱਖ ਸੇਵਾਵਾਂ ਨਿਭਾਉਣ ਵਾਲੇ ਸਮੂਹ ਸੇਵਾਦਾਰਾਂ ਅਤੇ ਪ੍ਰਬੰਧਕਾਂ ਦੀ ਭਰਪੂਰ ਸ਼ਲਾਘਾ ਕੀਤੀ ।ਉਨ੍ਹਾਂ ਕਿਹਾ ਕਿ ਹਜ਼ਾਰਾਂ ਦੀਗਿਣਤੀ ਵਿਚ ਪੁੱਜੀਆਂ ਸੰਗਤਾਂ ਲਈ ਕੀਤੇ ਗਏ ਵਿਸ਼ਾਲ ਪ੍ਰਬੰਧਾਂ ਨੂੰ ਸੇਵਾਦਾਰਾਂ ਨੇ ਬੇਹੱਦ ਸਮਰਪਣ, ਸੂਝਬੂਝ ਅਤੇ ਵਿਉਂਤਬੰਦੀ ਨਾਲ ਸਫਲਤਾਪੂਰਵਕ ਨਿਭਾਇਆ ਹੈ। ਉਨ੍ਹਾਂ ਕਿਹਾ ਕਿ ਸ਼ਹੀਦਾਂ ਦੀਆਂ ਲਾਸਾਨੀ ਕੁਰਬਾਨੀਆਂ ਸਿੱਖ ਕੌਮ ਲਈ ਸਦਾ ਪ੍ਰੇਰਣਾ ਸਰੋਤ ਰਹਿਣਗੀਆਂ ਅਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਧਰਮ, ਕੌਮ ਅਤੇ ਸੱਚ ਦੀ ਰੱਖਿਆ ਲਈ ਸੰਘਰਸ਼ ਕਰਨ ਦਾ ਹੌਸਲਾ ਦਿੰਦੀਆਂ ਰਹਿਣਗੀਆਂ। ਅੰਤ ਵਿਚ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਮਾਂਝਾ ਜੋਨ ਦੇ ਸੰਤਾਂ, ਮਹਾਂਪੁਰਖਾ ਦਾ ਧੰਨਵਾਦ ਕੀਤਾ ਗਿਆ ਅਤੇ ਉਨ੍ਹਾਂ ਨੂੰ ਸਿਰਪਾਓ ਅਤੇ ਦੁਸ਼ਾਲੇ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਸਮੂਹ ਸੰਗਤਾਂ, ਸੇਵਾਦਾਰਾਂ ਤੇ ਪ੍ਰਬੰਧਕਾਂ ਦੀ ਸਦਾ ਚੜ੍ਹਦੀ ਕਲਾ 'ਚ ਸਦਾ ਚੜ੍ਹਦੀ ਕਲਾ 'ਚ ਰੱਖਣ ਤੇ ਸਿੱਖ ਕੌਮ ਨੂੰ ਆਪਣੇ ਸ਼ਹੀਦਾਂ ਦੇ ਦਰਸਾਏ ਮਾਰਗ 'ਤੇ ਚੱਲਣ ਦੀ ਤਾਕਤ ਬਖ਼ਸ਼ਣ ਦੀ ਅਕਾਲ ਪੁਰਖ ਵਾਹਿਗੁਰੂ ਅੱਗੇ ਅਰਦਾਸ ਬੇਨਤੀ ਕਰਦੇ ਹੋਏ ਸਮਾਗਮਾਂ ਦੀ ਸਫਲਤਾ ਲਈ ਯੋਗਦਾਨ ਪਾਉਣ ਵਾਲੀ ਹਰ ਸ਼ਖਸੀਅਤ ਤੇ ਸੰਸਥਾ ਦਾ ਵਿਸ਼ੇਸ਼ ਧੰਨਵਾਦ ਕੀਤਾ। ਇਸ ਮੌਕੇ ਤੇ ਸੰਤ ਬਾਬਾ ਸੱਜਣ ਸਿੰਘ ਜੀ ਗੁਰੂ ਕੀ ਬੇਰ ਸਾਹਿਬ ਬੋਪਾਰਾਏ, ਸੰਤ ਬਾਬਾ ਗੁਰਭੇਜ ਸਿੰਘ ਖ਼ੁਜਾਲਾ ਸੰਤ ਸਮਾਜ ਦੇ ਮੁੱਖ ਬੁਲਾਰੇ, ਸੰਤ ਬਾਬਾ ਗੁਰਦੇਵ ਸਿੰਘ ਡੇਰਾ ਭਗਤਾਂ ਦਾ ਤਰਸਿੱਕਾ ਵਾਲੇ, ਸੰਤ ਬਾਬਾ ਗੁਰਦੀਦਾਰ ਸਿੰਘ ਭੂਰੀ ਵਾਲੇ, ਸੰਤ ਬਾਬਾ ਕਵਲਜੀਤ ਸਿੰਘ ਨਾਗੀਆਨਾ ਸਾਹਿਬ ਵਾਲੇ, ਬਾਬਾ ਸੁਖਵੰਤ ਸਿੰਘ ਚੰਨਣਕੇ, ਸੰਤ ਬਾਬਾ ਹਰਦੁਆਰ ਵਾਲੇ, ਸੰਤ ਬਾਬਾ ਦਰਸ਼ਨ ਦਾਸ ਟਾਂਗਰਾ ਵਾਲੇ ਆਦਿ ਸੰਤ ਮਹਾਂਪੁਰਖ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਸੇਵਾ ਮੁੱਕਤ ਪਟਵਾਰੀ, ਕਾਨੂੰਗੋ, ਨਾਇਬ ਤਹਿਸੀਲਦਾਰ ਵੈੱਲਫੇਅਰ ਐਸੋਸੀਏਸ਼ਨ ਜ਼ਿਲ੍ਹਾ ਅੰਮ੍ਰਿਤਸਰ ਦੀ

# ਜ਼ਿਲ੍ਹਾ ਪ੍ਰਧਾਨ ਸ. ਲਖਵਿੰਦਰ ਸਿੰਘ ਦੀ ਅਗਵਾਈ 'ਚ ਹੋਈ ਮੀਟਿੰਗ



**ਜੰਡਿਆਲਾ ਗੁਰੂ, 9 ਜੂਨ ( ਕੁਲਵੰਤ ਸਿੰਘ ਵਿਰਦੀ )**-ਸੇਵਾ ਮੁੱਕਤ ਪਟਵਾਰੀ, ਕਾਨੂੰਗੋ, ਨਾਇਬ ਤਹਿਸੀਲਦਾਰ ਵੈੱਲਫੇਅਰ ਐਸੋਸੀਏਸ਼ਨ ਦੀ ਮੀਟਿੰਗ ਜਿਲ੍ਹਾ ਪ੍ਰਧਾਨ ਸ ? ਲਖਵਿੰਦਰ ਸਿੰਘ ਕੋਹਾਲੀ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਪੰਜਾਬ ਪ੍ਰਧਾਨ ਸ ? ਨਿਰਮਲਜੀਤ ਸਿੰਘ ਬਾਜਵਾ ਜੀ ਵਿਸ਼ੇਸ਼ ਤੌਰ ਤੇ ਪੁੱਜੇ ।ਮੀਟਿੰਗ ਵਿੱਚ ਸੇਵਾ ਮੁਕਤ ਕਾਨੂੰਗੋ ਸ ? ਸੰਤੋਖ ਸਿੰਘ ਭਲਾਈ ਪੁਰ ਦੇ ਅਕਾਲ ਚਲਾਣੇ ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਪ੍ਰਗਟ ਕੀਤਾ ਗਿਆ ਅਤੇ ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਦੋ ਮਿੰਟ ਦਾ ਮੋਨ ਧਾਰ ਕੇ ਸ਼ਰਧਾਂਜਲੀ ਭੇਂਟ ਕੀਤੀ ਗਈ ।ਮੀਟਿੰਗ ਵਿੱਚ ਪਟਿਆਲਾ ਵਿੱਖੇ ਬਿਜਲੀ ਵਿਭਾਗ ਵਿੱਚ ਸਹਾਇਕ ਲਾਈਨਮੈਨ ਦੀ ਪੱਕੀ ਨੌਕਰੀ ਮੰਗਣ ਤੇ ਨੌਜੁਆਨਾਂ ਤੇ ਪੁਲਿਸ ਵੱਲੋਂ ਅੰਨ੍ਹੇਵਾਹ ਲਾਠੀਚਾਰਜ ਕਰਨ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ ਅਤੇ ਮੰਗ ਕੀਤੀ ਗਈ ਕਿ ਉਨ੍ਹਾਂ ਨੂੰ ਜਲਦ ਪੱਕਾ ਸਹਾਇਕ ਲਾਈਨਮੈਨ ਕੀਤਾ ਜਾਵੇ ।ਮੀਟਿੰਗ ਵਿੱਚ ਕੋਟਲ਼ਾ ਗੁੱਜਰਾਂ ਦੇ ਨੰਬਰਦਾਰ ਜੋ ਕਿ ਇੱਕ ਕਲਾਕਾਰ ਵੀ ਹਨ ਅਤੇ ਸ੍ਰੀ ਹਰੀਸ਼ ਚੰਦਰ , ਨੇ ਬਾਬੇ ਬੁੱਲ੍ਹੇ ਸ਼ਾਹ ਦੀਆਂ ਕਾਫੀਆਂ ਅਤੇ ਹੋਰ ਸਭਿਆਚਾਰਕ ਗੀਤ ਗਾ ਕੇ ਸਾਥੀਆਂ ਦਾ ਮਨੋਰੰਜਨ ਕੀਤਾ ।ਮੀਟਿੰਗ ਵਿੱਚ ਵਿਭਾਗੀ ਮੱਸਲੇ ਸੁਣੇ ਗਏ ਅਤੇ ਸਾਥੀਆਂ ਨੂੰ ਯਕੀਨ ਦਿਵਾਇਆ ਗਿਆ ਕਿ ਜੱਥੇਬੰਦੀ ਦੇ ਧਿਆਨ ਵਿੱਚ ਆਏ ਇਹ ਮਸਲੇ ਵੀ ਪਹਿਲਾਂ ਦੀ ਤਰ੍ਹਾਂ ਨਿਵਿਰਤ ਕੀਤੇ ਜਾਣਗੇ ।ਤਹਿਸੀਲ ਅਜਨਾਲਾ ਦੇ ਸੇਵਾ ਮੁੱਕਤ ਪਟਵਾਰੀਆਂ , ਕਾਨੂੰਗੋਆਂ ਅਤੇ ਨਾਇਬ ਤਹਿਸੀਲਦਾਰਾਂ ਨੇ ਜੱਥੇਬੰਦੀ ਦੇ ਧਿਆਨ ਵਿੱਚ ਲਿਆਂਦਾ ਕੇ ਉਨ੍ਹਾਂ ਨੂੰ ਉਥੋਂ ਦਾ ਬਿੱਲ ਕਲਰਕ ਬਿਲਾ ਵਜਾਹ ਤੰਗ ਪ੍ਰੇਸ਼ਾਨ ਕਰ ਰਿਹਾ ਹੈ , ਉਨ੍ਹਾਂ ਦੇ ਬਕਾਇਆ ਬਿੱਲ ਬਣਾਉਣ ਚ ਆਨਾਕਾਨੀ ਕਰ ਰਿਹਾ ਹੈ ਜਿਸ ਦਾ ਜੱਥੇਬੰਦੀ ਨੇ ਸ਼ਖਤ ਨੋਟਿਸ ਲੈਂਦਿਆ ਤਹਿਸੀਲ ਪ੍ਰਸ਼ਾਸ਼ਨ ਤੋਂ ਮੰਗ ਕੀਤੀ ਕਿ ਸਾਡੇ ਸਾਥੀਆਂ ਦੇ ਤੁਰੰਤ ਮਸਲੇ ਹੱਲ ਕਰਵਾਏ ਜਾਣ ।ਅਖੀਰ ਵਿੱਚ ਬਹੁਤ ਜ਼ਿਆਦਾ ਏਨੀ ਪੈ ਰਹੀ ਸਖਤ ਗਰਮੀ ਵਿੱਚ ਵੀ ਸੇਵਾ ਮੁਕਤ ਸਾਥੀਆਂ ਦਾ ਮਹੀਨਾਵਾਰ ਮੀਟਿੰਗ ਵਿੱਚ ਭਾਰੀ ਗਿਣਤੀ ਵਿੱਚ ਪੁੱਜਣ ਤੇ ਕੁਲਵੰਤ ਸਿੰਘ ਡੇਹਰੀਵਾਲ ਨੇ ਸਭਨਾ ਦਾ ਧੰਨਵਾਦ ਕੀਤਾ ਅਤੇ ਦੱਸਿਆ ਕਿ ਅਗਲੀ ਮਹੀਨਾਵਾਰ ਮੀਟਿੰਗ ਮਿੱਤੀ 6 / 7 / 2026 ਨੂੰ ਹੋਵੇਗੀ ।ਇਸ ਮੀਟਿੰਗ ਵਿੱਚ ਮੇਜਰ ਸਿੰਘ ਭੋਮਾ , ਤਰਸੇਮ ਸਿੰਘ ਫੱਤੂਭੀਲਾ , ਬਾਊ ਰਾਜ ਕੁਮਾਰ , ਸੁਖਵਿੰਦਰ ਸਿੰਘ ਸਾਬੀ , ਹਰਮਿੰਦਰ ਸਿੰਘ , ਪਲਵਿੰਦਰ ਸਿੰਘ , ਸੁਰਿੰਦਰ ਸਿੰਘ ਤਹਿਸੀਲ ਪ੍ਰਧਾਨ ਪੈਨਸ਼ਨਰ ਐਸੋਸੀਏਸ਼ਨ ਤਰਨ ਤਾਰਨ , ਗੁਰਮੀਤ ਸਿੰਘ ਛਾਪਾ ਤਰਨ ਤਾਰਨ , ਸੂਬਾ ਸਿੰਘ ਤਰਨ ਤਾਰਨ , ਹਰਦੇਵ ਸਿੰਘ ਭੋਮਾ, ਨਰਿੰਦਰ ਸਿੰਘ , ਗੁਰਮੇਜ ਸਿੰਘ ,ਬਲਦੇਵ ਸਿੰਘ ਬੱਬਰ , ਰਵਿੰਦਰ ਕੁਮਾਰ ਰਵੀ , ਰਮੇਸ਼ ਪਾਲ ਸਿੰਘ, ਜਗਜੀਤ ਸਿੰਘ ਬਾਬਾ , ਸੁਸ਼ੀਲ ਹਾਂਡਾ, ਵਿਨੋਦ ਕੁਮਾਰ , ਡਾਂ ਤਜਿੰਦਰ ਸਿੰਘ, , ਕੇਵਲ ਕ੍ਰਿਸ਼ਨ, ਜੋਗਿੰਦਰ ਸਿੰਘ ,ਪਰਸਨ ਸਿੰਘ ਵੇਰਕਾ , ਜਗਜੀਤ ਸਿੰਘ ਭੰਗਾਲੀ , ਚਰਨਜੀਤ ਸਿੰਘ , ਅਸ਼ਵਨੀ ਕੁਮਾਰ ਆਦਿ ਨੇ ਸੰਬੋਧਨ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਟਾਵਰ ਤੇ ਚੜੇ ਹਰਜੀਤ ਸਿੰਘ ਦੇ ਹੱਕ ਵਿੱਚ ਰਣਜੀਤ ਸਿੰਘ ਰੰਧਾਵਾ ਨੇ ਮਾਰਿਆ ਹਾਅ ਦਾ ਨਾਅਰਾ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹਲਕਾ ਧੂਰੀ ਸ਼ਹਿਰ ਵਿੱਚ ਈਟੀਟੀ ਕੇਡਰ ਬੇਰੁਜ਼ਗਾਰ ਅਧਿਆਪਕ ਜੋ ਮੈਟਲਿਸਟ ਵਿੱਚ ਆਉਣ ਦੇ ਬਾਵਜੂਦ ਪ੍ਰਾਇਮਰੀ ਈਟੀਟੀ 5994 ਟੀਚਰ ਯੂਨੀਅਨ ਵੱਲੋਂ ਜਥੇਬੰਦੀ ਦੀਆਂ ਜਾਇਜ਼ ਮੰਗਾਂ ਨੂੰ ਲੈ ਕੇ ਹਰਜੀਤ ਸਿੰਘ ਵੱਲੋਂ ਰਾਤ 2 ਵਜੇ ਤੋਂ ਬੀਐਸਐਨਐਲ ਟਾਵਰ ਤੇ ਪੈਟਰੋਲ ਦੀ ਬੋਤਲ ਲੈ ਕੇ ਚੜੇ ਹੋਏ ਹਨ ।ਜਿਸ ਦੇ ਹੱਕ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਵੱਲੋਂ ਆਪਣੀ ਪੂਰੀ ਟੀਮ ਸਮੇਤ ਲੰਗਰ ਲੈ ਕੇ ਬੀਐਸਐਨਐਲ ਟਾਵਰ ਦੇ ਕੋਲ ਪਹੁੰਚ ਕੇ ਹਰਜੀਤ ਸਿੰਘ ਅਤੇ ਸਮੂਹ ਜਥੇਬੰਦੀ ਦੇ ਹੱਕ ਵਿੱਚ ਹਾਅ ਦਾ ਨਾਅਰਾ ਮਾਰਿਆ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਨੇ ਕਿਹਾ ਇੰਨੀ ਤਪਦੀ ਗਰਮੀ ਵਿੱਚ ਹਰਜੀਤ ਸਿੰਘ ਵੱਲੋਂ ਆਪਣੀਆਂ ਜਾਇਜ਼ ਮੰਗਾਂ ਨੂੰ ਲੈ ਕੇ ਟਾਵਰ ਤੇ ਚੜਨਾ ਅਤੇ ਸਰਕਾਰ ਵੱਲੋਂ ਵਾਰ ਵਾਰ ਜਥੇਬੰਦੀ ਨੂੰ ਮੀਟਿੰਗ ਦੇ ਲਈ ਟਾਈਮ ਦੇ ਕੇ ਕੈਂਸਲ ਕਰਨਾ ਬਹੁਤ ਹੀ ਮੰਦਭਾਗਾ ਹੈ। ਉਹਨਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ 2027 ਦੇ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਨ ਤੋਂ ਬਾਅਦ 5994 ਜਥੇਬੰਦੀ ਦੇ ਸਾਰੇ ਆਗੂਆਂ ਨੂੰ ਪੱਕਾ ਕੀਤਾ ਜਾਵੇਗਾ ਤਾਂ ਜੋ ਕੋਈ ਵੀ ਵੀਰ ਭਰਾ ਨੂੰ ਟਾਵਰ ਤੇ ਚੜਨ ਦੀ ਇਸ ਤਰ੍ਹਾਂ ਦੀ ਨੌਬਤ ਨਾ ਆਵੇ। ਇਸ ਮੌਕੇ ਸਰਬਜੀਤ ਸਿੰਘ ਕਾਤਰੋਂ ਸਾਬਕਾ ਸਰਪੰਚ, ਅਕਾਲੀ ਆਗੂ ਸਤਿੰਦਰ ਸਿੰਘ ਸੱਤਾ ਕਾਂਝਲਾ, ਪਰਮਜੀਤ ਸਿੰਘ ਪੰਮਾ ਧੂਰਾ, ਗੁਰਦਿਆਲ ਸਿੰਘ ਕਾਂਝਲਾ, ਹਰਪਾਲ ਸਿੰਘ ਧੂਰਾ, ਅਮਰਿੰਦਰ ਸਿੰਘ, ਜਗਰੂਪ ਸਿੰਘ ਧੂਰੀ ਹਰਨੇਕ ਸਿੰਘ ਦੀਵਾਨਾ, ਦਰਸਨ ਸਿੰਘ ਬਿਰਦੀ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸੁਰੱਖਿਅਤ ਮਾਤਰਤਵ ਨੂੰ ਸਮਰਪਿਤ ਇੱਕ ਦਹਾਕਾ ਪੂਰਾ ਹੋਣ ਸੰਬੰਧੀ ਕੈਂਪ ਲਗਾਇਆ



ਚੋਹਲਾ ਸਾਹਿਬ, 9 ਜੂਨ (ਆਵਾਜ਼ਿ ਕੌਮ ਬਿਊਰੋ)- ਕਾਰਜਕਾਰੀ ਸਿਵਲ ਸਰਜਨ ਤਰਨ ਤਾਰਨ ਡਾਕਟਰ ਭਾਰਤੀ ਧਵਨ ਅਤੇ ਜਿਲ੍ਹਾ ਟੀਕਾਕਰਨ ਅਫਸਰ ਡਾਕਟਰ ਵਰਿੰਦਰਪਾਲ ਕੌਰ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਡਾਕਟਰ ਜਤਿੰਦਰ ਸਿੰਘ ਗਿੱਲ ਸੀਨੀਅਰ ਮੈਡੀਕਲ ਅਫਸਰ ਇੰਚਾਰਜ ਸੀਐਚਸੀ ਸਰਹਾਲੀ ਵਿਖੇ ਸੁਰੱਖਿਅਤ ਮਾਤਰਤਵ ਨੂੰ ਸਮਰਪਿਤ ਇੱਕ ਦਹਾਕਾ ਪੂਰਾ ਹੋਣ ਤੇ ਅੱਜ ਸੀਐਚਸੀ ਸਰਹਾਲੀ ਵਿਖੇ ਗਰਭਵਤੀ ਔਰਤਾਂ ਦਾ ਚੈੱਕਅੱਪ ਕੈਂਪ ਲਗਾਇਆ ਗਿਆ।ਉਹਨਾਂ ਕਿਹਾ ਕਿ ਗਰਭਵਤੀ ਔਰਤਾਂ ਨੂੰ ਆਪਣੇ ਖ਼ੂਨ ਦੀ ਜਾਂਚ ਸਮੇਂ ਸਮੇਂ ਤੇ ਕਰਵਾਉਂਦੇ ਰਹਿਣਾ ਚਾਹੀਦਾ ਹੈ ਅਤੇ ਹਰੀਆਂ ਪੱਤੇਦਾਰ ਸਬਜੀਆਂ ,ਦੁੱਧ,ਪਨੀਰ,ਲੱਸੀ ਅਤੇ ਦਾਲਾਂ ਆਦਿ ਦਾ ਸੇਵਨ ਕਰਦੇ ਰਹਿਣਾ ਚਾਹੀਦਾ ਹੈ ਅਤੇ ਉਹਨਾਂ ਕਿਹਾ ਕਿ ਗਰਭਵਤੀ ਔਰਤਾਂ ਨੂੰ ਆਇਰਨ ਦੀ ਘਾਟ ਲਈ ਪਾਲਕ ਅਤੇ ਗੁੜ ਦਾ ਸੇਵਨ ਵੀ ਜਰੂਰਤ ਕਰਨਾ ਚਾਹੀਦਾ ਹੈ।ਉਹਨਾਂ ਦੱਸਿਆ ਕਿ ਜਿੰਨਾਂ ਦਾ ਬਲੱਡ ਪ੍ਰੈਸ਼ਰ ਘੱਟਦਾ ਹੈ ਜਾਂ ਕੱਦ ਛੋਟਾ ਹੈ ਉਹਨਾਂ ਨੂੰ ਆਪਣਾ ਇਲਾਜ ਜਨਾਨਾ ਰੋਗਾਂ ਦੇ ਮਾਹਿਰ ਡਾਕਟਰਾਂ ਤੋਂ ਇਲਾਜ ਕਰਵਾਉਂਦੇ ਰਹਿਣਾ ਚਾਹੀਦਾ ਹੈ।ਇਸ ਸਮੇਂ ਜਿਲ੍ਹਾ ਮਾਸ ਮੀਡੀਆ ਅਫਸਰ ਡਾਕਟਰ ਸੁਖਵੰਤ ਸਿੰਘ ਸਿੱਧੂ ਅਤੇ ਹੈਲਥ ਸਪੁਰਵਾਈਜ਼ਰ ਅਮਰਜੀਤ ਸਿੰਘ ਗਿੱਲ ਵਿਸ਼ੇਸ਼ ਤੌਰ ਤੇ ਪਹੁੰਚੇ ਜਿੰਨਾਂ ਕੈਂਪ ਦੀ ਜਾਂਚ ਕੀਤੀ।ਇਸ ਸਮੇਂ ਡਾਕਟਰ ਜਤਿੰਦਰ ਸਿੰਘ ਗਿੱਲ ਸੀਨੀਅਰ ਮੈਡੀਕਲ ਅਫਸਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਅੱਜ 10 ਸਾਲ ਪੂਰੇ ਹੋਣ ਤੇ ਸੁਰੱਖਿਅਤ ਮਾਤਰਤਵ ਨੂੰ ਸਮਰਪਿਤ ਗਰਭਵਤੀ ਔਰਤਾਂ ਦੇ ਸਿਹਤ ਜਾਗਰੂਕਤਾ ਸੰਬੰਧੀ ਮੈਡੀਕਲ ਕੈਂਪ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਮੈਡੀਕਲ ਅਫਸਰ ਡਾਕਟਰ ਸਨਦੀਪ ਕੌਰ ਵੱਲੋਂ ਕੰਮਿਉਨਿਟੀ ਹੈਲਥ ਸੈਂਟਰ ਸਰਹਾਲੀ ਕਲਾਂ ਵਿਖੇ ਲਗਾਏ ਇਸ ਵਿਸ਼ੇਸ਼ ਕੈਂਪ ਵਿੱਚ ਗਰਭਵਤੀ ਔਰਤਾਂ ਅਤੇ ਉਹਨਾਂ ਦੇ ਪੇਟ ਵਿੱਚ ਰਹੇ ਬੱਚਿਆਂ ਦੀ ਜਾਂਚ ਕੀਤੀ।ਇਸ ਸਮੇਂ ਬਲਰਾਜ ਸਿੰਘ ਬੀਈਈ, ਸੁਪਰੀਤ ਕੌਰ ਸੀਐਚਓ ਅਤੇ ਨਰਸਿੰਗ ਕਾਲਜ਼ ਦੀਆਂ ਵਿਦਿਆਰਥਣਾਂ ਹਾਜਰ ਸਨ।

# ਸਾਬਕਾ ਵਿਧਾਇਕ ਹਰਮਿੰਦਰ ਸਿੰਘ ਗਿੱਲ ਨੇ ਚੇਅਰਮੈਨ ਰਣਜੀਤ ਸਿੰਘ ਚੀਮਾ ਦੇ ਪਿਤਾ ਦੇ ਅਕਾਲ ਚਲਾਣੇ ਦਾ ਅਫਸੋਸ ਕੀਤਾ

**ਪੱਟੀ, 9 ਜੂਨ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਜਲ ਸਰੋਤ ਨਿਗਮ ਦੇ ਚੇਅਰਮੈਨ ਅਤੇ ਇੰਚਾਰਜ ਲੋਕ ਸਭਾ ਹਲਕਾ, ਖਡੂਰ ਸਾਹਿਬ ਰਣਜੀਤ ਸਿੰਘ ਚੀਮਾ ਦੇ ਪਿਤਾ ਸੈਕਟਰੀ ਗੁਰਦੇਵ ਸਿੰਘ ਚੀਮਾ ਦੇ ਅਕਾਲ ਚਲਾਣੇ ਦਾ ਪੱਟੀ ਹਲਕੇ ਤੋਂ ਸਾਬਕਾ ਵਿਧਾਇਕ ਹਰਮਿੰਦਰ ਸਿੰਘ ਗਿੱਲ ਨੇ ਆਪਣੇ ਸਾਥੀਆਂ ਸਮੇਤ ਮਿਲਕੇ ਅਫ਼ਸੋਸ ਪ੍ਰਗਟ ਕੀਤਾ। ਇਸ ਮੌਕੇ ਸਾਬਕਾ ਵਿਧਾਇਕ ਗਿੱਲ ਨੇ ਕਿਹਾ ਕਿ ਪਿਤਾ ਦੀ ਇਨਸਾਨ ਨੂੰ ਹਰ ਉਮਰ ਵਿੱਚ ਲੋੜ ਰਹਿੰਦੀ ਹੈ ਅਤੇ ਪਿਤਾ ਦਾ ਸਾਇਆ ਸਿਰ ਤੇ ਰਹਿਣ ਨਾਲ ਪੁੱਤਰ ਨੂੰ ਪਰਿਵਾਰ ਦੀ ਕੋਈ ਫਿਕਰ ਨਹੀਂ ਰਹਿੰਦੀ। ਉਹਨਾਂ ਕਿਹਾ ਕਿ ਮਿਠ ਬੋਲੜੇ ਸੁਭਾਅ ਦੇ ਮਾਲਕ ਅਤੇ ਹਰ ਵਿਅਕਤੀ ਦੇ ਕੰਮ ਆਉਣ ਵਾਲੇ ਸੈਕਟਰੀ ਗੁਰਦੇਵ ਸਿੰਘ ਚੀਮਾ ਦੇ ਤੁਰ ਜਾਣ ਨਾਲ ਜਿੱਥੇ ਪਰਿਵਾਰ ਨੂੰ ਘਾਟਾ ਪਿਆ ਹੈ ਉੱਥੇ ਸਮਾਜ ਇੱਕ ਸਮਾਜ ਸੇਵਕ ਤੋਂ ਵਾਂਝਾ ਹੋ ਗਿਆ ਹੈ। ਇਸ ਮੌਕੇ ਚੇਅਰਮੈਨ ਰਣਜੀਤ ਸਿੰਘ ਚੀਮਾ ਅਤੇ ਉਹਨਾਂ ਦੇ ਛੋਟੇ ਭਰਾ ਬਲਜੀਤ ਸਿੰਘ ਚੀਮਾ ਨੇ ਜਿੱਥੇ ਆਪਣੇ ਪਿਤਾ ਦੀਆਂ ਯਾਦਾਂ ਤਾਜ਼ੀਆਂ ਕੀਤੀਆਂ ਉੱਥੇ ਹੀ ਘਰ ਪਹੁੰਚਣ 'ਤੇ ਅਫਸੋਸ ਪ੍ਰਗਟ ਕਰਨ ਵਾਲਿਆਂ ਦਾ ਧੰਨਵਾਦ ਵੀ ਕੀਤਾ। ਇਸ ਮੌਕੇ ਉਹਨਾਂ ਨਾਲ ਸਾਬਕਾ ਸਰਪੰਚ ਹਰਜਿੰਦਰ ਸਿੰਘ ਚੰਬਲ, ਮਨਜੀਤ ਸਿੰਘ ਲਾਟੀ ਕਾਲੇਕੇ, ਸੁਖਵਿੰਦਰ ਸਿੰਘ ਸੰਗਵਾਂ, ਸਤਨਾਮ ਸਿੰਘ ਪੋਪਨ, ਸਤਬੀਰ ਸਿੰਘ ਰੰਮੀ ਅਤੇ ਪਿੰਡ ਵਾਸੀ ਹਾਜ਼ਰ ਸਨ।

## ਪੰਜਾਬ ਕੋ ਐਜੂਕੇਸ਼ਨ ਸਕੂਲ ਬਾਘਾ ਪੁਰਾਣਾ ਦੀਆਂ

# ਚਾਰ ਵਿਦਿਆਰਥਣਾਂ ਨੂੰ ਮਾਣਯੋਗ ਡਿਪਟੀ ਕਮਿਸ਼ਨਰ ਮੋਗਾ ਨੇ ਕੀਤਾ ਸਨਮਾਨਿਤ



**ਬਾਘਾਪੁਰਾਣਾ, 9 ਜੂਨ (ਰਾਜਿੰਦਰ ਸਿੰਘ ਕੋਟਲਾ, ਗੁਰਪ੍ਰੀਤ ਸਿੰਘ)**-ਮੋਗਾ ਜ਼ਿਲ੍ਹੇ ਚ ਵਿੱਦਿਆ ਦੇ ਖੇਤਰ ਵਿੱਚ ਆਪਣੀ ਵਿਸ਼ੇਸ਼ ਪਛਾਣ ਬਣਾਉਣ ਵਾਲੀ ਨਾਮਵਰ ਵਿਦਿਅਕ ਸੰਸਥਾ ਪੰਜਾਬ ਕੋ-ਐਜੂਕੇਸ਼ਨ ਸੀਨੀਅਰ ਸੈਕੰਡਰੀ ਸਕੂਲ ਬਾਘਾ ਪੁਰਾਣਾ, ਜੋ ਕਿ ਸਵਰਗਵਾਸੀ ਪ੍ਰਿੰਸੀਪਲ ਸ੍ਰ. ਗੁਰਦੇਵ ਸਿੰਘ ਜੀ ਦੇ ਅਸ਼ੀਰਵਾਦ ਸਦਕਾ ਅਤੇ ਸੰਸਥਾ ਦੇ ਮੌਜੂਦਾ ਪ੍ਰਿੰਸੀਪਲ ਤੇ ਡਾਇਰੈਕਟਰ ਸ਼੍ਰੀ ਸੰਦੀਪ ਮਹਿਤਾ ਜੀ ਦੀ ਯੋਗ ਤੇ ਸੁਚੱਜੀ ਅਗਵਾਈ ਹੇਠ ਲਗਾਤਾਰ ਸ਼ਾਨਦਾਰ ਪ੍ਰਾਪਤੀਆਂ ਹਾਸਲ ਕਰ ਰਹੀ ਹੈ, ਨੇ ਇੱਕ ਵਾਰ ਫਿਰ ਆਪਣੀ ਕਾਬਲੀਅਤ ਸਾਬਤ ਕੀਤੀ ਹੈ ।ਪਿਛਲੇ ਦਿਨੀਂ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਬੋਰਡ ਨਤੀਜਿਆਂ ਵਿੱਚ ਜਿਲ੍ਹਾ ਮੋਗਾ ਦੇ ਅੱਠਵੀਂ, ਦਸਵੀਂ ਅਤੇ ਬਾਰਵੀਂ ਜਮਾਤ ਦੇ ਕੁੱਲ 14 ਵਿਦਿਆਰਥੀਆਂ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਮੈਰਿਟ ਲਿਸਟ ਵਿੱਚ ਸਥਾਨ ਹਾਸਲ ਕੀਤਾ ,ਇਨ੍ਹਾਂ ਵਿੱਚੋਂ ਪੰਜਾਬ ਕੋ ਐਜੂਕੇਸ਼ਨ ਸਕੂਲ ਬਾਘਾਪੁਰਾਣਾ ਦੀਆਂ ਚਾਰ ਵਿਦਿਆਰਥਣਾ ਨੇ ਵਿਸ਼ੇਸ਼ ਪ੍ਰਾਪਤੀਆਂ ਕਰਦਿਆਂ ਇਸ ਮੈਰਿਟ ਲਿਸਟ ਵਿੱਚ ਸਥਾਨ ਬਣਾਉਦਿਆਂ ਜ਼ਿਲ੍ਹਾ ਅਤੇ ਪੰਜਾਬ ਪੱਧਰ ਤੇ ਉੱਚ ਸਥਾਨ ਪ੍ਰਾਪਤ ਕੀਤੇ। ਇਨ੍ਹਾਂ ਵਿੱਚ ਬਾਰਵੀਂ ਜਮਾਤ ਦੀ ਹੋਣਹਾਰ ਵਿਦਿਆਰਥਣ ਸ਼ਨਾਇਆ ਮਹਿਤਾ ਨੇ 97.8% ਅੰਕ ਪ੍ਰਾਪਤ ਕੀਤੇ,ਦਸਵੀਂ ਜਮਾਤ ਦੀਆ ਵਿਦਿਆਰਥਣਾ ਕ੍ਰਮਵਾਰ ਯਸ਼ਿਕਾ ਸੇਠੀ ਨੇ 97.7% ਅੰਕ ਪ੍ਰਾਪਤ ਕੀਤੇ, ਏਕਮਨੂਰ ਕੌਰ ਨੇ 96.5% ਅੰਕ , ਜਦਕਿ ਮਹਿਵਿਸ਼ ਨੇ 96.2% ਅੰਕ ਪ੍ਰਾਪਤ ਕਰਕੇ ਸ਼ਾਨਦਾਰ ਪ੍ਰਦਰਸ਼ਨ ਕੀਤਾ ।ਇਨ੍ਹਾਂ ਸ਼ਾਨਦਾਰ ਪ੍ਰਾਪਤੀਆਂ ਦੇ ਮੱਦੇਨਜ਼ਰ "ਸਿੱਖਿਆ ਦਾ ਮਹਾਂ ਜਸ਼ਨ ਪ੍ਰੋਗਰਾਮ" ਤਹਿਤ ਮਾਣਯੋਗ ਡਿਪਟੀ ਕਮਿਸ਼ਨਰ ਮੋਗਾ ਸ਼੍ਰੀ ਸਾਗਰ ਸੇਤੀਆ ਜੀ,ਮਾਣਯੋਗ ਜਿਲ੍ਹਾ ਸਿੱਖਿਆ ਅਫਸਰ ਸ਼੍ਰੀ ਅਸ਼ੀਸ਼ ਕੁਮਾਰ ਜੀ,ਉਪ ਜਿਲ੍ਹਾ ਸਿੱਖਿਆ ਅਫਸਰ ਸ੍ਰ ਗੁਰਦਿਆਲ ਸਿੰਘ ਜੀ ਤੇ ਸਮੁੱਚੇ ਜਿਲ੍ਹਾ ਸਿੱਖਿਆ ਦਫਤਰ ਸਟਾਫ ਵੱਲੋਂ ਇਨ੍ਹਾਂ ਵਿਦਿਆਰਥਣਾਂ ਨੂੰ ਪ੍ਰਸ਼ੰਸਾ ਪੱਤਰ ਅਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਮਾਣਯੋਗ ਡਿਪਟੀ ਕਮਿਸ਼ਨਰ ਨੇ ਵਿਦਿਆਰਥੀਆਂ ਦੀ ਹੌਸਲਾ ਅਫਜਾਈ ਕਰਦਿਆਂ ਉਹਨਾਂ ਨੂੰ ਭਵਿੱਖ ਵਿੱਚ ਹੋਰ ਉੱਚੀਆਂ ਮੰਜ਼ਿਲਾਂ ਹਾਸਲ ਕਰਨ ਲਈ ਪ੍ਰੇਰਿਤ ਕੀਤਾ, ਉਹਨਾਂ ਨੇ ਵਿਦਿਆਰਥੀਆਂ ਦੇ ਉਜਵਲ ਭਵਿੱਖ ਦੀ ਕਾਮਨਾ ਕਰਦਿਆਂ ਕਿਹਾ ਕਿ ਮਿਹਨਤ ,ਅਨੁਸ਼ਾਸਨ ਅਤੇ ਲਗਨ ਨਾਲ ਹਰ ਉੱਚਾ ਮੁਕਾਮ ਹਾਸਿਲ ਕੀਤਾ ਜਾ ਸਕਦਾ ਹੈ ,ਨਾਲ ਹੀ ਉਹਨਾਂ ਨੇ ਬੱਚਿਆਂ ਨੂੰ ਸਰੀਰਕ ਤੰਦਰੁਸਤੀ ਲਈ ਵੀ ਪ੍ਰੇਰਿਤ ਕੀਤਾ ਤੇ ਕਿਹਾ ਕਿ ਤੰਦਰੁਸਤ ਸਰੀਰ ਹੀ ਸਫਲਤਾ ਦੀ ਅਸਲ ਬੁਨਿਆਦ ਹੁੰਦਾ ਹੈ ।ਇਸ ਮੌਕੇ ਸਕੂਲ ਮੈਨੇਜਮੈਂਟ, ਅਧਿਆਪਕਾਂ, ਵਿਦਿਆਰਥਣਾਂ ਅਤੇ ਮਾਪਿਆਂ ਵਿੱਚ ਇਸ ਉਪਲਬਧੀ ਨੂੰ ਲੈ ਕੇ ਖੁਸ਼ੀ ਦਾ ਮਹੌਲ ਹੈ ।ਇਸ ਖਾਸ ਮੌਕੇ ਤੇ ਆਪਣੀ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਸੰਸਥਾ ਦੇ ਪ੍ਰਿੰਸੀਪਲ ਤੇ ਡਾਇਰੈਕਟਰ ਸ਼੍ਰੀਮਤੀ ਸੰਦੀਪ ਮਹਿਤਾ ਨੇ ਵਿਦਿਆਰਥਣਾਂ ਨੂੰ ਵਧਾਈ ਦਿੱਤੀ ਅਤੇ ਭਵਿੱਖ ਲਈ ਉੱਚੀਆਂ ਪ੍ਰਾਪਤੀਆਂ ਹਾਸਲ ਕਰਨ ਲਈ ਸ਼ੁਭਕਾਮਨਾਵਾਂ ਦਿੱਤੀਆਂ। ਉਹਨਾਂ ਨੇ ਕਿਹਾ ਕਿ ਮਿਹਨਤੀ ਵਿਦਿਆਰਥੀ ਹੀ ਅਜਿਹੀਆਂ ਮੰਜ਼ਿਲਾਂ ਸਰ ਕਰਕੇ ਉੱਚੇ ਮੁਕਾਮ ਹਾਸਿਲ ਕਰਦੇ ਹਨ। ਉਹਨਾਂ ਇਹ ਵੀ ਕਿਹਾ ਕਿ ਜੋ ਮਾਪੇ ਇਸ ਸੰਸਥਾ 'ਤੇ ਵਿਸ਼ਵਾਸ ਕਰਕੇ ਆਪਣੇ ਬੱਚਿਆਂ ਨੂੰ ਇੱਥੇ ਭੇਜਦੇ ਹਨ, ਉਹਨਾਂ ਬੱਚਿਆਂ ਨੂੰ ਕਾਮਯਾਬ ਕਰਨ ਲਈ ਸੰਸਥਾ ਪੂਰੀ ਤਰ੍ਹਾਂ ਵਚਨਬੱਧ ਹੈ।

ਇਸ ਮੌਕੇ ਤੇ ਕੋਆਰਡੀਨੇਟਰ ਸ੍ਰੀ ਮੁਕੇਸ਼ ਅਰੋੜਾ ਨੇ ਵੀ ਵਿਦਿਆਰਥੀਆਂ ਅਤੇ ਉਹਨਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ। ਇਸ ਮੌਕੇ ਪ੍ਰਿੰਸੀਪਲ ਮੈਡਮ ਪਰਮਿੰਦਰ ਕੌਰ, ਕਿਡਜੀ ਡਾਇਰੈਕਟਰ ਮੈਡਮ ਸੁਧਾ ਮਹਿਤਾ, ਐਡਵੋਕੇਟ ਸ੍ਰ ਰਾਜਾ ਸਿੰਘ, ਮਾਊਂਟ ਇੰਟਰਨੈਸ਼ਨਲ ਸਕੂਲ ਦੇ ਹੈੱਡ ਮੈਡਮ ਖੁਸ਼ਪ੍ਰੀਤ ਕੌਰ ਅਤੇ ਸਮੁੱਚਾ ਸਟਾਫ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਆਸਟ੍ਰੇਲੀਆ 'ਚ ਸਿਡਨੀ ਦੀਆਂ ਗੁਰਦੁਆਰਾ ਕਮੇਟੀਆਂ ਵੱਲੋਂ ਸੰਤ ਬਾਬਾ ਸੁੱਖਾ ਸਿੰਘ ਦਾ ਸਨਮਾਨ





ਸਿਡਨੀ, 9 ਜੂਨ (ਆਵਾਜ਼ਿ ਕੌਮ ਬਿਊਰੋ)-ਆਸਟ੍ਰੇਲੀਆ ਵਿਚ ਗੁਰਮਤਿ ਪ੍ਰਚਾਰ ਫੇਰੀ ਤੇ ਚਲਦਿਆਂ ਸੰਪਰਦਾਇ ਕਾਰ ਸੇਵਾ ਸਰਹਾਲੀ ਸਾਹਿਬ ਦੇ ਮੁਖੀ ਸੰਤ ਬਾਬਾ ਸੁੱਖਾ ਸਿੰਘ ਜੀ ਇਹਨੀਂ ਦਿਨੀਂ ਸਿਡਨੀ ਦੀਆਂ ਸੰਗਤਾਂ ਵਿੱਚ ਵਿਚਰ ਰਹੇ ਹਨ। ਮਾਨਵਤਾ ਦੇ ਭਲੇ ਹਿੱਤ ਚਲਦੀਆਂ ਮਹਾਨ ਸੇਵਾਵਾਂ ਮੁੱਖ ਰੱਖਦੇ ਹੋਏ ਸਿਡਨੀ ਦੀਆਂ ਦੋ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਵੱਲੋਂ ਬਾਬਾ ਜੀ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸੰਗਤ ਵਿੱਚ ਬੋਲਦਿਆਂ ਮੈਨੇਜਰ ਪ੍ਰਿਤਪਾਲ ਸਿੰਘ ਨੇ ਆਖਿਆ ਕਿ ਅੱਜ ਬਾਬਾ ਜੀ ਨੇ ਗੁਰਦੁਆਰਾ ਸਾਹਿਬ ਗਲੇਨਵੁੱਡ ਅਤੇ ਗੁਰਦੁਆਰਾ ਸਾਹਿਬ ਬਲੈਕਟਾਊਨ ਵਿਖੇ ਬਾਬਾ ਜੀ ਨੇ ਕੀਰਤਨ ਨਾਲ ਹਾਜ਼ਰੀ ਭਰੀ ਅਤੇ ਸੰਗਤ ਸੇਵਾ ਸਿਮਰਨ ਨਾਲ ਜੋੜਿਆ। ਬਾਬਾ ਜੀ ਨੇ ਗੁਰਮਤਿ ਪ੍ਰਚਾਰ ਫੇਰੀ ਦੌਰਾਨ ਵੱਡੇ ਪੱਧਰ ਤੇ ਸੰਗਤ ਨੂੰ ਸਾਬਤ ਸੂਰਤ ਵਾਲੇ ਬਣਨ, ਗੁਰਸਿੱਖੀ ਜੀਵਨ ਦੇ ਧਾਰਨੀ ਹੋਣ, ਅੰਮ੍ਰਿਤ ਛਕ ਕੇ ਸਿੰਘ ਸੱਜਣ ਲਈ ਪ੍ਰੇਰਿਤ ਕੀਤਾ ਹੈ। ਅਸੀਂ ਭਲੀਭਾਂਤ ਜਾਣਦੇ ਹਾਂ ਕਿ ਸੰਪਰਦਾਇ ਕਾਰ ਸੇਵਾ ਸਰਹਾਲੀ ਸਾਹਿਬ ਦੀਆਂ ਸੇਵਾਵਾਂ ਦੇਸ਼ਾਂ ਵਿਦੇਸ਼ਾਂ ਵਿੱਚ ਚੱਲ ਰਹੀਆਂ ਹਨ, ਜਿਨਾਂ ਵਿੱਚ ਗੁਰਦੁਆਰਾ ਸਾਹਿਬਾਨ ਦੀਆਂ ਇਮਾਰਤਾਂ, ਸਿੱਖਿਆ ਸੰਸਥਾਵਾਂ, ਹਸਪਤਾਲ, ਖੇਡ ਅਕੈਡਮੀਆਂ, ਗੁਰਮਤਿ ਵਿਦਿਆਲੇ ਅਤੇ ਹੋਰ ਕਈ ਇਤਿਹਾਸਕ ਇਮਾਰਤਾਂ ਦੀ ਸੰਭਾਲ ਜਾਰੀ ਹੈ। ਜਦੋਂ ਪੰਜਾਬ ਵਿੱਚ ਹੜ ਆਏ ਤਾਂ ਬਾਬਾ ਜੀ ਨੇ ਮਾਝੇ ਮਾਲਵੇ ਤੇ ਦੁਆਬੇ ਖੇਤਰ ਦੇ ਕਈ ਟੁੱਟੇ ਬੰਨ ਬੰਨ ਕੇ ਮਾਨਵਤਾ ਨੂੰ ਰਾਹਤ ਪਹੁੰਚਾਈ। ਹੜ ਪੀੜਤਾਂ ਲਈ ਸਭ ਤੋਂ ਮੋਹਰੀ ਬਣ ਕੇ ਰਾਹਤ ਸੇਵਾਵਾਂ ਕੀਤੀਆਂ। ਗਰੀਬ ਕਿਸਾਨਾਂ ਦੀਆਂ ਜਮੀਨਾਂ ਸਵਾਰੀਆਂ ਅਤੇ ਫਸਲ ਬੀਜ ਕੇ ਦਿੱਤੀ। ਅੱਜ ਅਸੀਂ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਅਤੇ ਸਮੂਹ ਸੰਗਤਾਂ ਵੱਲੋਂ ਬਾਬਾ ਜੀ ਦਾ ਸਨਮਾਨ ਕਰਦੇ ਹਾਂ।" ਇਹਨਾਂ ਮੌਕਿਆਂ ਸਮੇਂ ਗਲੇਨਵੁੱਡ ਗੁਰਦੁਆਰਾ ਸਾਹਿਬ ਤੋਂ ਭਾਈ ਰਵਿੰਦਰਪਾਲ ਸਿੰਘ (ਹੈਡ ਗ੍ਰੰਥੀ), ਮਹਿੰਗਾ ਸਿੰਘ ਖੱਖ (ਸੈਕ੍ਰੇਟਰੀ), ਪ੍ਰਿਤਪਾਲ ਸਿੰਘ ਮੈਨੇਜਰ, ਬਲੈਕਟਾਊਨ ਗੁਰਦੁਆਰਾ ਸਾਹਿਬ ਤੋਂ ਜਸਬੀਰ ਸਿੰਘ ( ਪ੍ਰਧਾਨ ), ਤਰਨਜੀਤ ਸਿੰਘ (ਸੈਕ੍ਰੇਟਰੀ) ਅਤੇ ਹੋਰ ਬੇਅੰਤ ਸੰਗਤ ਹਾਜ਼ਰ ਸੀ।

## ਕਾਂਗਰਸ ਐਸ ਸੀ ਸੈੱਲ ਵਿੱਚ ਅੰਗਰੇਜ ਸਿੰਘ ਆਸਲ, ਬਲਾਕ ਪੱਟੀ ਦਾ ਚੇਅਰਮੈਨ ਅਤੇ ਨਿਸ਼ਾਨ ਸਿੰਘ ਜੌੜਾ, ਬਲਾਕ ਨੌਸ਼ਹਿਰਾ ਪੰਨੂੰਆ ਦੇ ਚੇਅਰਮੈਨ ਨਿਯੁਕਤ

### ਸਾਬਕਾ ਵਿਧਾਇਕ ਹਰਮਿੰਦਰ ਸਿੰਘ ਗਿੱਲ ਨੇ ਦਿੱਤੇ ਨਿਯੁਕਤੀ ਪੱਤਰ

ਪੱਟੀ, 9 ਜੂਨ (ਆਵਾਜ਼ਿ ਕੌਮ ਬਿਊਰੋ)-ਕਾਂਗਰਸ ਪਾਰਟੀ ਦੀ ਮਜ਼ਬੂਤੀ ਲਈ ਦਿਨ ਰਾਤ ਇੱਕ ਕਰ ਦਿਓ, ਅਤੇ ਐਸ ਸੀ ਭਾਈਚਾਰੇ ਦੀਆਂ ਮੁਸ਼ਿਕਲਾਂ ਨੂੰ ਹੱਲ ਕਰਵਾਉਣ ਲਈ ਉਨਾਂ ਦੀ ਆਵਾਜ਼ ਬੁਲੰਦ ਕਰੋ। ਮੇਰੀਆਂ ਢੇਰ ਸਾਰੀਆਂ ਸ਼ੁਭਕਾਮਨਾਵਾ ਤੁਹਾਡੇ ਨਾਲ ਹਨ। ਇਹ ਸ਼ਬਦ ਪੱਟੀ ਹਲਕੇ ਦੇ ਸਾਬਕਾ ਵਿਧਾਇਕ ਅਤੇ ਸਾਬਕਾ ਜ਼ਿਲ੍ਹਾ ਪ੍ਰਧਾਨ ਕਾਂਗਰਸ ਪਾਰਟੀ ਤਰਨ ਤਾਰਨ ਹਰਮਿੰਦਰ ਸਿੰਘ ਗਿੱਲ ਨੇ ਕਾਂਗਰਸ ਐਸ ਸੀ ਸੈੱਲ ਜ਼ਿਲਾ ਤਰਨ ਤਾਰਨ ਵਿੱਚ ਅੰਗਰੇਜ ਸਿੰਘ ਆਸਲ ਨੂੰ ਕਾਂਗਰਸ ਐਸ ਸੀ ਸੈੱਲ ਬਲਾਕ ਪੱਟੀ ਦਾ ਚੇਅਰਮੈਨ ਅਤੇ ਨਿਸ਼ਾਨ ਸਿੰਘ ਜੌੜਾ ਨੂੰ ਕਾਂਗਰਸ ਐਸ ਸੀ ਸੈੱਲ ਬਲਾਕ ਨੌਸ਼ਹਿਰਾ ਪੰਨੂੰਆ ਦੇ ਚੇਅਰਮੈਨ ਬਨਣ 'ਤੇ ਨਿਯੁਕਤੀ ਪੱਤਰ ਦੇਣ ਸਮੇ ਕਹੇ। ਇਸ ਮੌਕੇ ਐਸ ਸੀ ਸੈੱਲ ਤਰਨ ਤਾਰਨ ਜਿਲਾ ਪ੍ਰਧਾਨ ਸਾਬਕਾ ਸਰਪੰਚ ਹਰਚੰਦ ਸਿੰਘ ਨਦੋਹਰ ਵੀ ਮੌਜੂਦ ਸਨ। ਇਸ ਸਮੇਂ ਸਾਬਕਾ ਵਿਧਾਇਕ ਗਿੱਲ ਨੇ ਕਿਹਾ ਕਿ ਕਾਂਗਰਸ ਪਾਰਟੀ ਹੀ ਅਜਿਹੀ ਪਾਰਟੀ ਹੈ ਜੋ ਆਪਣੇ ਵਰਕਰ ਦਾ ਸਮੇਂ ਸਮੇਂ ਤੇ ਬਣਦਾ ਮਾਣ ਸਤਿਕਾਰ ਕਰਦੀ ਹੈ। ਇਸ ਮੌਕੇ ਸਾਬਕਾ ਵਿਧਾਇਕ ਗਿੱਲ ਨੇ ਕਿਹਾ ਕਿ ਕਾਂਗਰਸ ਪਾਰਟੀ ਹੀ ਇੱਕ ਅਜਿਹੀ ਪਾਰਟੀ ਹੈ ਜਿਸਨੇ ਪੰਜਾਬ ਦਾ ਪਾਰਟੀਬਾਜੀ ਤੋਂ ਉੱਪਰ ਉੱਠ ਕੇ ਸਰਬ ਪੱਖੀ ਵਿਕਾਸ ਕਰਵਾਇਆ ਸੀ। ਹੁਣ ਪੰਜਾਬ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਲੋਕਾਂ ਨਾਲ ਸਿਰਫ ਜੁਮਲੇਬਾਜ਼ੀ ਨਾਲ ਹੀ ਸਾਰਿਆ ਹੈ। ਇੱਥੇ ਵਿਕਾਸ ਦੇ ਨਾਮ 'ਤੇ ਕੋਈ ਕੰਮ ਨਹੀਂ ਹੋਇਆ। ਇਸ ਦੀ ਮਿਸਾਲ ਪੱਟੀ ਹਲਕਾ ਹੈ ਜਿੱਥੇ ਸਵਾ ਚਾਰ ਸਾਲ ਬੀਤ ਜਾਣ ਦੇ ਬਾਅਦ ਵੀ ਕੋਈ ਵਿਕਾਸ ਕਾਰਜ ਨਹੀਂ ਕਰਵਾਏ ਜਾ ਸਕੇ।

## ਬਾਬਾ ਜੱਖ ਸਾਹਿਬ ਦੇ ਸਾਲਾਨਾ ਜੋੜ ਮੇਲੇ ਵਿੱਚ ਹੋਏ ਸ਼ਾਮਲ, ਵਿਕਾਸ ਕਾਰਜਾਂ ਅਤੇ ਸੜਕ ਪ੍ਰੋਜੈਕਟਾਂ ਬਾਰੇ ਦਿੱਤੀ ਜਾਣਕਾਰੀ

# 13.5 ਕਰੋੜ ਰਪਏ ਦੇ ਵਿਕਾਸ ਕਾਰਜਾਂ ਨਾਲ ਬਾਹੋਵਾਲ ਦੀ ਬਦਲੀ ਨੁਹਾਰ : ਵਿਧਾਇਕ ਡਾ. ਈਸ਼ਾਂਕ ਕੁਮਾਰ



ਹੁਸ਼ਿਆਰਪੁਰ, 9 ਜੂਨ (ਆਵਾਜ਼ਿ ਕੌਮ ਬਿਊਰੋ)-ਬਾਹੋਵਾਲ ਸਥਿਤ ਬਾਬਾ ਜੱਖ ਸਾਹਿਬ ਦੇ ਸਾਲਾਨਾ ਜੋੜ ਮੇਲੇ ਵਿੱਚ ਵੱਡੀ ਗਿਣਤੀ ਵਿੱਚ ਸੰਗਤ ਨੇ ਸ਼ਿਰਕਤ ਕੀਤੀ। ਇਸ ਵਿਸ਼ਾਲ ਧਾਰਮਿਕ ਸਮਾਗਮ ਵਿੱਚ ਚੱਬੇਵਾਲ ਦੇ ਵਿਧਾਇਕ ਡਾ. ਈਸ਼ਾਂਕ ਕੁਮਾਰ ਵੀ ਸ਼ਾਮਲ ਹੋਏ ਅਤੇ ਪਵਿੱਤਰ ਅਸਥਾਨ 'ਤੇ ਮੱਥਾ ਟੇਕ ਕੇ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਉਨ੍ਹਾਂ ਨੇ ਸੰਗਤ ਅਤੇ ਸਥਾਨਕ ਨਿਵਾਸੀਆਂ ਨੂੰ ਸੰਬੋਧਨ ਕਰਦਿਆਂ ਸਾਰਿਆਂ ਨੂੰ ਇਸ ਆਧਿਆਤਮਿਕ ਉਤਸਵ ਦੀਆਂ ਵਧਾਈਆਂ ਦਿੱਤੀਆਂ। ਉਨ੍ਹਾਂ ਜਾਣਕਾਰੀ ਦਿੱਤੀ ਕਿ ਬਾਹੋਵਾਲ ਪਿੰਡ ਵਿੱਚ 13.5 ਕਰੋੜ ਤੋਂ ਵੱਧ ਦੇ ਵਿਕਾਸ ਕਾਰਜ ਪੂਰੇ ਹੋ ਚੁੱਕੇ ਹਨ ਜਾਂ ਪ੍ਰਗਤੀ ਅਧੀਨ ਹਨ, ਜਿਸ ਨਾਲ ਪਿੰਡ ਦੇ ਵਿਕਾਸ ਨੂੰ ਨਵੀਆਂ ਉੱਚਾਈਆਂ ਮਿਲੀਆਂ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਪ੍ਰੋਜੈਕਟਾਂ ਵਿੱਚ ਬਾਹੋਵਾਲ ਤੋਂ ਬਾਬਾ ਜੱਖ ਸਾਹਿਬ ਤੱਕ ਸੜਕ ਦੇ ਨਿਰਮਾਣ ਅਤੇ ਅਪਗ੍ਰੇਡੇਸ਼ਨ ਦਾ ਕੰਮ ਵੀ ਸ਼ਾਮਲ ਹੈ, ਜਿਸ 'ਤੇ 1.57 ਕਰੋੜ ਦੀ ਲਾਗਤ ਆ ਰਹੀ ਹੈ। ਉਨ੍ਹਾਂ ਕਿਹਾ ਕਿ ਇਹ ਸੜਕ ਨਾ ਸਿਰਫ਼ ਸਥਾਨਕ ਨਿਵਾਸੀਆਂ ਅਤੇ ਕਿਸਾਨਾਂ ਲਈ ਲਾਭਦਾਇਕ ਸਾਬਤ ਹੋਵੇਗੀ, ਸਗੋਂ ਬਾਬਾ ਜਾਖੂ ਸਾਹਿਬ ਆਉਣ ਵਾਲੀ ਸੰਗਤ ਲਈ ਵੀ ਆਵਾਜਾਈ ਨੂੰ ਸੁਗਮ ਬਣਾਏਗੀ। ਡਾ. ਈਸ਼ਾਂਕ ਕੁਮਾਰ ਨੇ ਅੱਗੇ ਦੱਸਿਆ ਕਿ ਇਸ ਪ੍ਰੋਜੈਕਟ ਤੋਂ ਇਲਾਵਾ ਖੇਤਰ ਵਿੱਚ ਸੰਪਰਕ ਪ੍ਰਣਾਲੀ ਨੂੰ ਹੋਰ ਮਜ਼ਬੂਤ ਕਰਨ ਲਈ ਲਗਭਗ 9.32 ਕਰੋੜ ਦੀਆਂ ਹੋਰ ਸੜਕ ਪ੍ਰੋਜੈਕਟਾਂ 'ਤੇ ਵੀ ਕੰਮ ਜਾਰੀ ਹੈ। ਇਨ੍ਹਾਂ ਵਿੱਚ ਹੁਸ਼ਿਆਰਪੁਰ-ਮਾਹਿਲਪੁਰ ਰੋਡ ਤੋਂ ਬਾਹੋਵਾਲ-ਭਾਮ ਸੜਕ ਵਾਇਆ ਬਾੜੀਆਂ ਕਲਾਂ-ਮੱਖਣਗੜ੍ਹ ਦੀ 10.50 ਕਿਲੋਮੀਟਰ ਲੰਬੀ ਸੜਕ ਦਾ ਅਪਗ੍ਰੇਡੇਸ਼ਨ 8.03 ਕਰੋੜ ਦੀ ਲਾਗਤ ਨਾਲ ਕੀਤਾ ਜਾ ਰਿਹਾ ਹੈ। ਇਸ ਤੋਂ ਇਲਾਵਾ ਬਾਹੋਵਾਲ ਤੋਂ ਖੇਤੀਬਾੜੀ ਭਵਨ ਬਾੜੀਆਂ ਤੱਕ ਦੀ ਸੜਕ ਦੇ ਸੁਧਾਰ 'ਤੇ 1.28 ਕਰੋੜ ਖਰਚ ਕੀਤੇ ਜਾ ਰਹੇ ਹਨ। ਵਿਧਾਇਕ ਨੇ ਦੱਸਿਆ ਕਿ ਸੜਕ ਪ੍ਰੋਜੈਕਟਾਂ ਦੇ ਨਾਲ-ਨਾਲ ਬਾਹੋਵਾਲ ਪੰਚਾਇਤ ਦੀ ਮੰਗ 'ਤੇ ਕਈ ਮਹੱਤਵਪੂਰਨ ਵਿਕਾਸ ਕਾਰਜ ਪਹਿਲਾਂ ਹੀ ਮੁਕੰਮਲ ਕੀਤੇ ਜਾ ਚੁੱਕੇ ਹਨ। ਇਨ੍ਹਾਂ ਵਿੱਚ ?2.45 ਕਰੋੜ ਦੀ ਲਾਗਤ ਨਾਲ ਸਿੰਚਾਈ ਟਿਊਬਵੈੱਲ ਦੀ ਮੁਰੰਮਤ, ?5 ਲੱਖ ਦੀ ਲਾਗਤ ਨਾਲ ਗਲੀਆਂ ਅਤੇ ਨਾਲੀਆਂ ਦਾ ਨਿਰਮਾਣ ਤੇ ਸੁਧਾਰ, ?5 ਲੱਖ ਨਾਲ ਖੇਡ ਮੈਦਾਨ ਦਾ ਵਿਕਾਸ, ?5 ਲੱਖ ਨਾਲ ਸੀਵਰੇਜ ਅਤੇ ਗੰਦੇ ਪਾਣੀ ਦੀ ਨਿਕਾਸੀ ਸਬੰਧੀ ਕੰਮ ਅਤੇ ਹੜ੍ਹਾਂ ਕਾਰਨ ਹੋਏ ਨੁਕਸਾਨ ਲਈ ?2 ਲੱਖ ਦੀ ਵਿਸ਼ੇਸ਼ ਗ੍ਰਾਂਟ ਸ਼ਾਮਲ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਕਾਰਜਾਂ ਨਾਲ ਪਿੰਡ ਵਿੱਚ ਬੁਨਿਆਦੀ ਸਹੂਲਤਾਂ ਵਿੱਚ ਵੱਡਾ ਸੁਧਾਰ ਆਇਆ ਹੈ ਅਤੇ ਲੋਕਾਂ ਦੀਆਂ ਲੰਬੇ ਸਮੇਂ ਤੋਂ ਚਲੀਆਂ ਆ ਰਹੀਆਂ ਮੰਗਾਂ ਪੂਰੀਆਂ ਹੋਈਆਂ ਹਨ। ਹਾਜ਼ਰੀਨਾਂ ਨੂੰ ਸੰਬੋਧਨ ਕਰਦਿਆਂ ਡਾ. ਈਸ਼ਾਂਕ ਕੁਮਾਰ ਨੇ ਕਿਹਾ ਕਿ ਬਿਹਤਰ ਸੜਕਾਂ, ਸਿੰਚਾਈ ਸਹੂਲਤਾਂ, ਸਫ਼ਾਈ ਢਾਂਚਾ ਅਤੇ ਖੇਡ ਸਹੂਲਤਾਂ ਚੱਬੇਵਾਲ ਵਿਧਾਨ ਸਭਾ ਹਲਕੇ ਦੇ ਲੋਕਾਂ ਦੇ ਜੀਵਨ ਪੱਧਰ ਨੂੰ ਬਿਹਤਰ ਬਣਾ ਰਹੀਆਂ ਹਨ। ਬਾਹੋਵਾਲ ਦੇ ਸਰਪੰਚ ਹਰਦੀਪ ਸਿੰਘ ਨੇ ਡਾ. ਈਸ਼ਾਂਕ ਕੁਮਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਬਾਹੋਵਾਲ ਅਤੇ ਆਸ-ਪਾਸ ਦੇ ਪਿੰਡਾਂ ਦੇ ਲੋਕ ਉਨ੍ਹਾਂ ਦੀ ਵਿਕਾਸਮੁਖੀ ਸੋਚ ਦੀ ਸ਼ਲਾਘਾ ਕਰ ਰਹੇ ਹਨ। ਉਨ੍ਹਾਂ ਵਿਸ਼ਵਾਸ ਜਤਾਇਆ ਕਿ ਚੱਲ ਰਹੇ ਸੜਕ ਪ੍ਰੋਜੈਕਟ ਖੇਤਰ ਦੀ ਸੰਪਰਕ ਪ੍ਰਣਾਲੀ ਨੂੰ ਹੋਰ ਮਜ਼ਬੂਤ ਕਰਨਗੇ ਅਤੇ ਸਮੁੱਚੇ ਵਿਕਾਸ ਨੂੰ ਨਵੀਂ ਦਿਸ਼ਾ ਦੇਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243